ALL STAR DRIVING SCHOOL
$10.00 ਪੰਜਾਬੀ ਗਾਈਡ ਇਥੇ ਮਿਲਦੀ ਹੈ
ਬੀਬੀਆਂ ਅਤੇ ਭੈਣਾਂ ਲਈ ਲੇਡੀ ਇੰਸਟਰਕਟਰ
KNOWLEDGE & DRIVING TESTS DONE HERE
24620 MILITARY RD S, KENT, WA 98032
Ph: 253-852-1996
WA STATE APPROVED SINCE 2004 www.allstardrivingschool.info

KALER TAX AND ACCOUNT LLC
Harjinder S. Kaler 206.551.6666
Personal And Business Tax Filling, 1099, W2 Immigration, Passport, Visa And Petition, Business Start, Obama Health Care Broker And All Other Applications Services
10618 SE 240 ST, SUITE 204, KENT, WA 98031 kalertax@gmail.com

ACCURATE ACCOUNTS AND TAXES
Contact For Business Accounting
Payroll
Tax Filling
Book Keeping
Other Paper Work
Immigration Consultancy
New Business Setup Services
MOHINDER S. SOHAL
Cell: 206-841-1431
Buss: 253-520-8886
Email:mssohal@yahoo.com

ਕਨੇਡਾ ਅਤੇ ਅਮਰੀਕਾ ਵਿਚ ਸਭ ਤੋਂ ਵੱਧ ਪੜਿਆ ਜਾਣ ਵਾਲਾ ਹਰਮਨ ਪਿਆਰਾ ਪੰਜਾਬੀ ਹਫਤਾਵਾਰੀ ਅਖ਼ਬਾਰ

# ਪੰਜਾਬ ਗਾਰਡੀਅਨ
# PUNJAB GUARDIAN

ਆਓ ਪੰਜਾਬੀ ਮਾਂ ਬੋਲੀ ਦਾ ਮਾਣ ਵਧਾਈਏ

B.C Greater Vancouver, Fraser Valley, Victoria,Nanaimo Prince George, Kamloops, Kelowna, Oliver, Squamish
ALBERTA Edmonton Calgary
USA Greater Seattle, Everett, Marysville Portland, Bellingham, Belivue, Lyndon, Lynwood
sales@punjabguardian.com
www.punjabguardian.com
Tel: 604-590-5200 Fax:604-596-5700 Toll Free: 1-877-584-5200 Vol. 32, Issue No. 50, Ending Date:Dec 12, 2025

LOAN FACTORY
COMMERCIAL AND RESIDENTIAL LOANS
30Yr Fixed/Arm
SBA Loans
Bank Statement
Profit and Loss only
Construction Loans
Line of Credit
Jasdeep Singh
Cell: 253-223-3717

## ਕੈਨੇਡਾ-ਭਾਰਤ ਸਬੰਧਾਂ ਨੂੰ ਲੱਗਾ ਮੁੜ ਗ੍ਰਹਿਣ, ਪੁਲਸ ਵੱਲੋਂ ਗੋਸਲ ਨੂੰ ਮਿਲੀ ਵਿਟਨੈੱਸ ਪ੍ਰੋਟੈਕਸ਼ਨ

# ਸਿੱਖਸ ਫ਼ਾਰ ਜਸਟਿਸ ਵੱਲੋਂ ਕੈਨੇਡਾ ਦੇ ਰੈਫਰੈਂਡਮ ਆਰਗੇਨਾਈਜ਼ਰ ਇੰਦਰਜੀਤ ਸਿੰਘ ਗੋਸਲ ਦੀ ਹੱਤਿਆ ਦੀ ਯੋਜਨਾ ਲਈ ਭਾਰਤ ਉੱਤੇ ਲਗਾਏ ਗਏ ਗੰਭੀਰ ਇਲਜ਼ਾਮ

ਓਟਾਵਾ/ਟੋਰਾਂਟੋ (ਸਰਬਜੀਤ ਸਿੰਘ ਬਨੂੜ):ਸਿੱਖਸ ਫ਼ਾਰ ਜਸਟਿਸ ਵੱਲੋਂ ਕੈਨੇਡਾ ਦੇ ਰੈਫਰੈਂਡਮ ਆਰਗੇਨਾਈਜ਼ਰ ਇੰਦਰਜੀਤ ਸਿੰਘ ਗੋਸਲ ਦੀ ਹੱਤਿਆ ਦੀ ਯੋਜਨਾ ਲਈ ਭਾਰਤ ਉੱਤੇ ਲਗਾਏ ਗਏ ਗੰਭੀਰ ਇਲਜ਼ਾਮਾਂ ਤੋਂ ਬਾਅਦ ਕੈਨੇਡਾ-ਭਾਰਤ ਸੰਬੰਧਾਂ 'ਤੇ ਮੁੜ ਤੋਂ ਗ੍ਰਹਿਣ ਪੈਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ।

ਸਿੱਖਸ ਫ਼ਾਰ ਜਸਟਿਸ ਨੇ ਦਾਅਵਾ ਕੀਤਾ ਹੈ ਕਿ ਓਟਾਵਾ ਸਥਿਤ ਭਾਰਤੀ ਹਾਈ ਕਮਿਸ਼ਨ ਦੇ ਇੱਕ ਰਾਜਨਾਇਕ ਨੇ ਗੋਸਲ ਦੀ ਹੱਤਿਆ ਲਈ ਕਿਰਾਏ ਦੇ ਕਾਤਲ ਨੂੰ $50,000 ਕੈਸ਼ ਦੀ ਪੇਸ਼ਕਸ਼ ਕੀਤੀ। ਇਸ ਖ਼ੁਲਾਸੇ ਤੋਂ ਬਾਅਦ ਕੈਨੇਡੀਅਨ ਰਾਸ਼ਟਰੀ ਪੁਲਸ ਨੇ ਗੋਸਲ ਨੂੰ ਵਿਟਨੈੱਸ ਪ੍ਰੋਟੈਕਸ਼ਨ ਪ੍ਰੋਗਰਾਮ ਦੇ ਤਹਿਤ ਸੁਰੱਖਿਆ ਮੁਹੱਈਆ ਕਰਵਾ ਦਿੱਤੀ ਹੈ।



ਸਿੱਖਸ ਫ਼ਾਰ ਜਸਟਿਸ ਮੁਤਾਬਕ ਇਹ ਸਾਜ਼ਿਸ਼ ਹਰਦੀਪ ਸਿੰਘ ਨਿੱਝਰ ਦੀ 2023 ਵਿੱਚ ਹੋਈ ਹੱਤਿਆ ਨਾਲ ਮਿਲਦਾ-ਜੁਲਦਾ ਪੈਟਰਨ ਦੁਹਰਾਉਂਦੀ ਹੈ, ਜਿਸ ਬਾਰੇ ਕੈਨੇਡੀਅਨ ਇੰਟੈਲੀਜੈਂਸ ਪਹਿਲਾਂ ਹੀ ਚਿਤਾਵਨੀ ਦੇ ਚੁੱਕੀ ਸੀ। ਸਿੱਖਸ ਫ਼ਾਰ ਜਸਟਿਸ ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂੰ ਨੇ ਖ਼ੁਲਾਸਾ ਕੀਤਾ ਕਿ ਕੈਨੇਡੀਅਨ ਸੁਰੱਖਿਆ ਏਜੰਸੀਆਂ ਸਮੇਤ ਰਾਸ਼ਟਰੀ ਪੁਲਸ ਗੋਸਲ ਵਿਰੁੱਧ ਚੱਲ ਰਹੀ ਇਸ 'ਕਿਰਾਏ 'ਤੇ ਕਤਲ' ਸਾਜ਼ਿਸ਼ ਬਾਰੇ ਕੇਂਦਰੀ ਸਰਕਾਰ ਨੂੰ ਜਾਣਕਾਰੀ ਦੇ ਚੁੱਕੀਆਂ ਸਨ। ਇਹ ਜਾਣਕਾਰੀ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੇ ਦਫ਼ਤਰ, ਵਿਦੇਸ਼ ਮੰਤਰੀ ਅਨੀਤਾ ਆਨੰਦ ਅਤੇ ਜਨ ਸੁਰੱਖਿਆ (ਬਾਕੀ ਸਫਾ ਏ-22ਤੇ)

# ਗੁਰਦੁਆਰਾ ਨਿਊਵੈਸਟ ਵਿਖੇ ਸਾਲਾਨਾ ਸ਼ਹੀਦੀ ਸਮਾਗਮ 12-13-14 ਦਸੰਬਰ ਨੂੰ

ਸਿੱਖ ਕੌਮ ਦੀਆਂ ਗੁਲਾਮੀ ਦੀਆ ਜ਼ੰਜੀਰਾਂ ਅਤੇ ਬ੍ਰਾਹਮਣਵਾਦੀ ਨਿਜ਼ਾਮ ਤੋਂ ਸਿੱਖ ਕੌਮ ਨੂੰ ਅਜ਼ਾਦੀ ਦਿਵਾਉਣ ਲਈ ਆਪਣੀਆਂ ਕੀਮਤੀ ਜਾਨਾਂ ਵਾਰ ਦੇਣ ਵਾਲੇ ਸੂਰਮਿਆਂ ਦੀ ਯਾਦ ਵਿਚ ਗੁਰਦੁਆਰਾ ਸੁਖ ਸਾਗਰ ਖਾਲਸਾ ਦੀਵਾਨ ਸੁਸਾਇਟੀ ਨਿਊਵੈਸਟ ਵਿਖੇ ਸ਼ਹੀਦੀ ਸਮਾਗਮ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਸੂਰਮਿਆਂ ਨੂੰ ਸ਼ਰਧਾਂਜਲੀ ਅਰਪਣ ਕਰਨ ਲਈ ਸਮੂੰਹ ਪੰਥਕ ਹਿਤੈਸ਼ੀਆਂ ਨੂੰ ਗੁਰੂ ਘਰ ਹੁੰਮਾ ਹੁਮਾਂ ਕੇ ਪਹੁੰਚਣ ਦੀ ਅਪੀਲ ਕੀਤੀ ਜਾਂਦੀ ਹੈ। 14 ਦਸੰਬਰ ਦਿਨ ਐਤਵਾਰ ਨੂੰ ਲਵਸ਼ਿੰਦਰ ਸਿੰਘ ਡੱਲੇਵਾਲ ਦੀ ਕਿਤਾਬ 'ਸੰਘਰਸ਼ ਦਾ ਦੌਰ' ਰਿਲੀਜ਼ ਕੀਤੀ ਜਾਵੇਗੀ। ਡਾ. ਅਮਰਜੀਤ ਸਿੰਘ ਵਾਸ਼ਿੰਗਟਨ ਡੀ ਸੀ ਤੋਂ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਹਨ। (ਵਧੇਰੇ ਜਾਣਕਾਰੀ ਲਈ ਇਸ਼ਤਿਹਾਰ ਸਫਾ ਏ-35 ਤੇ ਦੇਖੋ)

Real Estate in Seattle Area
ਸਿਆਟਲ ਏਰੀਏ 'ਚ ਘਰ ਅਤੇ ਬਿਜ਼ਨਸ ਲੈਣ ਲਈ ਅੱਜ ਹੀ ਸੰਪਰਕ ਕਰੋ
Residential & Commercial
• Multifamily Units & Apartments
• Notary Service
For Honest, Friendly & Best Service, Call
Sarbjit Singh Saab
Realtor (MLS, CBA)
Ph: 206.255.0101
ਅਸੀਂ ਵਧੀਆ Interest Rate ਅਤੇ ਘੱਟ ਤੋਂ ਘੱਟ Closing Cost ਦੀ ਗਾਰੰਟੀ ਦਿੰਦੇ ਹਾਂ।

BARRETT FINANCIAL GROUP
ਤੁਸੀਂ ਘਰ ਖਰੀਦ, ਵੇਚ, ਰੀਫਾਇਨੈਂਸ ਜਾਂ ਆਪਣੇ ਸੁਪਨਿਆਂ ਦਾ ਨਵਾਂ ਘਰ ਬਣਾ ਰਹੇ ਹੋ ਤਾਂ ਅਸੀਂ ਲੋਨ ਜਾਂ ਮੌਰਗੇਜ ਲੈਣ ਲਈ ਭਰੋਸੇਯੋਗ ਸੇਵਾਵਾਂ ਦਿੰਦੇ ਹਾਂ
BARRETT FINANCIAL GROUP NMLS #18110
Cell:206-391-2630
Email:hgrover@barrettfinancial.com
Web:www.barrettfinancial.com/hgrover
2701 East Insight Way, Suite 150, Chandler, AZ 85286
Harmandeep Grover Mortgage Loan Originator NMLS #2081225

ਸਿਆਟਲ ਨਿਵਾਸੀਆਂ ਦਾ ਜਾਣਿਆਂ ਪਹਿਚਾਣਿਆਂ ਤੇ ਭਰੋਸੇਮੰਦ
USA TRAVEL
24 Hr Emergency Call 206-992-2724
23609 104th Ave SE #103, Kent
Ph: 253-867-0450, 253-867-0451
1729 208th St Suite #202, Bothell
Ph: 425-420-1888 , 425-420-1889

Over 30 Years of Industry Experience
MULTANI LAW GROUP
ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ
Gerald F. Robison Senior Attorney
Jashan Multani 206-243-4219
Jashan Multani Associate Partner
Services we provide: / ਅਸੀਂ ਇਹ ਸੇਵਾਵਾਂ ਪ੍ਰਦਾਨ ਕਰਦੇ ਹਾਂ
-Immigration/Political Asylum U-Visa, Vawa / -ਇੰਮੀਗਰੇਸ਼ਨ/ਪੁਲਿਟੀਕਲ ਅਸਾਈਲਮ, ਯੂ-ਵੀਜਾ, ਵਾਅਵਾ
-SIJ Guardianship Cases / -SIJ ਗਾਰਡੀਅਨਸ਼ਿਪ ਕੇਸ
- Personal Injury/Car Accidents / -ਕਾਰ ਐਕਸੀਡੈਂਟ/ਪ੍ਰਸਨਲ ਇੰਨਜਰੀ
- Evictions / -ਕਿਰਾਏਦਾਰ ਕੱਢਣਾ
Website:multanilawgroup.com
Email:Jashan@multanilawgroup.com
Add: 512 West Meeker St, Kent, WA 98032

ਸਿਆਟਲ ਵਿਚ ਲਿਨਵੁਡ, ਐਵਰਟ, ਕੈਂਟ, ਮੈਰੀਸਵੈਲ, ਬੈਲੇਵਿਊ, ਰੈਡਮੰਡ, ਰੈਂਟਨ, ਪਿਆਲਪ ਦੇ ਇਲਾਕੇ ਵਿੱਚ ਰੀਅਲ ਅਸਟੇਟ ਦੀਆਂ ਸੇਵਾਵਾਂ ਪ੍ਰਦਾਨ ਕਰਦੇ ਹਾਂ।
JASMEEN KAUR
C: 425-299-2284
Bus: 425-602-4150
jasmeenkaur@cbbain.com
COLDWELL BANKER BAIN
8525 -120TH Ave. NE, #100,Kirkland, WA 98033

John L. Scott REAL ESTATE
Kamaljit Singh
Real Estate Broker
* Residential * Commercial
* Bank Owned / Foreclosed
* Short Sale / Pre-Foreclosure
206-802-5699
ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ/ਕਮਰਸ਼ੀਅਲ ਪ੍ਰਾਪਰਟੀ ਖਰੀਦਣ ਅਤੇ ਵੇਚਣ ਲਈ ਫੋਨ ਕਰੋ
Email:ksingh@johnlscott.com www.ksingh.johnlscott.com
Kent North Office:20829-72nd Ave S, Ste800 Kent, WA 98032

ਖ਼ੁਸ਼ਖ਼ਬਰੀ! ਖ਼ੁਸ਼ਖ਼ਬਰੀ! ਖ਼ੁਸ਼ਖ਼ਬਰੀ!
ਅੱਜ ਹੀ ਇਕ ਵਾਰ ਫੋਨ ਕਰੋ ਤੇ ਸਾਰੀ ਜਾਣਕਾਰੀ ਲਓ
ਤੁਹਾਡਾ ਘਰ ਲੈਣ ਦਾ ਜਾਂ ਬਿਜਨੈੱਸ ਲੈਣ ਦਾ ਸੁਪਨਾ ਅਸੀਂ ਪੂਰਾ ਕਰਾਂਗੇ
ਘਰ ਖਰੀਦਣ ਜਾਂ ਵੇਚਣ ਲਈ ਸੰਪਰਕ ਕਰੋ :
Berkshire Hathaway HOME SERVICES
Cell:206-446-9366
Office:253-854-9400
Northwest Real Estate
25230 104th Ave. S.E. Kent, WA 98030
eFax : 253-480-3448
Gagan@BHHSNWRE.com
GaganDeep.BGGSNWRE.com
ਗਗਨ ਚੌਹਾਨ

REAL ESTATE
ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸੰਪਰਕ ਕਰੋ।
For Residential/Commercial
• Short Sale • Foreclosed • Bank owned
• Hotels/Motels • Gas Stations • Vacant Lands
Sakater Singh Sandhu
MCNE, CBA, MLS
Master Certified Negotiation Expert
Cell: 206-766-0551
KELLER WILLIAMS REALTY
Email: sakatersingh@yahoo.com

WEST CAPITAL LENDING
YOUR PREFFERRED LOCAL LENDER
• ਪੰਜਾਬੀ ਕਮਿਊਨਿਟੀ ਲਈ ਬੇਹਤਰ ਸੇਵਾਵਾਂ
• ਪਹਿਲੀ ਵਾਰ ਘਰ ਖਰੀਦਣ ਵਾਲਿਆਂ ਲਈ ਮੱਦਦ
• ਗੈਸ ਸਟੇਸ਼ਨ, ਹੋਟਲ, ਮੋਟਲ, ਰੈਸਟੋਰੈਂਟਾ ਤੇ ਹੋਰ ਛੋਟੇ ਬਿਜ਼ਨਸਾਂ ਲਈ ਵੀ ਅਸੀਂ ਮੌਰਗੇਜ ਦਾ ਪ੍ਰਬੰਧ ਕਰਦੇ ਹਾਂ
Call/text (425) 239-4517
westcapitallending.com
24 Executive Park, Ste 250 Irvine, CA 92614

FOREVER ROOFING
Licensed,Bonded & Insured
(FOREVRH874MJ)
PAWANDEEP JOSAN
Marketing Manager
Free Estimate
2062613683
Check us on
Forever Roofing
Web:Foreverroofing.net
Email:info@foreverroofing.net

HUMBLE SANDHU SERVICES
"We help you help yourself"
*Immigration *Tax *Notary
Services We Provide
•Business & Personal Tax / ਬਿਜਨਸ ਅਤੇ ਪਰਸਨਲ ਟੈਕਸ, ਹੈਲਥ ਪਲੈਨਜ਼,
•Indian Visa & OCI Applications / ਇੰਮੀਗਰੇਸ਼ਨ ਫਾਰਮ ਭਰਨ ਵਿਚ ਮੱਦਦ,
•Health Plans / ਇੰਡੀਅਨ ਵੀਜ਼ਾ & ਓਸੀਆਈ ਵਿਚ ਮੱਦਦ
Kent:253-338-9487
Puyallup:253-407-4723
Bellingham:360-440-5606
Email: myhumble@yahoo.com
25748-101st Ave, SE Kent WA 98030

LIFE INSURANCE | RETIREMENT PLANNING
Ø Life Insurance
Ø 529 College Saving Plan*
Ø IRA/401K Planning*
Ø Mortgage Protection
Ø Business Planning
Ø Estate Conservation
Ø Disability Insurance
Harpreet Parmar
Financial Services Professional
New York Life Insurance Company
15238 SE 272nd St Kent, WA 98042
Cell: 253-880-9968
www.harpreetparmar.com hparmar@ft.newyorklife.com

BALBIR SINGH NIJJAR
Senior Loan Originator
ਮੌਰਗੇਜ਼ ਦੇ ਵਧੀਆ ਰੇਟ ਅਤੇ ਇਮਾਨਦਾਰ ਸਰਵਿਸ
RESIDENTIAL or COMMERCIAL LOANS
206-650-3700
13401-NE Bel Red Road, Suite B4, Bellevue, WA 98005
Bsingh@wisemfg.com www.wizemtg.com

Real Estate Expert
Harjinder Singh
ਸਿਆਟਲ ਏਰੀਏ ਵਿੱਚ ਘਰ ਖਰੀਦਣ ਤੇ ਵੇਚਣ ਲਈ ਕਾਲ ਕਰੋ
(206) 643-7853
Residential & Commercial
Harjinder@TheLionEstates.com
www.TheLionEstates.com
Kent, Renton, Auburn, Covington, Seattle, Everett, Lynnwood, Marysville, Bellevue, Redmond, Kirkland
CENTURY 21 Real Estate Center


Reshmi's Group

INDIAN FOOD DISTRIBUTOR

IN STOCK NOW

# Henna & Mehendi


## ਹੇਨਾ ਅਤੇ ਮੇਹੰਦੀ




**Henna - Burgandy** 100gm
ਹੇਨਾ – ਬਰਗੰਡੀ 100 ਗ੍ਰਾਮ




**Henna - Red** 100gm
ਹੇਨਾ – ਲਾਲ 100 ਗ੍ਰਾਮ




**Henna - Black** 100gm
ਹੇਨਾ – ਕਾਲਾ 100 ਗ੍ਰਾਮ




**Henna - Brown** 100gm
ਹੇਨਾ – ਭੂਰਾ 100 ਗ੍ਰਾਮ




**Mehendi- Black** (12 pcs)
ਮੇਹੰਦੀ – ਕਾਲਾ (12 ਪੀਸ)




**Mehendi- Brown** (12 pcs)
ਮੇਹੰਦੀ – ਭੂਰਾ (12 ਪੀਸ)

*Enhance your beauty naturally with our premium Mehendi & Henna.*

**ਸਾਡੇ ਪ੍ਰੀਮੀਅਮ ਮੇਹੰਦੀ ਅਤੇ ਹੇਨਾ ਨਾਲ ਕੁਦਰਤੀ ਤਰੀਕੇ ਨਾਲ ਆਪਣੀ ਖ਼ੂਬਸੂਰਤੀ ਨੂੰ ਨਿਖਾਰੋ।**

**BUY NOW**

For Wholesale Order at :

1120 Andover Park E,Tukwila, WA 98188,T: (206) 575-0050,

E: sales@reshmisgroup.com.



HOLIDAY Sale
FINANCING AVAILABLE
NO CREDIT CHECK
90 DAYS NO-INTEREST
UNTIL DEC 24, 2025
All Diamond Jewelry on CLEARANCE
UP TO 60% OFF
Diamond Rings, Earrings, Necklaces, and much more
ਸਾਰੀ ਡਾਇਮੰਡ ਜਿਊਲਰੀ
ਤੇ ਕਲੀਅਰੈਂਸ ਲੱਗ ਚੁੱਕੀ ਹੈ
ਡਾਇਮੰਡ ਰਿੰਗਜ, ਈਅਰਰਿੰਗਜ,
ਨੈੱਕਲੇਸ ਅਤੇ ਹੋਰ ਬਹੁਤ ਕੁਝ
Diwali Raffle
Cash Giveaway
Join us as we select the
10 Lucky Winners of our
Don't miss this chance to see
if you're one of our big winners!
WEDNESDAY DECEMBER 31ST
3:00 PM – 5:00 PM
Follow us on social media
for updates and Live Feed
@TajJewelers
Enjoy
Chai & Samosa
while visiting
the store!
ਸਟੋਰ ਤੇ
ਚਾਹ ਸਮੋਸਿਆ ਦਾ
ਅਨੰਦ ਮਾਣੋ
ਦੀਵਾਲੀ ਰੈਫਲ ਕੈਸ਼ ਗਿਵਵੇਅ
ਅਸੀਂ 10 ਲੱਕੀ ਜੇਤੂ ਇਨਾਮ ਲਈ ਚੁਣਾਂਗੇ
ਮੌਕਾ ਹੱਥੋਂ ਨਾ ਗਵਾਓ
ਤੁਸੀਂ ਸਾਡੇ ਜੇਤੂਆਂ ਵਿਚੋਂ ਇਕ ਹੋ ਸਕਦੇ ਹੋ
ਦਸੰਬਰ 31 ਦਿਨ ਬੁੱਧਵਾਰ
ਸ਼ਾਮ 3 ਵਜੇ ਤੋਂ 5 ਵਜੇ ਤੱਕ
ਲਾਈਵ ਫੀਡ ਅਤੇ ਅਪਡੇਟਸ ਲਈ ਸਾਡੇ ਸੋਸ਼ਲ ਮੀਡੀਆ ਤੇ ਜਾਓ
@TajJewelers
TAJ JEWELERS
253-981-3071
10120 SE 260th ST #110
Kent, WA 98030
TAJ GOLD & DIAMOND JEWELERS
253-236-2757
25619 104th Ave SE
Kent, WA 98030
www.TajGoldandDiamond.com

# ਪੂਤਿਨ ਯੂਕਰੇਨ ਨਾਲ ਜੰਗ ਖਤਮ ਕਰਨੀ ਚਾਹੁੰਦੇ ਹਨ:ਟਰੰਪ ਵੱਲੋਂ ਦਾਅਵਾ



ਨਵੀਂ ਦਿੱਲੀ-ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਇਕ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ ਕਿ ਅਮਰੀਕੀ ਵਫ਼ਦ ਦੇ ਯੂਕਰੇਨ ਸ਼ਾਂਤੀ ਪ੍ਰਸਤਾਵ ‘ਤੇ ਰੂਸ ਦੇ ਰਾਸ਼ਟਰਪਤੀ ਨਾਲ ਇੱਕ ਚੰਗੀ ਗੱਲਬਾਤ ਹੋਈ ਹੈ। ਟਰੰਪ ਨੇ ਦਾਅਵਾ ਕੀਤਾ ਕਿ ਡੈਲੀਗੇਸ਼ਨ ਨਾਲ ਗੱਲਬਾਤ ਦੌਰਾਨ ਇਹ ਪਾਇਆ ਗਿਆ ਕਿ ਵਲਾਦੀਮੀਰ ਪੂਤਿਨ ਵੀ ਜੰਗ ਨੂੰ ਖਤਮ ਕਰਨਾ ਚਾਹੁੰਦੇ ਹਨ।ਦਰਅਸਲ, ਬੁੱਧਵਾਰ ਨੂੰ ਅਮਰੀਕਾ ਦੇ ਵਿਸ਼ੇਸ਼ ਦੂਤ ਸਟੀਵ ਵਿਟਕੌਕ ਨੇ ਮਾਸਕੋ ‘ਚ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਦੇ ਨਾਲ ਪੰਜ ਘੰਟੇ ਲੰਬੀ ਗੱਲਬਾਤ ਕੀਤੀ। ਧਿਆਨ ਦੇਣ ਵਾਲੀ ਗੱਲ ਹੈ ਕਿ ਦੋਵਾਂ ਦਿੱਗਜਾਂ ਦੀ ਗੱਲਬਾਤ ਸਾਲ 2022 ਵਿਚ ਸ਼ੁਰੂ ਹੋਏ ਰੂਸ-ਯੂਕਰੇਨ ਵਿਵਾਦ ਨੂੰ ਖਤਮ ਕਰਨ ‘ਤੇ ਕੇਂਦਰਿਤ ਸੀ।

ਅਮਰੀਕੀ ਰਾਸ਼ਟਰਪਤੀ ਨੇ ਓਵਲ ਆਫਿਸ ਵਿਚ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਪੂਤਿਨ ਦੀ ਜੇਰੇਡ ਕੁਸ਼ਨਰ ਅਤੇ ਸਟੀਵ ਵ੍ਹਾਈਟਕੌਫ ਨਾਲ ਬਹੁਤ ਚੰਗੀ ਮੀਟਿੰਗ ਹੋਈ। ਉਸ ਮੀਟਿੰਗ ਵਿਚੋਂ ਕੀ ਨਿਕਲਿਆ, ਮੈਂ ਤੁਹਾਨੂੰ ਨਹੀਂ ਦੱਸ ਸਕਦਾ ਕਿਉਂਕਿ ਟੈਂਗੋ ਲਈ ਦੋ ਲੋਕਾਂ ਦੀ ਜ਼ਰੂਰਤ ਹੁੰਦੀ ਹੈ। ਉਨ੍ਹਾਂ ਅੱਗੇ ਕਿਹਾ, ”ਉਹ (ਪੂਤਿਨ) ਜੰਗ ਖਤਮ ਕਰਨਾ ਚਾਹੁਣਗੇ, ਅਜਿਹਾ ਉਨ੍ਹਾਂ ਦਾ ਮੰਨਣਾ ਸੀ।”

# ਰੂਸ ਦਾ ਦਾਅਵਾ:ਅਮਰੀਕਾ ਭਾਰਤ ਤੇ ਰੂਸੀ ਤੇਲ ਨਾ ਖਰੀਦਣ ਦਾ ਦਬਾਅ ਬਣਾ ਰਿਹੈ

ਨਵੀਂ ਦਿੱਲੀ: ਰੂਸ ਨੇ ਕਿਹਾ ਹੈ ਕਿ ਉਸ ਨੂੰ ਪਤਾ ਹੈ ਕਿ ਅਮਰੀਕਾ ਭਾਰਤ ‘ਤੇ ਰੂਸੀ ਤੇਲ ਨਾ ਖਰੀਦਣ ਲਈ ਦਬਾਅ ਪਾ ਰਿਹਾ ਹੈ, ਪਰ ਰੂਸ ਭਾਰਤ-ਅਮਰੀਕਾ ਦੇ ਰਿਸ਼ਤਿਆਂ ਵਿੱਚ ਦਖਲਅੰਦਾਜ਼ੀ ਨਹੀਂ ਕਰੇਗਾ। ਇਹ ਗੱਲ ਮੰਗਲਵਾਰ ਨੂੰ ਕ੍ਰੇਮਲਿਨ ਦੇ ਪ੍ਰਵਕਤਾ ਦਿਮਿਤਰੀ ਪੇਸਕੋਵ ਨੇ ਕਹੀ।ਦੂਜੇ ਪਾਸੇ, ਰੂਸੀ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਨੇ ਕਿਹਾ ਕਿ ਉਹ ਆਪਣੇ ਭਾਰਤ ਦੌਰੇ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਵਪਾਰ ਵਧਾਉਣ ਬਾਰੇ ਚਰਚਾ ਕਰਨਗੇ। ਉਨ੍ਹਾਂ ਨੇ ਇਹ ਵੀ ਕਿਹਾ ਕਿ ਰੂਸ ਆਪਣੇ ਮਹੱਤਵਪੂਰਨ ਸਾਥੀਆਂ ਭਾਰਤ ਅਤੇ ਚੀਨ ਨਾਲ ਆਰਥਿਕ ਸਬੰਧ ਹੋਰ ਮਜ਼ਬੂਤ ਕਰਨਾ ਚਾਹੁੰਦਾ ਹੈ। ਮਾਸਕੋ ਵਿੱਚ ਇਨਵੈਸਟਮੈਂਟ ਫੋਰਮ ਦੌਰਾਨ ਪੂਤਿਨ ਨੇ ਦੱਸਿਆ ਕਿ ਪਿਛਲੇ ਤਿੰਨ ਸਾਲਾਂ ਵਿੱਚ ਭਾਰਤ ਅਤੇ ਚੀਨ ਨਾਲ ਰੂਸ ਦੇ ਵਪਾਰ ਵਿੱਚ ਕਾਫੀ ਵਾਧਾ ਹੋਇਆ ਹੈ।

# ਅਫ਼ਗਾਨਿਸਤਾਨ ਵਿਚ 13 ਸਾਲਾ ਬੱਚੇ ਤੋਂ ਮੁਲਜ਼ਮ ਨੂੰ ਦਿਵਾਈ ਮੌਤ ਦੀ ਸਜ਼ਾ, ਭਰੇ ਸਟੇਡੀਅਮ ਵਿੱਚ ਮਾਰੀ ਗੋਲੀ

ਕਾਬੁਲ:ਅਫ਼ਗਾਨਿਸਤਾਨ ਦੇ ਖੋਸਤ ਸੂਬੇ ਵਿੱਚ ਮੰਗਲਵਾਰ ਨੂੰ ਇੱਕ ਵੱਡੇ ਸਟੇਡੀਅਮ ਵਿੱਚ ਕਰੀਬ 80 ਹਜ਼ਾਰ ਲੋਕਾਂ ਦੇ ਸਾਹਮਣੇ ਇੱਕ ਕੈਦੀ ਨੂੰ ਗੋਲੀ ਮਾਰ ਕੇ ਮਾਰ ਦਿੱਤਾ ਗਿਆ।ਗੋਲੀ ਚਲਾਉਣ ਦਾ ਕੰਮ ਇੱਕ 13 ਸਾਲ ਦੇ ਲੜਕੇ ਨੇ ਕੀਤਾ। ਜਿਸ ਵਿਅਕਤੀ ਨੂੰ ਇਸ ਬੱਚੇ ਨੇ ਮਾਰਿਆ, ਉਸ ‘ਤੇ ਦੋਸ਼ ਸੀ ਕਿ ਉਸ ਨੇ ਲੜਕੇ ਦੇ 13 ਪਰਿਵਾਰਕ ਮੈਂਬਰਾਂ ਦੀ ਹੱਤਿਆ ਕੀਤੀ ਸੀ, ਜਿਨ੍ਹਾਂ ਵਿੱਚ ਕਈ ਔਰਤਾਂ ਅਤੇ ਬੱਚੇ ਵੀ ਸ਼ਾਮਲ ਸਨ। ਫਾਂਸੀ ਤੋਂ ਪਹਿਲਾਂ ਤਾਲਿਬਾਨ ਅਧਿਕਾਰੀਆਂ ਨੇ ਬੱਚੇ ਨੂੰ ਪੁੱਛਿਆ ਕਿ ਕੀ ਉਹ ਕਾਤਲ ਨੂੰ ਮੁਆਫ਼ ਕਰਨਾ ਚਾਹੁੰਦਾ ਹੈ, ਪਰ ਬੱਚੇ ਨੇ ਇਨਕਾਰ ਕਰ ਦਿੱਤਾ।ਇਸ ਤੋਂ ਬਾਅਦ ਅਧਿਕਾਰੀ ਨੇ ਉਸਨੂੰ ਬੰਦੂਕ ਦਿੱਤੀ ਅਤੇ ਮੁਲਜ਼ਮ ‘ਤੇ ਗੋਲੀ ਚਲਾਉਣ ਦਾ ਹੁਕਮ ਦਿੱਤਾ।

# ਕਨੇਡੀਅਨ ਸਿੱਖ ਸਟੱਡੀ ਅਤੇ ਟੀਚਿੰਗ ਸੁਸਾਇਟੀ ਵੱਲੋਂ ਸਾਲਾਨਾ ਸਿੱਖ ਸ਼ਹੀਦੀ ਦਿਵਸ ਸਮਾਗਮ

ਸਰੀ:ਕਨੇਡੀਅਨ ਸਿੱਖ ਸਟੱਡੀ ਅਤੇ ਟੀਚਿੰਗ ਸੁਸਾਇਟੀ ਵੱਲੋਂ ਸਾਲਾਨਾ ਸਿੱਖ ਸ਼ਹੀਦੀ ਦਿਵਸ ਸਮਾਗਮ 20 ਦਸੰਬਰ ਦਿਨ ਸ਼ਨਿੱਚਰਵਾਰ ਦੁਪਹਿਰ 12 ਵਜੇ ਤੋਂ ਸ਼ਾਮ 4 ਵਜੇ ਤੱਕ ਗਰੈਂਡ ਤਾਜ ਬੈਂਕੁਇਟ ਹਾਲ ਸਰੀ ਵਿਖੇ ਹੋਵੇਗਾ।ਵਧੇਰੇ ਜਾਣਕਾਰੀ ਲਈ ਇਸ਼ਤਿਹਾਰ ਸਫਾ ਏ-26 ਤੇ ਦੇਖੋ।

TUKWILA DENTAL CENTER
NEW PATIENTS & EMERGENCIES WELCOME
GENERAL DENTISTRY FOR ALL AGES
*A Caring Team for You & Your Family*
Most Crowns and Bridges are made same day with our CAD/CAM System
- General Dentistry
- Bridges
- Fillings
- Dentures
- Dental Implants
- Crowns
- Cosmetic Dentistry
- Sealants
- Treatment of Gum Disease
- Oral Surgery
- Root Canals



HARCHAND SINGH DDS PS, SARAA ABDULATEEF DDS MS,
ABRAAM ABRAMOV LD, MUKTA SINGH DDS, TANVEER S BUTTAR DDS
*(Fellow & Master Academy of General Dentistry)*

| Hours : | | |
|---|---|---|
| | Monday | 9AM - 6PM |
| | Tuesday | 9AM - 6PM |
| | Wednesday | 9AM - 6PM |
| | Thursday | 9AM - 6PM |
| | Friday | 8AM - 4PM |

DENTAL LAB ON PREMISES
13955 Interurban Ave So, Tukwila, WA 98168
www.tukwiladentalcenter.com Email: tukwiladentalcenter@comcast.net
Ph: 206-431-0953, 206-241-0454, Fax: 206-439-6860

Complete Dental Care
New & Emergency Patients Welcome
-Family & Cosmetic Dentistry
-Root Canals, Wisdom Teeth Removal, Metal-free Restorations
-Bleeching, Veneer, Bonding
-Preventive & Pediatric Dentistry




ਹਰ ਤਰਾਂ ਦੇ ਦੰਦਾਂ ਦਾ ਇਲਾਜ਼ ਕਰਵਾਉਣ ਲਈ ਸੰਪਰਕ ਕਰੋ
Dr. Manpreet Dhaliwal
Dr. Navdeep Dhaliwal
Dr. Donald Hainer
Complete DENTAL CARE
Ph: 253-854-2714
SUITE #1, 10725 SE 256TH ST, KENT, WA


Prices Effective From 4th Dec 2025
PUNJAB GROCERY BAZAAR
PUNJAB GROCERY BAZAAR
OLD KK MARKET
DECEMBER SALE
ENJOY BUNDLE OF DISCOUNTS
upto 10% OFF
BUY 1 GET 1
MATWALA FOODS
BAAZ
DURUM WHEAT ATTA
farine de blé dur
PRODUCT OF CANADA
FIRST TIME IN USA — PREMIUM CANADIAN ATTA BRAND IS NOW AVAILABLE!
PRICE $13.99 LBS
+1 253-854-5236
23805, 104TH AVE SE, KENT, WA 98031, UNITED STATES

# ਦਸਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਤਰੀਕ ਬਦਲਣ ਦੀ ਮੰਗ:ਸਰਨਾ

ਨਵੀਂ ਦਿੱਲੀ(ਮਨਪ੍ਰੀਤ ਸਿੰਘ ਖਾਲਸਾ):ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਦਸਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਜੋ ਕਿ 27 ਦਸੰਬਰ ਮਨਾਇਆ ਜਾਏਗਾ ਬਾਰੇ ਗੱਲਬਾਤ ਕਰਦਿਆਂ ਕਿਹਾ ਕਿ ਇਸ ਸਾਲ ਛੋਟੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਇੱਕੋ ਦਿਨ ਆ ਰਹੇ ਹਨ । ਜਿਸਦੇ ਕਾਰਨ ਸੰਗਤ ਵਿੱਚ ਦੁਬਿਧਾ ਹੈ।ਇਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਜਿੰਦਰ ਸਿੰਘ ਧਾਮੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੂੰ ਸਾਡੀ ਅਪੀਲ ਹੈ ਕਿ ਦਸਵੇ ਪਾਤਸ਼ਾਹ ਦੇ ਪ੍ਰਕਾਸ਼ ਪੁਰਬ ਲਈ ਕੋਈ ਹੋਰ ਤਰੀਕ ਤੈਅ ਕੀਤੇ ਜਾਵੇ ਤਾਂ ਜੋ ਸੰਗਤ ਦੋਵੇਂ ਦਿਹਾੜੇ ਸ਼ਰਧਾ ਤੇ ਸਤਿਕਾਰ ਸਹਿਤ ਮਨਾ ਸਕੇ । ਉਨ੍ਹਾਂ ਕਿਹਾ ਕਿ ਸਾਨੂੰ ਇਸ ਬਾਰੇ ਸੰਗਤਾਂ ਦੇ ਬਹੁਤ ਫੋਨ ਅਤੇ ਸੁਨੇਹੇ ਆ ਰਹੇ ਹਨ ਇਸ ਲਈ ਮੇਰੀ ਅਪੀਲ ਹੈ ਕਿ ਇਸ ਬਾਰੇ ਜਲਦ ਫ਼ੈਸਲਾ ਲੈ ਕੇ ਸੰਗਤਾਂ ਦੀ ਦੁਬਿਧਾ ਨੂੰ ਖ਼ਤਮ ਕਰਦਿਆਂ ਉਨ੍ਹਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕੀਤਾ ਜਾਏ।


ਹੁਣ ਕੈਂਟ ਵਿੱਚ ਵਿਜੈ ਜਿਊਲਰਜ਼ ਨੇ ਆਪਣੀ ਨਵੀਂ ਦੁਕਾਨ ਖੋਲ੍ਹ ਦਿੱਤੀ ਹੈ

Vijay JEWELLERS INC.

Specializing in 22K Gold




ਸੋਨੇ ਦੀਆਂ ਬਾਰਾਂ ਸਪੈਸ਼ਲ ਕੀਮਤਾਂ ਤੇ ਮਿਲਦੀਆਂ ਹਨ

ਹਰੇਕ ਤਰ੍ਹਾਂ ਦੇ ਨਗ ਸਰਟੀਫਾਈਡ ਮਿਲਦੇ ਹਨ



ਅਨੇਕਾਂ ਪ੍ਰਕਾਰ ਦੇ ਗਹਿਣੇ ਲੇਟੈਸਟ ਡਿਜਾਈਨਾਂ ਵਿਚ ਲਵੋ

ਅਸੀਂ ਹਰ ਤਰਾਂ ਦੇ ਗਹਿਣੇ ਰਿਪੇਅਰ ਵੀ ਕਰਦੇ ਹਾਂ

Naman Dhawan
856-325-9919, 253-277-3854

Vijay Dhawan
253-656-2666

25416 104th Ave SE, Kent, WA 98030, USA

www.vijayjewellersseattle.com vijayjewellersinc@gmail.com

# ਅੰਮ੍ਰਿਤਪਾਲ ਸਿੰਘ ਦੀ ਪੈਰੋਲ ਅਰਜ਼ੀ ਰੱਦ ਕਰਨ ਦੇ ਵਿਰੋਧ ਵਿੱਚ ਰੋਸ ਮਾਰਚ



ਅੰਮ੍ਰਿਤਸਰ:-ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂਆਂ ਤੇ ਸਮਰਥਕਾਂ ਵੱਲੋਂ ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਅਰਜ਼ੀ ਪੰਜਾਬ ਸਰਕਾਰ ਵੱਲੋਂ ਰੱਦ ਕਰ ਦਿੱਤੇ ਜਾਣ ਦੇ ਵਿਰੋਧ ਵਿੱਚ ਰਣਜੀਤ ਐਵੇਨਿਊ ਤੋਂ ਅੰਮ੍ਰਿਤਸਰ ਡਿਪਟੀ ਕਮਿਸ਼ਨਰ ਦੇ ਦਫ਼ਤਰ ਤੱਕ ਗਲਾਂ ਵਿੱਚ ਸੰਗਲ ਪਾ ਕੇ ਅਤੇ ਪੱਗਾਂ ਤੇ ਕਾਲੇ ਰਿਬਨ ਬੰਨ੍ਹ ਕੇ ਰੋਸ ਮਾਰਚ ਕੀਤਾ ਗਿਆ ਅਤੇ ਧਰਨਾ ਦਿੱਤਾ ਗਿਆ।ਮਾਰਚ ਦੀ ਅਗਵਾਈ ਮੈਂਬਰ ਪਾਰਲੀਮੈਂਟ ਦੇ ਪਿਤਾ ਬਾਪੂ ਤਰਸੇਮ ਸਿੰਘ ਵੱਲੋਂ ਕੀਤੀ ਗਈ।

ਡੀ ਸੀ ਦਫ਼ਤਰ ਦੇ ਬਾਹਰ ਦਿੱਤੇ ਗਏ ਧਰਨੇ ਵਿੱਚ ਜਥੇਬੰਦੀ ਦੀ ਲੀਡਰਸ਼ਿਪ, ਕਿਸਾਨ ਜਥੇਬੰਦੀਆਂ, ਸਿੱਖ ਜਥੇਬੰਦੀਆਂ ਅਤੇ ਵਰਕਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।

ਧਰਨੇ ਦੌਰਾਨ ਪੰਜਾਬ ਸਰਕਾਰ ਦੀ ਰਾਜਨੀਤਕ ਧੱਕੇਸ਼ਾਹੀ ਤੇ ਪੈਰੋਲ ਰੱਦ ਕਰਨ ਦੇ ਫ਼ੈਸਲੇ ਦਾ ਤਿੱਖਾ ਵਿਰੋਧ ਕੀਤਾ ਗਿਆ ਅਤੇ ਡਿਪਟੀ ਕਮਿਸ਼ਨਰ ਦਫਤਰ ਵਿਖੇ ਮੰਗ ਪੱਤਰ ਦੇ ਕੇ ਭਾਰਤ ਦੇ ਰਾਸ਼ਟਰਪਤੀ, ਸਪੀਕਰ ਲੋਕ ਸਭਾ ਅਤੇ ਪੰਜਾਬ ਦੇ ਗਵਰਨਰ ਤੋਂ ਤੁਰੰਤ ਦਖ਼ਲ ਦੇ ਕੇ ਨਿਆਂ ਦੀ ਮੰਗ ਕੀਤੀ ਗਈ।

# ਪੰਜਾਬ ਦੇ ਪਾਣੀਆਂ ਨੂੰ ਖੋਹ ਕੇ ਬਣਾਈ ਗਈ ਸੀ ਗੰਗ ਨਹਿਰ:ਕਾਂਗਰਸ

ਚੰਡੀਗੜ੍ਹ:-ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਅਤੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਇਸ ਸਮਾਗਮ ਦੀ ਆਲੋਚਨਾ ਕੀਤੀ ਹੈ। ਪ੍ਰਤਾਪ ਸਿੰਘ ਬਾਜਵਾ ਨੇ ਇਸ ਬਾਰੇ ਟਵੀਟ ਕਰਦਿਆਂ ਹੋਇਆ ਕੇਂਦਰ ਦੀ ਭਾਜਪਾ ਸਰਕਾਰ ਨੂੰ ਕਟਿਹਰੇ ਵਿੱਚ ਖੜ੍ਹਾ ਕੀਤਾ ਹੈ। ਉਨ੍ਹਾਂ ਨੇ ਇਸ ਫੈਸਲੇ ਨੂੰ "ਸਾਡੇ ਇਤਿਹਾਸ ਦਾ ਅਪਮਾਨ" ਦੱਸਿਆ। ਉਨ੍ਹਾਂ ਕਿਹਾ ਕਿ ਇਹ ਨਹਿਰ ਅੰਗਰੇਜ਼ਾਂ ਦੁਆਰਾ ਬੀਕਾਨੇਰ ਦੇ ਰਾਜੇ ਨੂੰ ਖੁਸ਼ ਕਰਨ ਲਈ ਪੰਜਾਬ ਦੇ ਪਾਣੀਆਂ ਨੂੰ ਖੋਹੇ ਕੇ ਬਣਾਈ ਗਈ ਸੀ। ਉਨ੍ਹਾਂ ਦੋਸ਼ ਲਾਇਆ ਕਿ ਭਾਜਪਾ ਅਜਿਹੇ ਇਤਿਹਾਸ ਦੀ ਵਡਿਆਈ ਕਰ ਰਹੀ ਹੈ, ਜੋ "ਪੰਜਾਬ ਨੂੰ ਦਿੱਤਾ ਗਿਆ ਗਹਿਰਾ ਦਰਦ ਹੈ।

# '2030 ਤੱਕ ਵੱਡਾ ਪ੍ਰਮਾਣੂ ਯੁੱਧ...



ਵਾਸ਼ਿੰਗਟਨ:ਟੈਸਲਾ ਅਤੇ ਸਪੇਸਐਕਸ ਦੇ ਸੀ.ਈ.ਓ. ਏਲਨ ਮਸਕ ਦੇ ਇਕ ਟਵੀਟ ਨੇ ਦੁਨੀਆ ਭਰ ਦਾ ਧਿਆਨ ਆਪਣੇ ਵੱਲ ਖਿੱਚਿਆ ਹੈ। ਸੋਸ਼ਲ ਮੀਡੀਆ ਪਲੇਟਫਾਰਮ ਯ (ਪਹਿਲਾਂ ਟਵਿੱਟਰ) 'ਤੇ ਮਸਕ ਨੇ ਸਨਸਨੀਖੇਜ਼ ਦਾਅਵਾ ਕੀਤਾ ਹੈ ਕਿ ਦੁਨੀਆ ਜਲਦੀ ਹੀ ਇੱਕ ਵੱਡੇ ਵਿਸ਼ਵ ਸੰਘਰਸ਼ ਵੱਲ ਵਧ ਰਹੀ ਹੈ।ਮਸਕ ਨੇ ਇੱਕ ਯ ਯੂਜ਼ਰ ਦੀ ਚਰਚਾ ਦਾ ਜਵਾਬ ਦਿੰਦੇ ਹੋਏ ਬੇਹੱਦ ਸੰਖੇਪ ਪਰ ਹੈਰਾਨ ਕਰਨ ਵਾਲਾ ਜਵਾਬ ਦਿੱਤਾ: "ਯੁੱਧ ਅਟੱਲ ਹੈ। 5 ਸਾਲ ਵਿੱਚ, ਜਾਂ ਵੱਧ ਤੋਂ ਵੱਧ 10 ਸਾਲਾਂ ਵਿੱਚ"। ਇਸ ਅਨੁਸਾਰ, ਇਹ ਸੰਘਰਸ਼ 2030 ਤੱਕ ਜਾਂ ਵੱਧ ਤੋਂ ਵੱਧ 2040 ਵਿੱਚ ਹੋ ਸਕਦਾ ਹੈ।ਭਾਵੇਂ ਮਸਕ ਨੇ ਇਹ ਸਪੱਸ਼ਟ ਨਹੀਂ ਕੀਤਾ ਕਿ ਇਹ ਯੁੱਧ ਕਿਹੜੇ ਦੇਸ਼ਾਂ ਵਿਚਕਾਰ ਹੋਵੇਗਾ।

# ਰੁਪਏ ਦੀ ਕੀਮਤ ਵਿੱਚ ਰਿਕਾਰਡ ਗਿਰਾਵਟ:ਵਧੇਗੀ ਹੋਰ ਮਹਿੰਗਾਈ



ਨਵੀਂ ਦਿੱਲੀ:-3 ਦਸੰਬਰ ਦਾ ਦਿਨ ਭਾਰਤੀ ਰੁਪਏ ਲਈ ਵੱਡਾ ਅਸ਼ੁੱਭ ਸਾਬਤ ਹੋਇਆ ਹੈ। ਸ਼ੁਰੂਆਤੀ ਕਾਰੋਬਾਰ ਵਿੱਚ ਭਾਰਤੀ ਮੁਦਰਾ ਰੁਪਿਆ "ਅਮਰੀਕਾ ਡਾਲਰ ਦੇ ਮੁਕਾਬਲੇ 90.14 ਦੇ ਰਿਕਾਰਡ ਹੇਠਲੇ ਪੱਧਰ 'ਤੇ ਪਹੁੰਚ ਗਿਆ। ਹੈਰਾਨੀ ਦੀ ਗੱਲ ਹੈ ਕਿ ਇਹ ਇੰਨੇ ਦਿਨਾਂ ਵਿੱਚ ਤੀਜਾ ਰਿਕਾਰਡ ਹੇਠਲਾ ਪੱਧਰ ਹੈ। ਰੁਪਏ ਦੀ ਕਮਜ਼ੋਰੀ ਕਾਰਨ ਸ਼ੇਅਰ ਬਾਜ਼ਾਰ ਵਿੱਚ ਗਿਰਾਵਟ ਦੇ ਨਾਲ ਕਾਰੋਬਾਰ ਹੋ ਰਿਹਾ ਹੈ। ਰੁਪਏ ਵਿੱਚ ਗਿਰਾਵਟ ਸਰਕਾਰ ਦੇ ਨਾਲ-ਨਾਲ ਆਮ ਆਦਮੀ ਲਈ ਵੱਡੀ ਚਿੰਤਾ ਦਾ ਵਿਸ਼ਾ ਹੈ, ਕਿਉਂਕਿ ਰੁਪਏ ਦੇ ਡਿੱਗਣ ਨਾਲ ਬਹੁਤ ਸਾਰੇ ਨੁਕਸਾਨ ਹੁੰਦੇ ਹਨ ਜੋ ਆਮ ਆਦਮੀ ਦੇ ਨਿਵੇਸ਼ ਤੋਂ ਲੈ ਕੇ ਹੋਰ ਕੰਮਾਂ 'ਤੇ ਅਸਰ ਪਾਉਂਦੇ ਹਨ।ਲੋਨ ਅਤੇ ਵਿਦੇਸ਼ੀ ਸਿੱਖਿਆ ਮਹਿੰਗੀ ਹੋ ਜਾਂਦੀ ਹੈ। ਰੁਪਏ ਦੀ ਗਿਰਾਵਟ ਆਮ ਆਦਮੀ ਦੇ ਨਿਵੇਸ਼ ਅਤੇ ਬੱਚਤ ਨੂੰ ਵੀ ਪ੍ਰਭਾਵਿਤ ਕਰਦੀ ਹੈ। ਰੁਪਏ ਦੀ ਗਿਰਾਵਟ ਨਾਲ ਆਮ ਆਦਮੀ ਨੂੰ ਹੇਠ ਲਿਖੇ ਨੁਕਸਾਨ ਝੱਲਣੇ ਪੈ ਸਕਦੇ ਹਨ: ਰੋਜ਼ਮਰ੍ਹਾ ਦੇ ਸਮਾਨਾਂ ਵਿੱਚ ਵਾਧਾ-ਭਾਰਤ ਪੈਟਰੋਲ -ਡੀਜ਼ਲ ਸਮੇਤ ਕਈ ਜ਼ਰੂਰੀ ਵਸਤੂਆਂ ਦਾ ਦਰਾਮਦ ਕਰਦਾ ਹੈ। ਕਿਉਂਕਿ, ਵਿਦੇਸ਼ਾਂ ਤੋਂ ਹੋਣ ਵਾਲੇ ਵਪਾਰ ਦਾ ਭੁਗਤਾਨ ਡਾਲਰ ਵਿੱਚ ਕੀਤਾ ਜਾਂਦਾ ਹੈ, ਇਸ ਲਈ ਰੁਪਏ ਦੇ ਕਮਜ਼ੋਰ ਹੋਣ ਅਤੇ ਡਾਲਰ ਦੇ ਮਜ਼ਬੂਤ ਹੋਣ ਨਾਲ ਵਸਤੂਆਂ ਲਈ ਜ਼ਿਆਦਾ ਭੁਗਤਾਨ ਕਰਨਾ ਪੈਂਦਾ ਹੈ। ਇਸ ਵਾਧੂ ਲਾਗਤ ਕਾਰਨ ਪੈਟਰੋਲ-ਡੀਜ਼ਲ, ਰਸੋਈ ਗੈਸ ਸਮੇਤ ਹੋਰ ਚੀਜ਼ਾਂ ਦੀਆਂ ਕੀਮਤਾਂ ਵੱਧ ਜਾਂਦੀਆਂ ਹਨ ਅਤੇ ਆਮ ਆਦਮੀ ਨੂੰ ਮਹਿੰਗੇ ਭਾਅ 'ਤੇ ਮਿਲਦੀਆਂ ਹਨ।

## ਸ਼ੋਕ ਸਮਾਚਾਰ



ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਰਦਾਰਨੀ ਬਲਵੀਰ ਕੌਰ ਸੁਪਤਨੀ ਸ. ਰੂੜ ਸਿੰਘ ਜਿਹਨਾਂ ਦਾ ਪਿਛਲਾ ਪਿੰਡ ਮਲੂਕਾ ਜ਼ਿਲ੍ਹਾ ਬਠਿੰਡਾ ਪੰਜਾਬ ਸੀ ਅਤੇ ਹੁਣ ਲਿੰਡਨ ਨਿਵਾਸੀ ਸਨ, 29 ਨਵੰਬਰ ਨੂੰ ਅਕਾਲ ਚਲਾਣਾ ਕਰ ਗਏ ਹਨ।ਉਹਨਾਂ ਦੇ ਅੰਤਮ ਦਰਸ਼ਨ ਅਤੇ ਸੰਸਕਾਰ 6 ਦਸੰਬਰ ਦਿਨ ਸ਼ਨਿੱਚਰਵਾਰ ਸਵੇਰੇ 10.30 ਵਜੇ Moles Farewell Tributes & Crematory, 2465 Lakeway Dr, Bellingham, WA 98229 ਵਿਖੇ ਸਵੇਰੇ 10.30 ਵਜੇ ਹੋਵੇਗਾ।ਉਪਰੰਤ ਉਹਨਾਂ ਨਮਿਤ ਰਖਾਏ ਸਹਿਜ ਪਾਠ ਦੇ ਭੋਗ ਅਤੇ ਅੰਤਮ ਅਰਦਾਸ ਦੁਪਹਿਰ 12.30 ਵਜੇ ਗੁਰੂ ਨਾਨਕ ਗੁਰਸਿੱਖ ਟੈਂਪਲ (176 ਈਸਟ ਪੋਲ ਰੋਡ ਲਿੰਡਨ) ਵਿਖੇ ਹੋਵੇਗੀ।ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਸੰਪਰਕ ਕਰ ਸਕਦੇ ਹੋ:ਹਰਮਨ ਸਿੰਘ 360-724-8384 ਜਾਂ ਅਮਰਜੀਤ ਸਿੰਘ 360-815-5888

ਪਿਛਲੇ 25 ਸਾਲ ਤੋਂ ਇੰਡੀਅਨ ਰੈਸਟੋਰੈਂਟ ਚਲਾ ਰਹੇ (India Bistro Roosevelt) ਨੇ ਸ਼ੁਰੂ ਕਰ ਦਿੱਤੀ ਹੈ

#1 Services On Your Special Events

SARDAR JI CATERING

SARDAR JI CATERING

Website:www.sardarjicatering.com



ਗੁਰਦੁਆਰਾ ਸਾਹਿਬ ਦੇ ਪ੍ਰੋਗਰਾਮਾਂ ਲਈ ਸੇਵਾਵਾਂ ਵੀ ਦਿੰਦੇ ਹਾਂ ਅਤੇ ਲੰਗਰ ਪੂਰੀ ਗੁਰ ਮਰਿਯਾਦਾ ਅਨੁਸਾਰ ਤਿਆਰ ਕੀਤਾ ਜਾਂਦਾ ਹੈ

- ਸ਼ਾਨਦਾਰ ਸਰਵਿਸ (ਤਜਰਬੇਕਾਰ ਅਤੇ ਟਰੇਨਡ ਕੁੱਕ)
- ਅਸੀਂ ਕੇਟਰਿੰਗ ਲਈ ਲਾਇਸੈਂਸਡ ਹਾਂ ਤੇ Hygenic Services ਦਿੰਦੇ ਹਾਂ
- ਪੰਜਾਬੀਆਂ ਦੇ ਜਾਇਕੇਦਾਰ ਲਾਜਵਾਬ ਸਵਾਦਲੇ ਖਾਣੇ ਬਣਾਉਂਦੇ ਹਾਂ
- ਕੇਟਰਿੰਗ ਤੋਂ ਇਲਾਵਾ ਕਰੌਕਰੀ ਅਤੇ ਵੇਟਰਾਂ ਦਾ ਪ੍ਰਬੰਧ ਕਰਦੇ ਹਾਂ
- LIVE FRESH ਕੁਕਿੰਗ
- Excellent Food Presentation
- ਤੁਹਾਡੇ ਬੱਜਟ ਤੇ ਸਵਾਦ ਮੁਤਾਬਕ ਕਸਟਮਮੇਡ Menus
- ਹਰ ਤਰ੍ਹਾਂ ਦੇ ਫੰਕਸ਼ਨ ਤੇ ਸੇਵਾਵਾਂ ਪ੍ਰਦਾਨ ਕਰਦੇ ਹਾਂ
- ਲਾਇਸੈਂਸਡ ਫੂਡ ਟਰੱਕ ਅਤੇ ਤੰਦੂਰ ਲਾਉਂਦੇ ਹਾਂ

Special Catering Service for 100-125 persons

*No matter the Event *Count on us * Available for all occasions

ਬੈਲਿੰਗਹਾਮ ਤੋਂ ਪੋਰਟਲੈਂਡ ਤੱਕ ਕੇਟਰਿੰਗ ਕਰਦੇ ਹਾਂ

For Catering Enquiries Contact: Off:206-517-4444, Cell:206-771-5079

6417 Roosevelt Way NE #105, Seattle WA 98115 Email:sardarjicatering@gmail.com

# ਕੈਨੇਡਾ ਦੇ ਸੁਰੱਖਿਆ ਅਫਸਰ ਨੇ ਭਾਰਤ ਸਰਕਾਰ ’ਤੇ 550 ਕਰੋੜ ਦਾ ਮਾਣਹਾਨੀ ਦਾਅਵਾ ਠੋਕਿਆ


ਐਬਟਸਫੋਰਡ:_ਕੈਨੇਡਾ ਬਾਰਡਰ ਸਰਵਿਸ ਏਜੰਸੀ ਦੇ ਸੁਪਰਡੈਂਟ ਤੇ ਕੈਨੇਡਾ ਵਿੱਚ ਜੰਮੇ ਪਲੇ ਅਤੇ ਐਬਰਫੋਰਡ ਦੇ ਰਹਿਣ ਵਾਲੇ ਸੰਦੀਪ ਸਿੰਘ ਸਿੱਧੂ ਉਰਫ ਸੰਨੀ ਨੇ ਪਿਛਲੇ ਸਾਲ ਉਸ ਦੀ ਫੋਟੋ ਲਗਾ ਕੇ ਭਾਰਤੀ ਮੀਡੀਏ ਦੇ ਵੱਡੇ ਹਿੱਸੇ ਵਲੋਂ ਉਸ ਨੂੰ ਕੱਟੜ ਅਤਿਵਾਦੀ, ਖਾਲਿਸਤਾਨੀ ਸਮਰਥਕ ਅਤੇ ਕੈਨੇਡਾ ਦਾ ਮੋਸਟ ਵਾਂਟਡ ਭਗੌੜਾ ਗਰਦਾਨ ਕੇ ਕੀਤੇ ਗਏ ਕਥਿਤ ਗਲਤ ਤੇ ਬੇਬੁਨਿਆਦ ਪ੍ਰਚਾਰ ਲਈ ਓਂਟਾਰੀਓ ਦੀ ਅਦਾਲਤ ਵਿੱਚ ਭਾਰਤ ਸਰਕਾਰ ਵਿਰੁੱਧ 9 ਕਰੋੜ ਡਾਲਰ (550 ਕਰੋੜ ਰੁਪਏ) ਦਾ ਦਾਅਵਾ ਠੋਕਿਆ ਹੈ। ਦਾਅਵੇ ਵਿੱਚ ਕੈਨੇਡਾ ਸਰਕਾਰ ਨੂੰ ਵੀ ਪਾਰਟੀ ਬਣਾਇਆ ਗਿਆ ਹੈ, ਕਿਉਂਕਿ ਉਹ ਵਿਦੇਸ਼ੀ ਸਰਕਾਰ ਅਤੇ ਉਸ ਦੇ ਮੀਡੀਆ ਅਦਾਰਿਆਂ ਵਲੋਂ ਖਾਸ ਮਕਸਦ ਨੂੰ ਲੈ ਕੇ ਕੀਤੇ ਬੇਬੁਨਿਆਦ ਪ੍ਰਚਾਰ ਨੂੰ ਰੋਕਣ ਵਿੱਚ ਅਸਫਲ ਰਹੀ। ਸਿੱਧੂ ਨੇ ਆਪਣੇ ਵਕੀਲ ਜੈਫ਼ਰੀ ਕਰੋਕਰ ਰਾਹੀਂ ਦਰਜ ਕੀਤੇ ਮਾਣਹਾਨੀ ਕੇਸ ਵਿੱਚ ਉਸ ਨੂੰ ਮਾਨਸਿਕ ਤੌਰ ਤੇ ਪ੍ਰੇਸ਼ਾਨ ਤੇ ਬਦਨਾਮ ਕੀਤੇ ਜਾਣ ਦਾ ਸਾਰਾ ਚਿੱਠਾ ਫਰੋਲਿਆ ਹੈ।

ਉਸ ਨੇ ਕਿਹਾ ਕਿ ਕੈਨੇਡਾ ਦੀ ਬਾਰਡਰ ਏਜੰਸੀ ਵਿੱਚ ਉੱਚ ਅਹੁਦੇ ਤੇ ਡਿਊਟੀ ਨਿਭਾਉਂਦੇ ਹੋਏ ਵੀ ਉਸ ਨੂੰ ਭਗੌੜਾ ਕਰਾਰ ਦੇ ਕੇ ਭੰਡਿਆ ਗਿਆ। ਉਸ ਨੇ ਦਾਅਵਾ ਕੀਤਾ ਕਿ ਸਮਾਜਿਕ ਬਦਨਾਮੀ, ਪ੍ਰੇਸ਼ਾਨੀ ਅਤੇ ਅਸੁਰੱਖਿਆ ਕਾਰਨ ਉਹ ਨਸ਼ੇ ਦਾ ਆਦੀ ਹੋ ਗਿਆ ਅਤੇ ਵੈਨਕੂਵਰ ਦੇ ਹਸਪਤਾਲ ‘ਚ ਕਈ ਮਹੀਨੇ ਦਾਖਲ ਰਹਿਣ ਮਗਰੋਂ ਠੀਕ ਹੋ ਸਕਿਆ।

ਸੰਨੀ ਨੇ ਦਾਅਵੇ ਲਈ ਦਸਤਾਵੇਜ਼ੀ ਸਬੂਤ ਵੀ ਨੱਥੀ ਕੀਤੇ ਹਨ।



# ਰੁਪਿੰਦਰ ਕੌਰ ਦੀ ਲਾਸ਼ ਦੀ ਪਛਾਣ ਕੀਤੀ ਜਨਤਕ



ਟੋਰਾਂਟੋ:-ਕੈਨੇਡਾ ‘ਚ ਓਨਟਾਰੀਓ ਸੂਬੇ ਦੇ ਦੱਖਣ ਵਿਚ ਅਮਰੀਕਾ ਦੀ ਸਰਹੱਦ ਨਾ਼ਲ ਲੱਗਦੇ ਸ਼ਹਿਰ ਵਿੰਡਸਰ ‘ਚ ਬੀਤੇ ਸਾਲ 17 ਦਸੰਬਰ ਨੂੰ ਲਾਪਤਾ ਹੋਈ ਰੁਪਿੰਦਰ ਕੌਰ (27) ਦੀ ਲਾਸ਼ ਦੀ ਪਛਾਣ ਹੁਣ ਸਥਾਨਕ ਪੁਲਿਸ ਵੱਲੋਂ ਜਨਤਕ ਕੀਤੀ ਗਈ ਹੈ। ਉਸ ਦੀ ਲਾਸ਼ ਬੀਤੇ ਜੂਨ ਮਹੀਨੇ ਵਿਚ ਡਿਟ੍ਰੋਇਟ ਦਰਿਆ ਵਿਚੋਂ ਮਿਲੀ ਸੀ। ਪੁਲਿਸ ਵੱਲੋਂ ਇਸ ਬਾਰੇ ਵਧੇਰੇ ਵੇਰਵੇ ਜਾਰੀ ਨਹੀਂ ਕੀਤੇ ਗਏ, ਪਰ ਮਿਲੀ ਜਾਣਕਾਰੀ ਅਨੁਸਾਰ ਇਸ ਮੌਤ ਪਿੱਛੇ ਕੋਈ ਅਪਰਾਧਿਕ ਕਾਰਨ ਨਹੀਂ ਹਨ। ਇਕ ਵੱਖਰੀ ਖ਼ਬਰ ਅਨੁਸਾਰ ਹੈਮਿਲਟਨ ਪੁਲਿਸ ਨੇ 1,20,000 ਡਾਲਰਾਂ ਦੇ ਮੁੱਲ ਦੇ ਸੈੱਲਫੋਨ ਚੋਰੀ ਕਰਨ ਦੀ ਕੇਸ ਵਿਚ ਨਵਜੋਤ ਸਿੰਘ (38) ਅਤੇ ਪੁਨੀਤ ਸਿੰਘ (45) ਨੂੰ ਗ੍ਰਿਫਤਾਰ ਕਰਕੇ ਚਾਰਜ ਕੀਤਾ ਹੈ। ਉਹ ਦੋਵੇਂ ਟੋਰਾਂਟੋ ਨੇੜੇ ਓਕਵਿੱਲ ਸ਼ਹਿਰ ਵਿਚ ਰਹਿੰਦੇ ਹਨ। ਦਸੰਬਰ 2024 ਅਤੇ ਜਨਵਰੀ 2025 ਵਿਚ ਸ਼ੱਕੀਆਂ ਨੇ ਸਟੋਨੀ ਕਰੀਕ ਵਿਖੇ ਟੀਫੋਰਸ ਲੌਜਿਸਟਸ ਦੇ ਵੇਅਰਹਾਊਸ ਵਿਚ ਵੜ ਕੇ ਬੈੱਲ ਕੈਨੇਡਾ ਦੇ ਸੈੱਲਫੋਨ ਚੋਰੀ ਕੀਤੇ ਸਨ। ਇਸ ਫਰਾਡ ਅਤੇ ਚੋਰੀ ਦੇ ਕੇਸਾਂ ‘ਚ ਪੁਨੀਤ ਅਤੇ ਨਵਜੋਤ ਦੀਆਂ ਅਦਾਲਤਾਂ ਵਿਚ ਤਰੀਕਾਂ ਪੈ ਰਹੀਆਂ ਹਨ।

# ਪਾਰਟੀ ‘ਚ ਚੱਲੀਆਂ ਗੋ.ਲੀਆਂ 4 ਲੋਕਾਂ ਦੀ ਮੌਤ, ਕਈ ਹੋਰ ਜ਼ਖ਼ਮੀ

ਸਟਾਕਟਨ- ਅਮਰੀਕਾ ਤੋਂ ਇਕ ਸਨਸਨੀਖੇਜ਼ ਖ਼ਬਰ ਸਾਹਮਣੇ ਆ ਰਹੀ ਹੈ, ਜਿੱਥੋਂ ਦੇ ਕੈਲੀਫੋਰਨੀਆ ਸੂਬੇ ‘ਚ ਪੈਂਦੇ ਸਟਾਕਟਨ ਸ਼ਹਿਰ ਵਿੱਚ ਇੱਕ ਬੈਂਕੁਇਟ ਹਾਲ ਵਿੱਚ ਇੱਕ ਬਰਥਡੇ ਪਾਰਟੀ ਦੌਰਾਨ ਅਚਾਨਕ ਫਾਇਰਿੰਗ ਹੋ ਗਈ। ਜਦੋਂ ਇਹ ਫਾਇਰਿੰਗ ਹੋਈ ਤਾਂ ਉਸ ਸਮੇਂ ਪਾਰਟੀ ‘ਚ ਕਈ ਬੱਚੇ ਵੀ ਮੌਜੂਦ ਸਨ। ਇਸ ਤਾਬੜਤੋੜ ਫਾਇਰਿੰਗ ‘ਚ 4 ਲੋਕਾਂ ਦੀ ਜਾਨ ਚਲੀ ਗਈ ਹੈ, ਜਦਕਿ ਕਈ ਹੋਰ ਜ਼ਖ਼ਮੀ ਹੋ ਗਏ ਹਨ।

ਅਧਿਕਾਰੀਆਂ ਨੇ ਸ਼ਨੀਵਾਰ ਰਾਤ ਨੂੰ ਦੱਸਿਆ ਕਿ ਸਟਾਕਟਨ ਵਿੱਚ ਗੋਲੀਬਾਰੀ ਦੀ ਘਟਨਾ ਵਿੱਚ ਕਈ ਲੋਕ ਜ਼ਖਮੀ ਹੋਏ ਹਨ। ਸੈਨ ਜੋਆਕਿਨ ਕਾਉਂਟੀ ਸ਼ੈਰਿਫ ਦੇ ਦਫ਼ਤਰ ਨੇ ਪੁਸ਼ਟੀ ਕੀਤੀ ਕਿ ਡਿਪਟੀਜ਼ ਇਸ ਘਟਨਾ ਦੀ ਜਾਂਚ ਕਰ ਰਹੇ ਹਨ ਅਤੇ ਕਈ ਪੀੜਤਾਂ ਨੂੰ ਇਲਾਜ ਲਈ ਹਸਪਤਾਲਾਂ ਵਿੱਚ ਲਿਜਾਇਆ ਗਿਆ ਹੈ। ਹਾਲਾਂਕਿ ਅਧਿਕਾਰੀਆਂ ਨੇ ਜ਼ਖ਼ਮੀਆਂ ਦੀ ਹਾਲਤ ਬਾਰੇ ਜਾਂ ਘਟਨਾ ਦੇ ਕਾਰਨਾਂ ਬਾਰੇ ਕੋਈ ਹੋਰ ਵੇਰਵੇ ਜਾਂ ਜਾਣਕਾਰੀ ਪ੍ਰਦਾਨ ਨਹੀਂ ਕੀਤੀ ਹੈ। ਅਧਿਕਾਰੀਆਂ ਨੇ ਦੱਸਿਆ ਕਿ ਗੋਲੀਬਾਰੀ ਵਾਲਾ ਇਲਾਕੇ ‘ਚ ਹਾਲੇ ਵੀ ਕਾਰਵਾਈ ਜਾਰੀ ਹੈ ਤੇ ਹੋਰ ਜਾਣਕਾਰੀ ਦੀ ਉਡੀਕ ਕੀਤੀ ਜਾ ਰਹੀ ਹੈ।

ਆਪਣੇ ਵਪਾਰ ਦੇ ਵਾਧੇ ਲਈ ਇਸ਼ਤਿਹਾਰ ਪਾਉਣ ਲਈ ਫੋਨ ਕਰੋ 604-590-5200

# 2 ਗੁਜਰਾਤੀਆਂ ਨੇ ਸੰਘੀ ਏਜੰਟ ਬਣ ਕੇ 6 ਲੱਖ ਡਾਲਰ ਤੋਂ ਵਧ ਦੀ ਮਾਰੀ ਠੱਗੀ

ਸੈਕਰਾਮੈਂਟੋ,ਕੈਲੀਫੋਰਨੀਆ (ਹੁਸਨ ਲੜੋਆ ਬੰਗਾ)-ਭਾਰਤੀ ਮੂਲ ਦੇ 2 ਵਿਅਕਤੀਆਂ ਵੱਲੋਂ ਸੰਘੀ ਏਜੰਟ ਬਣ ਕੇ ਇਕ ਬਜ਼ੁਰਗ ਔਰਤ ਨਾਲ 6,53,000 ਡਾਲਰ ਦੀ ਠੱਗੀ ਮਾਰਨ ਦੀ ਖਬਰ ਹੈ। ਇਹ ਮਾਮਲਾ ਕੇਨੋਸ਼ਾ ਕਾਊਂਟੀ ਦੇ ਅਧਿਕਾਰੀਆਂ ਦੀ ਜਾਂਚ ਉਪਰੰਤ ਸਾਹਮਣੇ ਆਇਆ ਹੈ। ਵਿਸਕਾਨਸਿਨ ਅਧਿਕਾਰੀਆਂ ਅਨੁਸਾਰ ਦੋਵਾਂ ਵਿਅਕਤੀਆਂ ਦਾ ਕੌਮਾਂਤਰੀ ਪੱਧਰ ‘ਤੇ ਸੰਪਰਕ ਹੈ ਤੇ ਇਨਾਂ ਵੱਲੋਂ ਠੱਗੇ ਗਏ ਜਿਆਦਾਤਰ ਪੈਸੇ ਅਮਰੀਕਾ ਤੋਂ ਬਾਹਰ ਭੇਜੇ ਜਾ ਚੁੱਕੇ ਹਨ। ਜਗਦੀਸ਼ ਕੁਮਾਰ ਨੰਦਨੀ ਤੇ ਚਿੰਤਨ ਠਾਕਰ ਜੋ ਮੂਲ ਰੂਪ ਵਿੱਚ ਗੁਜਰਾਤ ਨਾਲ ਸਬੰਧਤ ਹਨ,ਵਿਰੁੱਧ ਦਾਇਰ ਮਾਮਲੇ ਵਿੱਚ 1 ਲੱਖ ਡਾਲਰ ਤੋਂ ਵਧ ਦੀ ਮਨੀ ਲਾਂਡਰਿੰਗ ਤੇ 1 ਲੱਖ ਡਾਲਰ ਤੋਂ ਵਧ ਚੱਲ ਜਾਇਦਾਦ ਦੀ ਚੋਰੀ ਕਰਨ ਦੇ ਦੋਸ਼ ਆਇਦ ਕੀਤੇ ਗਏ ਹਨ। ਜਾਂਚਕਾਰਾਂ ਅਨੁਸਾਰ ਪੀੜਤਾ ਨੂੰ ਇਕ ਵਿਅਕਤੀ ਨੇ ਫੋਨ ਉਪਰ ਆਪਣੇ ਆਪ ਨੂੰ ਸੰਘੀ ਏਜੰਟ ਦਸ ਕੇ ਕਿਹਾ ਕਿ ਉਸ ਦਾ ਬੈਂਕ ਅਕਾਊਂਟ ਹੈਕ ਹੋ ਗਿਆ ਹੈ ਤੇ ਬੇਹਤਰੀ ਇਸ ਵਿੱਚ ਹੈ ਕਿ ਉਹ ਆਪਣੇ ਪੈਸੇ ਨੂੰ ਸੋਨੇ ਵਿੱਚ ਨਿਵੇਸ਼ ਕਰ ਦੇਵੇ। ਔਰਤ ਇਨਾਂ ਦੇ ਝਾਂਸੇ ਵਿੱਚ ਆ ਗਈ ਤੇ ਉਸ ਨੇ 1 ਮਾਰਚ ਨੂੰ ਸੋਨੇ ਦੇ ਰੂਪ ਵਿੱਚ 3,32,750 ਡਾਲਰ ਤੇ 15 ਮਾਰਚ ਨੂੰ 1,39,500 ਡਾਲਰ ਸੋਨੇ ਦੇ ਰੂਪ ਵਿੱਚ ਆਪਣੇ ਕੇਨੋਸ਼ਾ ਸਥਿੱਤ ਘਰ ਵਿੱਚ ਇਨਾਂ ਨੂੰ ਸੌਂਪ ਦਿੱਤੇ। ਔਰਤ ਦਾ ਕੁਲ ਨੁਕਸਾਨ 6,53,000 ਡਾਲਰ ਤੋਂ ਵਧ ਦਾ ਹੋਇਆ। ਐਡੀਸਨ, ਇਲੀਨੋਇਸ ਪੁਲਿਸ ਨੇ ਨੰਦਨੀ ਨੂੰ ਗ੍ਰਿਫਤਾਰ ਕਰ ਲਿਆ ਹੈ ਜਿਸ ਨੇ ਮੰਨਿਆ ਕਿ ਉਸ ਨੇ ਔਰਤ ਦੇ ਘਰੋਂ ਸੋਨਾ ਲਿਆ ਹੈ। ਉਸ ਨੇ ਆਪਣੇ ਦੂਜੇ ਸਾਥੀ ਦਾ ਨਾਂ ਠਾਕਰ ਦੱਸਿਆ ਜੋ ਅਜੇ ਪੁਲਿਸ ਦੀ ਪਹੁੰਚ ਤੋਂ ਬਾਹਰ ਹੈ।

# ਅਮਰੀਕਾ ਵੱਲੋਂ ਭਾਰਤੀ ਲੋਕਾਂ ਦੀਆਂ 70ਫ਼ੀ ਸਦੀ ਵੀਜ਼ਾ ਅਰਜ਼ੀਆਂ ਰੱਦ

ਵਾਸ਼ਿੰਗਟਨ: ਅਮਰੀਕਾ ਦੇ ਰਾਸ਼ਟਰਪਤੀ ਡੌਨਲਡ ਟਰੰਪ ਵੱਲੋਂ ਤੀਜੀ ਦੁਨੀਆਂ ਦੇ ਮੁਲਕਾਂ ਤੋਂ ਇੰਮੀਗ੍ਰੇਸ਼ਨ ਉਤੇ ਮੁਕੰਮਲ ਰੋਕ ਲਾਏ ਜਾਣ ਦਰਮਿਆਨ ਭਾਰਤੀ ਲੋਕਾਂ ਦੀਆਂ 70 ਫ਼ੀ ਸਦੀ ਵੀਜ਼ਾ ਅਰਜ਼ੀਆਂ ਰੱਦ ਹੋਣ ਦੀ ਰਿਪੋਰਟ ਸਾਹਮਣੇ ਆਈ ਹੈ। ਨੈਸ਼ਨਲ ਫਾਊਂਡੇਸ਼ਨ ਆਫ਼ ਅਮੈਰਿਕ ਪੌਲਿਸੀ ਵੱਲੋਂ 2015 ਤੋਂ 2025 ਦਰਮਿਆਨ ਐਚ-1ਬੀ ਵੀਜ਼ਿਆਂ ਬਾਰੇ ਕੀਤੇ ਵਿਸ਼ਲੇਸ਼ਣ ਮੁਤਾਬਕ ਇਸ ਸਾਲ ਭਾਰਤੀ ਆਈ.ਟੀ. ਫਰਮਾਂ ਨੂੰ ਸਿਰਫ਼ 4,573 ਵੀਜ਼ਾ ਪ੍ਰਵਾਨਗੀਆਂ ਮਿਲੀਆਂ ਅਤੇ ਪਿਛਲੇ ਸਾਲ ਦੇ ਮੁਕਾਬਲੇ 37 ਫ਼ੀ ਸਦੀ ਘੱਟ ਬਣਦੀਆਂ ਹਨ ਜਦਕਿ 2015 ਦੇ ਮੁਕਾਬਲੇ ਇਹ ਅੰਕੜਾ 70 ਫੀ ਸਦੀ ਘੱਟ ਬਣਦਾ ਹੈ। ਐਚ-1ਬੀ ਵੀਜ਼ਾ ਯੋਜਨਾ ਅਧੀਨ ਵਿਦੇਸ਼ੀ ਕਾਮਿਆਂ ਨੂੰ ਭਰਤੀ ਕਰਨ ਵਾਲੀਆਂ ਸਿਖਰਲੀਆਂ 25 ਫ਼ਰਮਾਂ ਵਿਚੋਂ ਸਿਰਫ਼ 3 ਹੀ ਭਾਰਤੀ ਸਨ।

Member FDIC EQUAL HOUSING LENDER SBA Preferred Lender



Best-in-Class Banking Built to Respect Your Journey

Bank of Hope SBA Loans*

- Fast decisions through PLP Lender
- Long term financing up to 25 years for real estate loans, 10 years for business loans
- Low down payments as low as 10% for real estate loans
- Fully amortized payments with no balloon payments
- Closing costs financing available for eligible applicants

*All terms and conditions are subject to underwriting and credit approval.

Bank of Hope Commercial Lending

- Commercial Loans
  - Financing for retail strip centers and apartment purchases or refinances
- Term Loan Features
  - Up to 7-year installment terms
  - Fixed monthly payments (principal & interest) with full repayment at maturity
  - Lump sum disbursement
  - Fixed or variable interest rates
- Commercial Real Estate Loans & Lines of Credit
  - Ideal for purchasing or refinancing commercial properties for business owners

Top 2% SBA Lender in the U.S. by Volume‡

Brian Kang Business Banking / SVP & PNW Business Banking Regional Director
Seattle Office (425) 921-1098 Portland Office (971) 801-6275

Scan for more Info

Bank of Hope®

‡Source: SBA national lender rankings for Fiscal Year ended 09/30/2024.

# ਅਮਰੀਕਾ ਵਿਚ ਦੋਹਰੀ ਨਾਗਰਿਕਤਾ ਖਤਮ ਕਰਨ ਲਈ ਬਿੱਲ ਪੇਸ਼

ਓਹਾਇਓ- ਓਹਾਇਓ ਦੇ ਰਿਪਬਲੀਕਨ ਸੈਨੇਟਰ ਬਰਨੀ ਮੋਰੇਨੋ ਨੇ ਅਮਰੀਕੀਆਂ ਲਈ ਦੋਹਰੀ ਨਾਗਰਿਕਤਾਂ ਨੂੰ ਖਤਮ ਕਰਨ ਲਈ ਇਕ ਬਿੱਲ ਪੇਸ਼ ਕੀਤਾ ਹੈ। ਬਿੱਲ ਅਨੁਸਾਰ ”2025 ਦਾ ਵਿਸ਼ੇਸ਼ ਨਾਗਰਿਕਤਾ ਐਕਟ” ਇਹ ਸਥਾਪਿਤ ਕਰੇਗਾ ਕਿ ਹੁਣ ਜੇ ਕਿਸੇ ਕੋਲ ਅਮਰੀਕਾ ਦੀ ਨਾਗਰਿਕਤਾ ਹੈ, ਤਾਂ ਉਹ ਕਿਸੇ ਹੋਰ ਦੇਸ਼ ਦੀ ਨਾਗਰਿਕਤਾ ਨਹੀਂ ਰੱਖ ਸਕਦਾ। ਹਰ ਨਾਗਰਿਕ ਨੂੰ ਅਮਰੀਕਾ ਪ੍ਰਤੀ ਹੀ ਵਫਾਦਾਰੀ ਰੱਖਣੀ ਪਵੇਗੀ।

ਇਹ ਕਾਨੂੰਨ ਬੜਾ ਮਾਇਨੇ ਰੱਖਦਾ ਹੈ। ਜੇਕਰ ਇਹ ਕਾਨੂੰਨ ਲਾਗੂ ਹੋ ਜਾਂਦਾ ਹੈ, ਤਾਂ ਇਸ ਦਾ ਮਤਲਬ ਇਹ ਹੋਵੇਗਾ ਕਿ ਕੋਈ ਵੀ ਵਿਅਕਤੀ ਅਮਰੀਕੀ ਨਾਗਰਿਕ ਨਹੀਂ ਹੋ ਸਕਦਾ, ਜੇਕਰ ਉਹ ਕਿਸੇ ਹੋਰ ਦੇਸ਼ ਦੀ ਨਾਗਰਿਕਤਾ ਨਹੀਂ ਛੱਡੇਗਾ। ਇੱਥੇ ਇਹ ਵੀ ਕਹਿਣਾ ਬਣਦਾ ਹੈ ਕਿ ਇਹ ਸਪੱਸ਼ਟ ਨਹੀਂ ਹੈ ਕਿ ਜੇਕਰ ਅਜਿਹਾ ਹੁੰਦਾ ਹੈ, ਤਾਂ ਕਿੰਨੇ ਅਮਰੀਕੀ ਪ੍ਰਭਾਵਿਤ ਹੋ ਸਕਦੇ ਹਨ। ਕਿਉਂਕਿ ਅਮਰੀਕੀ ਕਾਨੂੰਨ ਲੋਕਾਂ ਨੂੰ ਦੋਹਰੀ ਨਾਗਰਿਕਤਾ ਦਾ ਐਲਾਨ ਕਰਨ ਜਾਂ ਰਜਿਸਟਰਡ ਕਰਨ ਦੀ ਲੋੜ ਨਹੀਂ ਰੱਖਦਾ ਅਤੇ ਨਾ ਹੀ ਸਰਕਾਰ ਇਸ ਬਾਰੇ ਕੋਈ ਰਜਿਸਟਰੀ ਰੱਖਦੀ ਹੈ।ਮਾਹਿਰਾਂ ਨੇ ਅੰਦਾਜ਼ਾ ਲਗਾਇਆ ਹੈ ਕਿ ਦੋਹਰੀ ਨਾਗਰਿਕਤਾ ਦੀ ਗਿਣਤੀ 5 ਲੱਖ ਤੋਂ 57 ਲੱਖ ਤੱਕ ਹੋ ਸਕਦੀ ਹੈ।

# ਫੇਸਬੁੱਕ ‘ਤੇ ਇੱਕ ਔਰਤ ਨੇ ਪਿਆਰ ਦਾ ਨਾਟਕ ਕਰਕੇ 2,80,000 ਡਾਲਰਾਂ ਦੀ ਮਾਰੀ ਠੱਗੀ



ਸੈਕਰਾਮੈਂਟੋ,ਕੈਲੀਫੋਰਨੀਆ (ਹੁਸਨ ਲੜੋਆ ਬੰਗਾ)- ਵਾਲਿੰਗਟਨ, ਨਿਊਜਰਸੀ ਵਿੱਚ ਰਹਿੰਦੇ 52 ਸਾਲਾ ਜੋਸਫ ਨੋਵਾਕ ਦੀ ਫੇਸਬੁੱਕ ਉਪਰ ਇਕ ਔਰਤ ਨਾਲ ਸ਼ੁਰੂ ਹੋਈ ਦੋਸਤੀ ਦਾ ਅੰਤ ਉਸ ਦੀ ਜੀਵਨ ਭਰ ਦੀ ਕਮਾਈ ਦੇ ਖਾਤਮੇ ਨਾਲ ਹੋਇਆ ਹੈ। ਅਕਤੂਬਰ 2024 ਵਿੱਚ ਨੋਵਾਕ ਨੇ ਫੇਸਬੁੱਕ ਉਪਰ ਇਕ ਪੋਸਟ ਸਾਂਝੀ ਕੀਤੀ ਸੀ ਕਿ ਸੇਫ ਫਾਸਟ ਫੂਡ ਦੇ ਬਦਲ ਨਾ ਹੋਣ ਕਾਰਨ ਉਸ ਦਾ ਪੁੱਤਰ ਸੀਲੇਸ ਰੋਗ ਤੋਂ ਪੀੜਤ ਹੈ।

ਇਸ ‘ਤੇ ਬਹੁਤ ਸਾਰੀਆਂ ਟਿੱਪਣੀਆਂ ਆਈਆਂ ਜਿਨਾਂ ਵਿਚੋਂ ਇੱਕ ਟਿੱਪਣੀ ਇੱਕ ਔਰਤ ਜਿਸ ਨੇ ਆਪਣਾ ਨਾਂ ਏਲਿਸ ਡੈਨਰ ਦੱਸਿਆ, ਦੀ ਸੀ। ਉਸ ਨੇ ਆਪਣੀ ਟਿੱਪਣੀ ਵਿੱਚ ਕਿਹਾ ਸੀ ‘ ਮੈ ਨਹੀਂ ਜਾਣਦੀ ਕਿ ਤੁਸੀਂ ਮੇਰੇ ਫੇਸਬੁੱਕ ਉਪਰ ਸੰਭਾਵੀ ਮਿਤਰ ਹੋ.. ਮੈ ਤੁਹਾਨੂੰ ਸ਼ਾਮਿਲ ਕੀਤਾ ਹੈ ਤੇ ਆਸ ਕਰਦੀ ਹਾਂ ਕਿ ਇਸ ਨਾਲ ਤੁਸੀਂ ਗਲਤ ਮਹਿਸੂਸ ਨਹੀਂ ਕਰੋਗੇ।‘ ਉਸ ਨੇ ਹੋਰ ਲਿਖਿਆ ‘ਮੈਨੂੰ ਤੁਹਾਡੀ ਪੁੱਤਰ ਬਾਰੇ ਦਿੱਲ ਨੂੰ ਛੂਹ ਲੈਣ ਵਾਲੀ ਪੋਸਟ ਮਿਲੀ ਹੈ, ਕੀ ਅਸੀਂ ਸੰਪਰਕ ਕਰ ਸਕਦੇ ਹਾਂ? ਇਹ ਸੁਨੇਹਾ ਸਧਾਰਨ ਸੀ ਤੇ ਇਸ ਵਿੱਚ ਕੁਝ ਵੀ ਨੁਕਸਾਨਦਾਇਕ ਨਹੀਂ ਲੱਗਦਾ ਸੀ। ਡੈਨਰ ਨੇ ਆਪਣੇ ਆਪ ਨੂੰ ਫੈਸ਼ਨ ਡਿਜਾਈਨਰ ਦਸਿਆ ਤੇ ਕਿਹਾ ਕਿ ਉਹ ਨਿਊਯਾਰਕ ਵਿੱਚ ਮੈਡੀਸਨ ਐਵੀਨਿਊ ਵਿੱਚ ਕੰਮ ਕਰਦੀ ਹੈ।

ਉਨਾਂ ਵਿਚਾਲੇ ਦੋਸਤੀ ਫੇਸਬੁੱਕ ਤੋਂ ਬਦਲ ਕੇ ਵੱਟਸ ਐਪ ਉਪਰ ਆ ਗਈ ਤੇ ਆਪਸ ਵਿੱਚ ਨਿੱਜੀ ਗੱਲਾਂ ਵੀ ਸਾਂਝੀਆਂ ਕਰਨ ਲੱਗੇ। ਨੋਵਾਕ ਜਿਸ ਦੀ ਇਨਫਰਮੇਸ਼ਨ ਟੈਕਨਾਲੋਜੀ ਦੇ ਉਪ ਪ੍ਰਧਾਨ ਵਜੋਂ ਨੌਕਰੀ ਜਾਂਦੀ ਰਹੀ ਸੀ ਤੇ ਉਹ ਪਤਨੀ ਨਾਲ ਦੋ ਬੱਚਿਆਂ ਦੀ ਸਾਂਭ ਸੰਭਾਲ ਨੂੰ ਲੈ ਕੇ ਕਾਨੂੰਨੀ ਲੜਾਈ ਲੜ ਰਿਹਾ ਸੀ। ਡੈਨਰ ਨੇ ਦਸਿਆ ਕਿ ਉਹ ਫੈਸ਼ਨ ਡਿਜਾਈਨਰ ਵਜੋਂ ਸ਼ਾਹੀ ਜਿੰਦਗੀ ਜੀ ਰਹੀ ਹੈ ਤੇ ਤਲਾਕਸ਼ੁੱਦਾ ਹੈ। ਇਸ ਸਾਲ ਫਰਵਰੀ ਵਿੱਚ ਉਨਾਂ ਨੇ ਇਕ ਦੂਸਰੇ ਨੂੰ ਪਿਆਰ ਕਰਨ ਦਾ ਐਲਾਨ ਕੀਤਾ।

ਅਪ੍ਰੈਲ ਵਿੱਚ ਡੈਨਰ ਨੇ ਇਕ ਨਕਲੀ ਕ੍ਰਿਪਟੋ ਨਿਵੇਸ਼ ਸਕੀਮ ਵਿੱਚ ਪੈਸਾ ਲਾਉਣ ਦੀ ਸ਼ਿਫਾਰਿਸ਼ ਕੀਤੀ ਜਿਸ ਉਪਰੰਤ ਨੋਵਾਕ ਨੇ ਆਪਣੀ ਜੀਵਨ ਭਰ ਦੀ ਕਮਾਈ 2,80,000 ਡਾਲਰ ਇਸ ਨਕਲੀ ਸਕੀਮ ਵਿੱਚ ਨਿਵੇਸ਼ ਕਰ ਦਿੱਤੇ। ਇਸ ਤੋਂ ਬਾਅਦ ਡੈਨਰ ਆਪਣੀ ਪ੍ਰੋਫਾਈਲ ਸਮੇਤ ਫੇਸਬੁੱਕ ਤੋਂ ਗਾਇਬ ਹੋ ਗਈ। ਸਭ ਕੁਝ ਗਵਾਉਣ ਤੋਂ ਬਾਅਦ ਨੋਵਾਕ ਹੁਣ ਪਛਤਾ ਰਿਹਾ ਹੈ ਤੇ ਆਪਣੇ ਬੱਚਿਆਂ ਦੇ ਭਵਿੱਖ ਬਾਰੇ ਚਿੰਤਤ ਹੈ। ਉਸ ਕੋਲ ਆਪਣੀ 78 ਸਾਲਾ ਬਿਰਧ ਮਾਂ ਦੀ ਦਵਾਈ ਲਈ ਵੀ ਪੈਸੇ ਨਹੀਂ ਹਨ।

# ਜਸਪ੍ਰੀਤ ਸਿੰਘ ਅਟਾਰਨੀ ਨੂੰ ਨਿਊਜਰਸੀ ਪ੍ਰਸ਼ਾਸਨ ‘ਚ ਮਿਲਿਆ ਵੱਡਾ ਅਹੁਦਾ



ਨਿਊਜਰਸੀ- ਨਿਊਜਰਸੀ ਦੀ ਗਵਰਨਰ ਮਿੱਕੀ ਸ਼ੈਰਿਲ ਨੇ ਅਮਰੀਕਾ ਦੇ ਜਾਣੇ-ਪਹਿਚਾਣੇ ਅਟਾਰਨੀ ਜਸਪ੍ਰੀਤ ਸਿੰਘ ਨੂੰ ਨਿਊਜਰਸੀ ਟਰਾਂਜ਼ੀਸ਼ਨ ਟੀਮ ਵਿਚ ਸ਼ਾਮਲ ਕੀਤਾ ਹੈ। ਪੰਜਾਬੀ ਭਾਈਚਾਰੇ ‘ਚ ਇਸ ਨਾਲ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਜਸਪ੍ਰੀਤ ਸਿੰਘ ਅਟਾਰਨੀ ਨੇ ਕਿਹਾ ਕਿ ਮੇਰੇ ਲਈ ਇਹ ਬੜੇ ਮਾਣ ਵਾਲੀ ਗੱਲ ਹੈ। ਉਨ੍ਹਾਂ ਦੱਸਿਆ ਕਿ ਇਹ ਨਿਯੁਕਤੀ ਪੂਰੇ ਪੰਜਾਬੀ ਭਾਈਚਾਰੇ ਲਈ ਫਾਇਦੇਮੰਦ ਹੈ। ਉਨ੍ਹਾਂ ਕਿਹਾ ਕਿ ਮੈਂ ਉਨ੍ਹਾਂ ਦੀ ਟੀਮ ਵਿਚ ਇਕੱਲਾ ਹੀ ਦਸਤਾਰਧਾਰੀ ਸਿੱਖ ਹੈ, ਜਿਸ ਨਾਲ ਸਿੱਖ ਪਹਿਚਾਣ ਬਣਾਉਣ ਵਿਚ ਵੱਡੀ ਮਦਦ ਮਿਲੇਗੀ। ਉਨ੍ਹਾਂ ਦੱਸਿਆ ਕਿ ਟਰਾਂਜ਼ੀਸ਼ਨ ਟੀਮ ਇਕ ਬਹੁਤ ਹੀ ਅਹਿਮ ਅਹੁਦਾ ਹੈ। ਇਸ ਟੀਮ ਵੱਲੋਂ ਗਵਰਨਰ ਦੇ ਜਿੰਨੇ ਵੀ ਡਿਪਾਰਟਮੈਂਟ ਹਨ, ਉਨ੍ਹਾਂ ਦੀਆਂ ਨਿਯੁਕਤੀਆਂ ਇਸੇ ਟੀਮ ਵਿਚੋਂ ਹੋਣਗੀਆਂ। ਸਰਕਾਰ ਵਿਚ ਕਿਸੇ ਤਰ੍ਹਾਂ ਦੀ ਨਵੀਂ ਨਿਯੁਕਤੀ ਇਸ ਟੀਮ ਵਿਚੋਂ ਹੀ ਕੀਤੀ ਜਾਂਦੀ ਹੈ। ਇਸ ਟੀਮ ਦੇ ਮੈਂਬਰਾਂ ਨੂੰ ਨਿਊਜਰਸੀ ਸਰਕਾਰ ਵਿਚ ਬੋਰਡ, ਕਮਿਸ਼ਨ ਜਾਂ ਕੈਬਨਿਟ ਦੇ ਮੈਂਬਰ ਲਿਆ ਜਾਵੇਗਾ। ਇਸ ਟਰਾਂਜ਼ੀਸ਼ਨ ਟੀਮ ਵਿਚ ਉੱਚ ਮੁਹਾਰਤ ਪ੍ਰਾਪਤ ਵਿਅਕਤੀ, ਪਾਰਟੀ ਲੀਡਰ ਜਾਂ ਗਵਰਨਰ ਦੇ ਕਰੀਬੀ ਆਗੂਆਂ ਨੂੰ ਹੀ ਲਿਆ ਜਾਂਦਾ ਹੈ, ਜਿਸ ‘ਤੇ ਗਵਰਨਰ ਨੂੰ ਇਤਬਾਰ ਹੁੰਦਾ ਹੈ। ਉਨ੍ਹਾਂ ਕਿਹਾ ਕਿ ਮੈਨੂੰ ਇਸ ਟੀਮ ਵਿਚ ਸ਼ਾਮਲ ਕੀਤਾ ਗਿਆ ਹੈ। ਮੈਂ ਤਹਿ ਦਿਲੋਂ ਨਿਊਜਰਸੀ ਗਵਰਨਰ ਮਿੱਕੀ ਸ਼ੈਰਿਲ ਦਾ ਧੰਨਵਾਦੀ ਹਾਂ। ਮੇਰੇ ਵੱਲੋਂ ਸਿੱਖ ਮਸਲੇ, ਇਮੀਗ੍ਰੇਸ਼ਨ ਸੰਬੰਧੀ ਮੁਸ਼ਕਿਲਾਂ ਜਾਂ ਸਥਾਨਕ ਵਪਾਰਕ ਅਦਾਰਿਆਂ ਬਾਰੇ ਵੀ ਮਸਲੇ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਮੈਂ ਚੋਣਾਂ ਦੌਰਾਨ ਹੀ ਇਮੀਗ੍ਰੇਸ਼ਨ ਦੀਆਂ ਮੁਸ਼ਕਲਾਂ ਸੰਬੰਧੀ ਉਨ੍ਹਾਂ ਨੂੰ ਚਾਨਣਾ ਪਾਇਆ ਸੀ। ਜਿਸ ‘ਤੇ ਉਨ੍ਹਾਂ ਕਿਹਾ ਕਿ ਮੈਨੂੰ ਪਲਾਨ ਦਿਓ, ਮੈਂ ਇਸ ‘ਤੇ ਕੰਮ ਕਰਾਂਗਾ। ਜਸਪ੍ਰੀਤ ਸਿੰਘ ਅਟਾਰਨੀ ਨੇ ਕਿਹਾ ਕਿ ਟਰਾਂਜ਼ੀਸ਼ਨ ਟੀਮ ਦਾ ਕੰਮ ਬਹੁਤ ਜਲਦ ਸ਼ੁਰੂ ਹੋ ਜਾਵੇਗਾ ਅਤੇ ਮੈਂ ਪੰਜਾਬੀ ਭਾਈਚਾਰੇ ਨਾਲ ਸੰਬੰਧਤ ਮੁਸ਼ਕਲਾਂ ਸੰਬੰਧੀ ਆਵਾਜ਼ ਉਠਾਵਾਂਗਾ।

# ਅਫਗਾਨ ਨਾਗਰਿਕ ਵੱਲੋਂ ਅਮਰੀਕੀਆਂ ਨੂੰ ਮਾਰਨ ਲਈ ਸੋਸ਼ਲ ਮੀਡੀਆ ‘ਤੇ ਪੋਸਟ ਕੀਤੀਆਂ ਗਈਆਂ ਧਮਕੀਆਂ

ਟੈਕਸਾਸ- ਟੈਕਸਾਸ ਦੇ ਫੋਰਟਵਰਥ ਵਿਚ ਰਹਿਣ ਵਾਲੇ ਅਫਗਾਨਿਸਤਾਨ ਦੇ ਨਾਗਰਿਕ 30 ਸਾਲਾ ਮੁਹੰਮਦ ਦਾਊਦ ਐਲੋਕੋਜ਼ੇ ਵੱਲੋਂ ਟਿਕਟਾਕ, ਐਕਸ ਅਤੇ ਫੇਸਬੁੱਕ ‘ਤੇ ਇੱਕ ਵੀਡੀਓ ਪੋਸਟ ਸ਼ੇਅਰ ਕੀਤੀ ਗਈ ਹੈ, ਜਿਸ ਵਿਚ ਉਸ ਨੇ ਅਮਰੀਕੀਆਂ ਅਤੇ ਹੋਰਨਾਂ ਨੂੰ ਮਾਰਨ ਲਈ ਬੰਬ ਬਣਾਉਣ ਅਤੇ ਆਤਮਘਾਤੀ ਹਮਲਾ ਕਰਨ ਬਾਰੇ ਕਿਹਾ ਹੈ। ਮੁਹੰਮਦ ਦਾਊਦ ਵੱਲੋਂ ਇਹ ਬਿਆਨ ਸੋਸ਼ਲ ਮੀਡੀਆ ‘ਤੇ ਪਿਛਲੇ ਦਿਨੀਂ ਦਿੱਤਾ ਗਿਆ ਸੀ। ਇਹ ਅਫਗਾਨ ਨਾਗਰਿਕ ਬਾਇਡਨ ਪ੍ਰਸ਼ਾਸਨ ਦੌਰਾਨ ਅਮਰੀਕਾ ਆਇਆ ਸੀ। ਉਸ ‘ਤੇ ਇਹ ਦੋਸ਼ ਲਗਾਇਆ ਗਿਆ ਹੈ ਕਿ ਉਹ ਇਥੇ ਅਮਰੀਕੀ ਨਾਗਰਿਕਾਂ ਨੂੰ ਮਾਰਨ ਲਈ ਹੀ ਆਇਆ ਸੀ। ਇਸ ਦੀ ਜਾਣਕਾਰੀ ਅਟਾਰਨੀ ਜਨਰਲ ਪਾਮੇਲਾ ਬਾਊਂਡੀ ਨੇ ਦਿੱਤੀ। ਉਨ੍ਹਾਂ ਦਾ ਕਹਿਣਾ ਹੈ ਕਿ ਬਾਇਡਨ ਪ੍ਰਸ਼ਾਸਨ ਵੱਲੋਂ ਜਾਂਚ ਵਿਚ ਕਮੀ ਹੋਣ ਕਾਰਨ ਜਨਤਕ ਸੁਰੱਖਿਆ ਦਾ ਖਤਰਾ ਵੱਧ ਗਿਆ ਹੈ। ਪਾਮੇਲਾ ਨੇ ਕਿਹਾ ਕਿ ਨਿਆਂ ਵਿਭਾਗ ਇਸ ਦੇ ਖਿਲਾਫ ਸੰਘਰਸ਼ ਜਾਰੀ ਰੱਖੇਗੀ, ਤਾਂ ਜੋ ਅਮਰੀਕੀ ਨਾਗਰਿਕਾਂ ਨੂੰ ਬਚਾਇਆ ਜਾ ਸਕੇ। ਪਾਮੇਲਾ ਨੇ ਕਿਹਾ ਕਿ ਅਮਰੀਕਾ ਲਈ ਇਸ ਤਰ੍ਹਾਂ ਦੇ ਲੋਕਾਂ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਦੌਰਾਨ ਅਮਰੀਕੀ ਅਟਾਰਨੀ ਰਿਆਨ ਰੇਬੋਲਡ ਨੇ ਉਸ ਦੀ ਗ੍ਰਿਫਤਾਰੀ ਦੀ ਸ਼ਲਾਘਾ ਕੀਤੀ ਹੈ ਅਤੇ ਕਿਹਾ ਕਿ ਜਨਤਕ ਸੁਰੱਖਿਆ ਨੂੰ ਖਤਰੇ ਵਿਚ ਪਾਉਣ ਵਾਲੇ ਵਿਅਕਤੀਆਂ ਨੂੰ ਨਿਆਂ ਦੇ ਘੇਰੇ ਵਿਚ ਲਿਆਂਦਾ ਜਾਵੇਗਾ। ਇਸ ਦੇ ਲਈ ਉਨ੍ਹਾਂ ਐੱਫ.ਬੀ.ਆਈ. ਦੀ ਵੀ ਤਾਰੀਫ ਕੀਤੀ।


ਆਪਣੇ ਵਪਾਰ ਦੇ ਵਾਧੇ ਲਈ ਇਸ਼ਤਿਹਾਰ ਪਾਉਣ ਲਈ ਫੋਨ ਕਰੋ 604-590-5200

Trusted Name in Real Estate
ਕਿਸੇ ਵੀ ਤਰ੍ਹਾਂ ਦੀ ਰੈਜੀਡੈਂਸ਼ੀਅਲ ਜਾਂ ਕਮਰਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਸਾਡੇ ਨਾਲ ਸੰਪਰਕ ਕਰੋ



GURBINDER DHALIWAL
REAL ESTATE BROKER
Cell:425-314-2111
Email:garyd@windermere.com
garydhaliwal.withwre.com
Windermere REAL ESTATE
801 State Ave,
Marrysville, Wa 98270

HOUSE FOR SALE
12728 SE 287TH Place, Auburn, WA 98092





Nestled in a serene Cul-de-sac, this exquisite residence offers the perfect blend of comfort and sophistication. The heart of the home lies in its gourmet kitchen, where culinary dreams come to life amidst top-of-the-line appliances, sleek countertops, and ample storage. Step outside onto the covered deck, a true oasis that extends your living space. The ambiance is elevated by a cozy fireplace, providing warm and inviting atmosphere for year-round outdoor enjoyment. Venture downstairs to discover a meticulously finished basement, featuring a private one-bedroom suite and a stylishly appointed bathroom. This versatile space offers endless possibilities, whether used as a guest retreat, home office, or an entertainment hub.



MANDEEP SANGHA
REAL ESTATE BROKER
Cell:425-210-8985
Email:m.sangha@windermere.com
m.sangha.withwre.com

ਅਸੀਂ ਮੁਫਤ ਨੋਟਰੀ ਸੇਵਾਵਾਂ ਦਿੰਦੇ ਹਾਂ

# ਸਤਿਗੁਰੂ ਨਾਨਕ ਦੀ ਸਿੱਖੀ ਨੂੰ ਸਮਰਪਿਤ ਸਿੱਖ ਹੀ ਤਨ ਆਰੇ ਨਾਲ ਚਿਰਵਾ ਕੇ ਤੇ ਉਬਲਦੀ ਦੇਗ਼ ਵਿੱਚ ਬੈਠ ਕੇ ਸ਼ਹੀਦੀ ਪ੍ਰਾਪਤ ਕਰ ਸਕਦਾ ਹੈ

ਜਥੇਦਾਰ ਮਹਿੰਦਰ ਸਿੰਘ ਯੂ.ਕੇ.

ਭਾਈ ਮਤੀ ਦਾਸ, ਭਾਈ ਸਤੀ ਦਾਸ, ਭਾਈ ਦਿਆਲਾ ਹਿੰਦੂ ਨਹੀਂ ਸਿੱਖ ਸਨ

ਦਾਸ ਨੇ ਹੱਥਲੇ ਲੇਖ ਨੂੰ ਤਿੰਨਾਂ ਹਿੱਸਿਆਂ ਵਿੱਚ ਵੰਡਿਆ ਹੈ : (1) ਭਾਈ ਸਤੀ ਦਾਸ, ਭਾਈ ਮਤੀ ਦਾਸ ਤੇ ਭਾਈ ਦਿਆਲਾ ਜੀ ਨੂੰ ਹਿੰਦੂਆਂ ਵਜੋਂ ਪ੍ਰਚਾਰਨ ਦੀ ਯੋਜਨਾ, ਪ੍ਰਕਾਸ਼ ਸਿੰਘ ਬਾਦਲ ਤੇ ਆਰ।ਐੱਸ।ਐੱਸ। ਨੇ ਬ੍ਰਾਹਮਣ ਸਭਾ ਪੰਜਾਬ ਨਾਲ ਮਿਲ ਕੇ ਕਿਵੇਂ ਬਣਾਈ ?

(2) ਨਾਨਕ ਨਾਮ ਲੇਵਾ ਸਿੱਖਾਂ ਦੇ ਨਾਵਾਂ ਦੀ ਬਦਲੀ 1699 ਦੀ ਵੈਸਾਖੀ ਨੂੰ ਅਨੰਦਪੁਰ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਈ । ਜਦੋਂ ਦਸਮੇਸ਼ ਪਿਤਾ ਨੇ ਚਰਨ ਪਹੁਲ ਨੂੰ ਖੰਡੇ ਦੀ ਪਾਹੁਲ ਵਿੱਚ ਬਦਲ ਕੇ ਆਪਣੀ ਨਾਦੀ ਸੰਤਾਨ ਨੂੰ ਸਿੰਘ ਅਤੇ ਕੌਰ ਦਾ ਕੌਮੀ ਨਾਂਅ ਬਖ਼ਸ਼ਿਸ ਕੀਤਾ । ਗੁਰੂ ਨਾਨਕ ਦੀ ਚਰਨ ਪਾਹੁਲ ਲੈਣ ਤੋਂ ਬਾਅਦ ਹਰ ਕੋਈ ਨਾਨਕ ਨਾਮ ਲੇਵਾ ਸਿੱਖ ਸੀ ਪਰ ਉਸ ਦਾ ਨਾਂ ਨਹੀਂ ਸੀ ਬਦਲਿਆ ਜਾਂਦਾ । ਗੁਰੂ ਨਾਨਕ ਦੀ ਸੰਗਤ ਲਈ ਦਰਵਾਜੇ ਸਾਰਿਆਂ ਲਈ ਖੁੱਲ੍ਹੇ ਸਨ, ਪਰ ਇਹ ਚੌਖਟ ਨਹੀਂ ਸਨ, ਭਾਵ ਜਿਥੇ ਰੰਗ, ਨਸਲ, ਜਾਤ ਅਤੇ ਧਰਮ ਦਾ ਕੋਈ ਭੇਦਭਾਵ ਨਹੀਂ ਸੀ, ਉਥੇ ਸਿੱਖੀ ਦੀ ਵਿਚਾਰਧਾਰਾ, ਸੰਕਲਪ, ਸਰੂਪ ਤੇ ਸਿਧਾਂਤ ਵਿੱਚ ਕਿਸੇ ਨੂੰ ਕੋਈ ਛੋਟ ਨਹੀਂ ਸੀ।

(3) ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦਾ ਪਰਿਵਾਰਕ ਸਿੱਖੀ ਪਿਛੋਕੜ ਤੇ ਸ਼ਹਾਦਤ ।

1999 ਵਿੱਚ ਸਿੱਖ ਕੌਮ ਨੇ ਆਪਣਾ 300 ਸਾਲਾ ਦਿਹਾੜਾ ਮਨਾਉਣ ਦਾ ਟੀਚਾ ਮਿੱਥਿਆ । ਉਸ ਵੇਲੇ ਕੇਂਦਰ ਵਿੱਚ ਸਰਕਾਰ ਭਾਜਪਾ ਤੇ ਪੰਜਾਬ ਵਿੱਚ ਉਨ੍ਹਾਂ ਦੇ ਭਵੀਸ਼ਣ ਬਾਦਲ ਦੀ ਸੀ । ਸੈਂਟਰ ਸਰਕਾਰ ਨੇ 300 ਸਾਲਾ ਜਸ਼ਨਾਂ ਨੂੰ ਮਨਾਉਣ ਲਈ 100 ਕਰੋੜ ਰੁਪਏ ਦਿੱਤੇ । ਇਸ ਵਿੱਚੋਂ 50 ਕਰੋੜ ਰੁਪਏ ਆਰ।ਐੱਸ।ਐੱਸ। ਨੂੰ ਪਿੰਡਾਂ ਵਿੱਚ ਪ੍ਰਚਾਰ ਕਰਨ ਲਈ ਦਿੱਤੇ । ਸੈਂਟਰ ਤੋਂ ਭਾਜਪਾ ਨੇ ਪ੍ਰਕਾਸ਼ ਸਿੰਘ ਬਾਦਲ ਨੂੰ ਹਦਾਇਤ ਕਰ ਦਿੱਤੀ ਕਿ ਜੇ ਪੰਜ ਸਾਲ ਰਾਜ ਕਰਨਾ ਤਾਂ ਆਰ।ਐੱਸ।ਐੱਸ। ਨੂੰ ਪਿੰਡਾਂ ਵਿੱਚ ਪ੍ਰਚਾਰ ਕਰਨ ਤੋਂ ਰੋਕਣ ਦੀ ਹੀਆ ਨਾ ਕਰਨਾ । ਆਰ।ਐੱਸ।ਐੱਸ। ਨੇ ਪੰਜਾਹ ਕਰੋੜ ਰੂਪਏ ਤੇ ਮੁਰਲੀ ਮਨੋਹਰ ਜੋਸ਼ੀ ਦੀ ਐੱਚ।ਆਰ।ਡੀ। ਤੋਂ ਕਰੋੜਾਂ ਰੁਪਏ ਲੈ ਕੇ ਦੋ ਹਜ਼ਾਰ ਨਕਲੀ ਸਿੱਖ ਜਾ ਕੇ ਪਿੰਡਾਂ ਵਿੱਚ ਪ੍ਰਚਾਰ ਕਰਨ ਲੱਗੇ । ਇਹ ਨਕਲੀ ਸਿੱਖਾਂ ਦਾ ਪਿੰਡਾਂ ਵਿੱਚ ਜਾ ਕੇ ਜਿਥੇ ਇਹ ਪ੍ਰਚਾਰ ਕਰਨਾ ਸੀ ਕਿ ਸਿੱਖ ਹਿੰਦੂ ਹਨ, ਸੰਗਯ ਹੀ ਖ਼ਾਲਸਾ ਹੈ, ਖ਼ਾਲਸਾ ਹਿੰਦੂਆਂ ਦੀ ਰੱਖਿਆ ਲਈ ਸਾਜਿਆ ਗਿਆ, ਉਥੇ ਇਹ ਵੀ ਉਨ੍ਹਾਂ ਦੇ ਪ੍ਰਚਾਰ ਦਾ ਹਿੱਸਾ ਸੀ ਕਿ : ਛੋਟੇ ਸਾਹਿਬਜ਼ਾਦਿਆਂ ਨੂੰ ਸੂਬੇ ਸਰਹੰਦ ਵਜ਼ੀਦ ਖਾਂ ਦੇ ਹਵਾਲੇ ਕਰਕੇ ਸ਼ਹੀਦ ਕਰਵਾਉਣ ਵਾਲੇ ਗੰਗੂ ਬ੍ਰਾਹਮਣ ਦਾ ਨਾਂਅ ਬਦਲ ਕੇ ਗੰਗ-ਉਲ-ਹੱਕ ਦੇ ਨਾਂਅ ਵਜੋਂ ਪ੍ਰਚਾਰਿਆ ਜਾਵੇ । ਇਸੇ ਤਰ੍ਹਾਂ ਗੁਰੂ ਤੇਗ਼ ਬਹਾਦਰ ਸਾਹਿਬ ਨਾਲ ਸ਼ਹੀਦ ਹੋਣ ਵਾਲੇ ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਨੂੰ ਸ਼ਰਮਾ ਲਿਖ ਕੇ ਹਿੰਦੂ ਸਾਬਤ ਕੀਤਾ ਜਾਵੇ । (ਨੋਟ-ਨਵੰਬਰ 2006, ਸੈਲਾਬ ਮੈਗਜ਼ੀਨ ਦੇ ਪੰਨਾ 33 ਉੱਤੇ ਖਾਲਸਾ ਪੰਚਾਇਤ ਵੱਲੋਂ ਇਕ ਲੰਬਾ ਚੌੜਾ ਲੇਖ ਛਪਿਆ ਸੀ ਦਾਸ ਨੇ ਆਪਣੇ ਲੇਖ ਨਾਲ ਸੰਬੰਧਿਤ ਉਕਤ ਕੁਝ ਟੂਕਾਂ ਉਸ ਲੇਖ ਵਿੱਚੋਂ ਲਈਆਂ ਹਨ) ਇਸੇ ਹੀ ਵਿਸ਼ੇ ਨਾਲ ਸੰਬੰਧਿਤ 27-6-2013 ਪੰਜਾਬ ਟਾਈਮਜ਼ ਦੇ ਪੰਨਾ 73 ਉੱਤੇ ਡਾ: ਅਮਰਜੀਤ ਸਿੰਘ, ਵਾਸ਼ਿੰਗਟਨ ਦਾ ਇਕ ਲੇਖ ਇਸ ਸਿਰਲੇਖ ਹੇਠ ਛਪਿਆ ਸੀ : ਬਾਦਲ ਵੱਲੋਂ ਸਿੱਖ ਕੌਮ ਅਤੇ ਸਿੱਖ ਇਤਿਹਾਸ ਦਾ ਕੀਤਾ ਜਾ ਰਿਹੈ ਸਤਿਆਨਾਸ਼, ਮਹਾਨ ਸਿੱਖ ਸ਼ਹੀਦਾਂ ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਨੂੰ ਪੰਜਾਬ ਬ੍ਰਾਹਮਣ ਸਭਾ ਦੀ ਝੋਲੀ ਪਾਇਆ । ਲੇਖਕ ਨੇ ਇਸ ਲੇਖ ਵਿੱਚ ਜਾਗਰਣ ਅਖ਼ਬਾਰ ਵਿੱਚ ਛੱਪੀ ਇਕ ਖ਼ਬਰ ਅਤੇ ਜੰਮੂ-ਕਸ਼ਮੀਰ ਦੇ ਸਿੱਖਾਂ ਵੱਲੋਂ ਪ੍ਰਕਾਸ਼ ਸਿੰਘ ਬਾਦਲ ਦੇ ਇਸ ਬਿਆਨ ਦਾ ਵਿਰੋਧ ਕੀਤਾ ਗਿਆ ਜਿਸ ਵਿੱਚ ਬਾਦਲ ਨੇ ਕਿਹਾ ਕਿ ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਨੂੰ ਹਿੰਦੂ ਸਿੱਧ ਕਰਨ ਲਈ ਬ੍ਰਾਹਮਣ ਸਭਾ ਪੰਜਾਬ ਵੱਲੋਂ ਬਣਾਈ ਜਾ ਰਹੀ ਯਾਦਗਾਰ ਲਈ ਬਾਦਲ ਸਰਕਾਰ ਵੱਲੋਂ 50 ਲੱਖ ਰੁਪਏ ਦਿੱਤੇ ਜਾਣਗੇ ਦਾ ਹਵਾਲਾ ਦਿੱਤਾ ਹੈ । ਬਾਦਲ ਵੱਲੋਂ ਸਿੱਖ ਕੌਮ ਅਤੇ ਸਿੱਖ ਇਤਿਹਾਸ ਦਾ ਕੀਤਾ ਜਾ ਰਿਹੈ ਸਤਿਆਨਾਸ਼ ਲੇਖ ਦਾ ਸਾਰ ਅੰਸ਼ ਹੈ : ਪੰਜਾਬ ਦੇ ਮੁੱਖ ਮੰਤਰੀ (2013 ਵਿੱਚ) ਪ੍ਰਕਾਸ਼ ਸਿੰਘ ਬਾਦਲ ਨੇ ਕਿਸੇ ਹਿੰਦੂ ਮੰਦਿਰ ਵਿੱਚ ਜਾ ਕੇ ਇਹ ਸਹੁੰ ਖਾਧੀ ਜਾਪਦੀ ਹੈ ਕਿ ਉਹ ਨਿਵੇਕਲੇ ਸਿੱਖ ਧਰਮ, ਸਿੱਖ ਇਤਿਹਾਸ ਅਤੇ ਸਿੱਖ ਕੌਮ ਨੂੰ ਮਰਨ ਤੋਂ ਪਹਿਲਾਂ ਹਿੰਦੂਤਵ ਦੇ ਸਮੁੰਦਰ ਵਿੱਚ ਗਰਕ ਕਰਕੇ ਹੀ ਰਹੇਗਾ (ਨੋਟ-ਲੇਖਕ ਦੀ ਉਕਤ ਭਵਿੱਖਬਾਣੀ ਸੱਚ ਸਾਬਤ ਹੋਈ ਹੈ) ਪੰਜਾਬ ਵਿੱਚ ਇਸ ਵੇਲੇ ਕਾਫੀ ਪ੍ਰਸਿੱਧ ਅਖ਼ਬਾਰ ਜਾਗਰਣ ਵਿੱਚੋਂ ਇਕ ਖ਼ਬਰ ਹਿੰਦੂ ਧਰਮ ਦੀ ਰੱਖਿਆ ਲਈ ਸ਼ਹੀਦ ਹੋਣ ਵਾਲਿਆਂ ਦੀ ਬਣੇਗੀ ਯਾਦਗਾਰ ਦੇ ਸਿਰਲੇਖ ਹੇਠ ਪ੍ਰਕਾਸ਼ਤ ਹੋਈ ਹੈ । ਇਸ ਖ਼ਬਰ ਦਾ ਵੇਰਵਾ ਆਪਣੇ ਆਪ ਵਿੱਚ ਹੀ ਦਰਸਾ ਰਿਹਾ ਹੈ ਕਿ ਪੰਜਾਬ ਦਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਕਿਵੇਂ ਸਿੱਖ ਧਰਮ ਦੀ ਨਿਵੇਕਲੀ ਤੇ ਸੁਤੰਤਰ ਹੋਂਦ ਹਸਤੀ ਦਾ ਸਤਿਆਨਾਸ਼ ਕਰਨ ਫ਼ਲਸਤੂਤੇ ਤੁਲਿਆ ਹੋਇਆ ਹੈ । ਇਸ ਖ਼ਬਰ ਦੇ ਵੇਰਵੇ ਅਨੁਸਾਰ ਹਿੰਦੂ ਧਰਮ ਦੀ ਰੱਖਿਆ ਵਾਸਤੇ ਸਿੱਖਾਂ ਦੇ ਨੌਵੇਂ ਗੁਰੂ ਤੇਗ਼ ਬਹਾਦਰ ਸਾਹਿਬ ਜੀ ਨਾਲ ਸ਼ਹੀਦ ਹੋਣ ਵਾਲੇ ਭਾਈ ਮਤੀ ਦਾਸ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਯਾਦਗਾਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਬਣਾਈ ਜਾਵੇਗੀ । ਇਹ ਜਾਣਕਾਰੀ ਅੱਜ ਪੰਜਾਬ ਦੇ ਮੁੱਖ ਮੰਤਰੀ ਬਾਦਲ ਨੇ ਪਿੰਡ ਖਾਟੀ ਵਿੱਚ ਬ੍ਰਾਹਮਣ ਸਭਾ ਪੰਜਾਬ ਵੱਲੋਂ ਭਗਵਾਨ ਪਰਸ਼ੂ ਰਾਮ ਜੀ ਦੇ ਤੱਪ ਅਸਥਾਨ ਵਿਖੇ ਸੂਬਾ ਪੱਧਰੀ ਮਹਾਂ ਸੰਮੇਲਨ ਨੂੰ ਸੰਬੋਧਨ ਕਰਦਿਆਂ ਦਿੱਤੀ । ਉਨ੍ਹਾਂ ਨੇ ਖਾਟੀ ਧਾਮ ਅਸਥਾਨ ਦੀ ਇਮਾਰਤ ਲਈ 50 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ । ਪ੍ਰਕਾਸ਼ ਸਿੰਘ ਬਾਦਲ ਵੱਲੋਂ ਪੰਜਾਬ ਬ੍ਰਾਹਮਣ ਸਭਾ ਦੇ ਪਰਸ਼ੂ ਰਾਮ ਸਮਾਗਮ ਵਿੱਚ ਜਾ ਕੇ ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੀ ਸ਼ਹੀਦੀ ਯਾਦਗਾਰ ਬਣਾਉਣ ਦਾ ਐਲਾਨ ਇਹ ਸਪੱਸ਼ਟ ਸੁਨੇਹਾ ਦੇਣਾ ਸੀ ਕਿ ਸਿੱਖ ਧਰਮ ਵਿੱਚ ਯਕੀਨ ਰੱਖਣ ਵਾਲੇ ਇਹ ਤਿੰਨੇ ਸ਼ਹੀਦ ਸਿੱਖ ਨਹੀਂ ਸਨ, ਬ੍ਰਾਹਮਣ ਸਨ ਜਿਨ੍ਹਾਂ ਨੇ ਹਿੰਦੂ ਧਰਮ ਦੀ ਰੱਖਿਆ ਲਈ ਸ਼ਹੀਦੀ ਦਿੱਤੀ (ਨੋਟ-ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਤਿੰਨੇ ਸਿੱਖ ਸ਼ਹੀਦਾਂ ਨੂੰ ਪੰਜਾਬ ਸਭਾ ਬ੍ਰਾਹਮਣ ਦੀ ਝੋਲੀ ਪਾਉਣ ਦੀ ਸਲਾਹ ਪ੍ਰਕਾਸ਼ ਸਿੰਘ ਬਾਦਲ ਨੂੰ ਸਾਬਕਾ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਤਰਲੋਚਨ ਸਿੰਘ ਨੇ ਦਿੱਤੀ ਸੀ) ਪ੍ਰਕਾਸ਼ ਸਿੰਘ ਬਾਦਲ ਦੇ ਉਕਤ ਬਿਆਨਾਂ ਦਾ ਖੰਡਨ ਜੰਮੂ-ਕਸ਼ਮੀਰ ਦੇ ਸਿੱਖਾਂ ਨੇ ਇਨ੍ਹਾਂ ਸ਼ਬਦਾਂ ਵਿੱਚ ਕੀਤਾ : ਸਿੱਖ ਧਰਮ ਵਿੱਚ ਪ੍ਰਵੇਸ਼ ਕਰਨ ਤੋਂ ਬਾਅਦ ਕਿਸੇ ਦੀ ਕੋਈ ਪਿਛਲੀ ਜਾਤ-ਪਾਤ ਨਹੀਂ ਰਹਿੰਦੀ, ਇਸ ਲਈ ਸਿੱਖ ਸ਼ਹੀਦਾਂ ਨੂੰ ਉਨ੍ਹਾਂ ਦੇ ਸਿੱਖੀ ਧਾਰਨ ਕਰਨ ਤੋਂ ਪਹਿਲਾਂ ਦੇ ਪਿਛੋਕੜ ਨਾਲ ਜੋੜਨਾ ਘੋਰ ਅਵੱਗਿਆ ਹੈ । ਗੁਰੂ ਨਾਨਕ ਸਾਹਿਬ ਨੇ ਨਵਾਂ ਮੱਤ (ਸਿੱਖ ਮੱਤ) ਤੇ ਨਵਾਂ ਪੰਥ ਚਲਾਇਆ । ਮੁਸਲਮਾਨ ਵੀ ਉਨ੍ਹਾਂ ਸਿੱਖ ਬਣਦੇ ਜਾਂਦੇ ਸਨ ਤੇ ਹਿੰਦੂ ਵੀ । ਬ੍ਰਾਹਮਣ ਵੀ ਉਨ੍ਹਾਂ ਦੇ ਸਿੱਖ ਸਨ ਤੇ ਸ਼ੂਦਰ ਵੀ । ਜਿਹੜਾ ਉਨ੍ਹਾਂ ਦਾ ਸਿੱਖ ਬਣਦਾ ਸੀ ਉਹ ਨਾ ਹਿੰਦੂ ਰਹਿੰਦਾ ਸੀ ਨਾ ਮੁਸਲਮਾਨ, ਉਹ ਗੁਰੂ ਨਾਨਕ ਦਾ ਸਿੱਖ ਅਖਵਾਂਦਾ ਸੀ । ਬਾਬੇ ਨਾਨਕ ਦੀ ਸਿੱਖੀ ਤੇ ਬਾਬੇ ਨਾਨਕ ਦੇ ਮਾਰਗ ਨੂੰ ਲੋਕ ਗੁਰੂ-ਮੱਤ ਆਖਣ ਲੱਗ ਪਏ ਅਤੇ ਬਾਬੇ ਨਾਨਕ ਦੇ ਪੰਥ ਨੂੰ ਨਿਰਮਲ ਪੰਥ ਤੇ ਸੱਚਾ ਪੰਥ ਆਖਣ ਲੱਗ ਪਏ (ਮਾਰਿਆ ਸਿੱਕਾ ਜਗਤ ਵਿਚਿ ਨਾਨਕ ਨਿਰਮਲ ਪੰਥ ਚਲਾਇਆ) ਇਉਂ ਗੁਰੂ ਨਾਨਕ ਨੇ ਨਵੇਂ ਧਰਮ ਅਤੇ ਨਵੇਂ ਪੰਥ ਦੀ ਨੀਂਹ ਰੱਖੀ । ਇਸ ਪੰਥ ਤੇ ਮੱਤ ਨੂੰ ਨਵੀਂ ਦੀਖਿਆ, ਸਿੱਖਿਆ ਦੀ ਰਸਮ ਦਿੱਤੀ । ਨਵੀਂ ਰਹਿਤ ਬਹਿਤ ਦਿੱਤੀ । ਨਵਾਂ ਅਧਿਆਤਮਕ ਤੇ ਸਮਾਜਿਕ ਸਿਧਾਂਤ ਦਿੱਤਾ । ਗੁਰੂ ਨਾਨਕ ਸਾਹਿਬ ਦੇ ਸ਼ਬਦ ਗੁਰੂ ਦਾ ਸਿਧਾਂਤ ਉਨ੍ਹਾਂ ਦਾ ਅੰਮ੍ਰਿਤ ਗਿਆਨ ਇਸ ਪੰਥ ਦਾ ਮੂਲ ਅਧਾਰ ਬਣਿਆ । ਹਿੰਦੂਆਂ ਮੁਸਲਮਾਨਾਂ ਦਰਮਿਆਨ, ਨੀਵੀਆਂ ਤੇ ਉੱਚੀਆਂ ਸ਼੍ਰੇਣੀਆਂ ਦਰਮਿਆਨ ਖੜ੍ਹੀਆਂ ਕੀਤੀਆਂ ਸਮਾਜ ਤੇ ਸੱਭਿਆਚਾਰ ਦੀਆਂ ਦੀਵਾਰਾਂ ਗੁਰੂ ਦੇ ਸਿੱਖੀ ਸਿਧਾਂਤਾਂ ਨੇ ਹੂੰਝ ਕੇ ਪਰੇ ਮਾਰੀਆਂ । ਇਨ੍ਹਾਂ ਦਿਨਾਂ ਵਿੱਚ ਹੀ ਉਨ੍ਹਾਂ ਨੇ ਆਪਣੇ ਨਵੇਂ ਗਿਆਨ ਦੀ ਦੀਖਿਆ ਦੇਣੀ ਅਰੰਭ ਕੀਤੀ । ਇਹ ਦੀਖਿਆ ਚਰਨ-ਪਾਹੁਲ ਦੇ ਕੇ ਨਾਮ ਦ੍ਰਿੜਾ ਕੇ ਦਿੱਤੀ ਜਾਂਦੀ ਸੀ । ਇਨ੍ਹਾਂ ਦਿਨਾਂ ਵਿੱਚ ਹੀ ਉਨ੍ਹਾਂ ਨੇ ਆਪਣੀ ਰਹਿਤ ਮਰਿਯਾਦਾ ਦੇ ਨਿਯਮ ਬਣਾਏ ਜੋ ਸਭ ਸਿੱਖਾਂ ਲਈ ਸਾਂਝੇ ਸਨ ਚਾਹੇ ਉਹ ਸਿੱਖ ਪਹਿਲਾਂ ਹਿੰਦੂ ਸਨ ਚਾਹੇ ਮੁਸਲਮਾਨ ਸਨ, ਚਾਹੇ ਪਹਿਲਾਂ ਅਛੂਤ ਸਨ ਉਨ੍ਹਾਂ ਲਈ ਉਪਦੇਸ਼ ਰਹਿਤ ਮਰਿਯਾਦਾ ਤੇ ਦੀਖਿਆ ਸਾਂਝੀ ਸੀ । ਆਪਣੀਆਂ ਉਦਾਸੀਆਂ ਦੌਰਾਨ ਕਈ ਸ੍ਰੇਸ਼ਟ ਸਿੱਖਾਂ ਨੂੰ ਚਰਨ-ਪਾਹੁਲ ਦਿੱਤੀ । ਜਦ ਮਰਦਾਨੇ ਨੂੰ ਦੀਖਿਆ ਮਿਲੀ ਤਾਂ ਉਸ ਨੂੰ ਵੀ ਇਹੀ ਰਹਿਤ ਮਰਿਯਾਦਾ ਦ੍ਰਿੜ ਕਰਵਾਈ ਗਈ ਸੀ । ਕੇਸ ਰੱਖਣੇ, ਪਿਛਲੀ ਰਾਤ ਸਤਿਨਾਮ ਦਾ ਜਾਪ ਜਪਣਾ, ਆਉਂਦੇ ਜਾਂਦੇ ਸਾਧ ਸੰਤ ਦੀ ਸੇਵਾ ਕਰਨੀ, ਲੋੜਵੰਦਾਂ ਦੀ ਮਦਦ ਕਰਨੀ । ਗੁਰੂ ਨਾਨਕ ਦੀ ਚਰਨ-ਪਾਹੁਲ ਲੈਣ ਤੋਂ ਬਾਅਦ ਹਰ ਕੋਈ ਨਾਨਕ ਨਾਮ ਲੇਵਾ ਸਿੱਖ ਸੀ । ਗੁਰੂ ਨਾਨਕ ਦੀ ਸੰਗਤ ਲਈ ਦਰਵਾਜ਼ੇ ਸਾਰਿਆਂ ਲਈ ਖੁੱਲ੍ਹੇ ਸਨ, ਪਰ ਇਹ ਚੌਖਟ ਨਹੀਂ ਸਨ । ਭਾਵ, ਜਿਥੇ ਰੰਗ ਨਸਲ ਜਾਤ ਅਤੇ ਧਰਮ ਦਾ ਕੋਈ ਭੇਦ-ਭਾਵ ਨਹੀਂ ਸੀ, ਉਥੇ ਸਿੱਖੀ ਦੀ ਵਿਚਾਰਧਾਰਾ, ਸੰਕਲਪ, ਸਰੂਪ ਤੇ ਸਿੱਖੀ ਸਿਧਾਂਤ ਵਿੱਚ ਕੋਈ ਛੋਟ ਨਹੀਂ ਸੀ । ਗੁਰੂ ਨਾਨਕ ਦੀ ਸਿੱਖੀ ਧਾਰਨ ਕਰਨ ਵਾਲੇ ਮਨੁੱਖ ਸਿੱਖ ਕਹਿਲਾਏ ।

ਭਾਈ ਮਤੀ ਦਾਸ ਅਤੇ ਸਤੀ ਦਾਸ ਦੇ ਵਡੇਰੇ ਭਾਈ ਗੌਤਮ ਜੀ ਨੇ ਸਭ ਤੋਂ ਪਹਿਲਾਂ ਸਿੱਖੀ ਧਾਰਨ ਕੀਤੀ ਤੇ ਉਨ੍ਹਾਂ ਦੀ ਪੀੜ੍ਹੀ ਨੇ ਸਾਰੇ ਗੁਰੂ ਸਾਹਿਬਾਨ ਦੀ ਸੇਵਾ ਵਿੱਚ ਰਹਿ ਕੇ ਸਿੱਖੀ ਦੀ ਚੜ੍ਹਦੀ ਕਲਾ ਵਾਸਤੇ ਖਾਸ ਯੋਗਦਾਨ ਪਾਇਆ । ਸਿੱਖ ਧਰਮ ਦੀ ਪ੍ਰਫੁੱਲਤਾ ਵਾਸਤੇ ਸ਼ੁਰੂਆਤੀ ਦਿਨਾਂ ਵਿੱਚ ਭਾਈ ਗੌਤਮ ਜੀ ਦੇ ਪਰਿਵਾਰ ਨੇ ਅਹਿਮ ਭੂਮਿਕਾ ਨਿਭਾਈ । ਭਾਈ ਗੌਤਮ ਜੀ ਦੇ ਪਰਿਵਾਰ ਵਿੱਚੋਂ ਜੋ ਸਿੱਖ ਧਰਮ ਵਿੱਚ ਆਏ ਉਹ ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਸਮੇਂ ਅਕਾਲ ਤਖ਼ਤ ਦੀ ਸਿਰਜਨਾ ਤੋਂ ਬਾਅਦ ਬਣਾਈ ਅਕਾਲ ਫੌਜ ਵਿੱਚ ਸ਼ਾਮਿਲ ਹੋ ਕੇ ਚੰਗੇ ਸਾਹਸੀ ਯੋਧੇ ਬਣੇ । ਜਿਨ੍ਹਾਂ ਨੇ ਸਿੱਖ ਧਰਮ ਲਈ ਮਹਾਨ ਕੁਰਬਾਨੀਆਂ ਦਿੰਦੇ ਹੋਏ ਸ਼ਹੀਦੀਆਂ ਪ੍ਰਾਪਤ ਕੀਤੀਆਂ ਜਿਵੇਂ ਕਿ, ਭਾਈ ਪਰਾਗਾ ਜੀ ਤੇ ਭਾਈ ਬਾਲੂ ਗਊ ਜੀ । ਗੁਰੂ ਤੇਗ਼ ਬਹਾਦਰ ਸਾਹਿਬ ਨਾਲ ਚਾਂਦਨੀ ਚੌਂਕ ਵਿੱਚ ਸ਼ਹੀਦ ਹੋਣ ਵਾਲੇ ਦੋ ਸਕੇ ਭਰਾ ਮਤੀ ਦਾਸ ਅਤੇ ਭਾਈ ਸਤੀ ਦਾਸ ਗੁਰੂ ਤੇਗ਼ ਬਹਾਦਰ ਸਾਹਿਬ ਦੇ ਚੜ੍ਹਦੀ ਕਲਾ ਵਾਲੇ ਅਨਿਨ ਸਿੱਖ ਸਨ । ਇਨ੍ਹਾਂ ਦੋਵਾਂ ਭਰਾਵਾਂ ਨੂੰ ਗੁਰੂ ਤੇਗ਼ ਬਹਾਦਰ ਦੇ ਸਾਹਮਣੇ ਸ਼ਹੀਦ ਕੀਤਾ ਗਿਆ । ਭਾਈ ਮਤੀ ਦਾਸ ਨੂੰ ਆਰੇ ਨਾਲ ਚੀਰ ਕੇ ਸ਼ਹੀਦ ਕੀਤਾ ਗਿਆ ਅਤੇ ਭਾਈ ਸਤੀ ਦਾਸ ਦੇ ਸਰੀਰ ਦੁਆਲੇ ਰੂੰ ਲਪੇਟ ਕੇ ਅੱਗ ਲਗਾ ਦਿੱਤੀ ਜਿਸ ਨਾਲ ਉਹ ਸ਼ਹੀਦ ਹੋ ਗਏ । ਇਨ੍ਹਾਂ ਦੋਵਾਂ ਅਨਿਨ ਸਿੱਖਾਂ ਦੀ ਸ਼ਹਾਦਤ ਵੇਖਕੇ ਹੀ ਗੁਰੂ ਤੇਗ਼ ਬਹਾਦਰ ਸਾਹਿਬ ਨੇ ਆਪਣੇ ਪਾਵਨ ਪਵਿੱਤਰ ਮੁੱਖ ਤੋਂ ਉਚਾਰਨ ਕਰਕੇ ਕਿਹਾ ਸੀ ਧੰਨ ਸਿੱਖੀ, ਭਾਈ ਦਿਆਲਾ-ਭਾਈ ਦਿਆਲਾ ਜੀ 12 ਭਰਾ ਸਨ । ਭਾਈ ਦਿਆਲਾ ਜੀ ਦੇ ਪਿਤਾ ਭਾਈ ਮਾਈ ਦਾਸ ਤੇ ਦਾਦਾ ਭਾਈ ਬਲੂ ਰਾਮ ਜੀ ਸਨ । ਇਸ ਵੰਸ਼ ਦੀਆਂ ਤਿੰਨ ਪੀੜੀਆਂ ਵਿੱਚੋਂ 29 ਸਿੱਖ ਸ਼ਹੀਦ ਹੋਏ । ਭਾਈ ਦਿਆਲਾ ਜੀ ਸ਼ਹੀਦ ਭਾਈ ਮਨੀ ਸਿੰਘ ਦੇ ਸਕੇ ਭਰਾ ਸਨ । ਭਾਈ ਦਿਆਲਾ ਜੀ ਦੇ ਵੱਡ ਵਡੇਰੇ ਪੱਕੇ ਗੁਰਸਿੱਖ ਸਨ । ਉਨ੍ਹਾਂ ਦੇ ਦਾਦਾ ਭਾਈ ਬਲੂ ਜੀ ਗੁਰੂ ਹਰਗੋਬਿੰਦ ਸਾਹਿਬ ਜੀ ਤਰਫੋਂ ਅੰਮ੍ਰਿਤਸਰ ਦੀ ਜੰਗ ਵਿੱਚ ਲੜਿਆ ਅਤੇ ਅਨੇਕਾਂ ਮੁਗ਼ਲਾਂ ਨੂੰ ਮਾਰ ਕੇ ਸ਼ਹਾਦਤ ਪ੍ਰਾਪਤ ਕੀਤੀ । ਭਾਈ ਮਾਈਦਾਸ ਨੇ ਆਪਣੇ ਦੋਵਾਂ ਪੁੱਤਰਾਂ ਭਾਈ ਦਿਆਲਾ ਉਮਰ 15 ਸਾਲ ਅਤੇ ਭਾਈ ਮਨੀ ਰਾਮ (ਨੋਟ ਇਹੀ ਭਾਈ ਮਨੀ ਰਾਮ 1699 ਦੀ ਵੈਸਾਖੀ ਨੂੰ ਅੰਮ੍ਰਿਤ ਛੱਕ ਕੇ ਭਾਈ ਮਨੀ ਸਿੰਘ ਬਣਿਆ ਅਤੇ ਬੰਦ ਬੰਦ ਕਟਵਾ ਕੇ ਸ਼ਹਾਦਤ ਪ੍ਰਾਪਤ ਕੀਤੀ) ਉਮਰ 13 ਸਾਲ ਨੂੰ ਗੁਰੂ ਹਰਿ ਰਾਏ ਸਾਹਿਬ ਦੀ ਸੇਵਾ ਵਿੱਚ ਲਿਆਂਦਾ । ਬਾਅਦ ਵਿੱਚ ਗੁਰੂ ਤੇਗ਼ ਬਹਾਦਰ ਸਾਹਿਬ ਨੇ ਭਾਈ ਦਿਆਲਾ ਜੀ ਨੂੰ ਘਰ ਬਾਰੀ ਵਜ਼ੀਰ ਥਾਪਿਆ । ਭਾਈ ਦਿਆਲਾ ਜੀ ਵੀ ਭਾਈ ਮਤੀ, ਭਾਈ ਸਤੀ ਦਾਸ ਨਾਲ ਉਸ ਸਮੇਂ ਚਾਂਦਨੀ ਚੌਂਕ ਵਿੱਚ ਗੁਰੂ ਤੇਗ਼ ਬਹਾਦਰ ਸਾਹਿਬ ਦੇ ਨਾਲ ਸਨ ਜਦੋਂ ਉਨ੍ਹਾਂ ਦੀ ਸ਼ਹਾਦਤ ਹੋਈ । ਭਾਈ ਮਤੀ ਦਾਸ ਤੇ ਸਤੀ ਦਾਸ ਦੀ ਸ਼ਹਾਦਤ ਤੋਂ ਬਾਅਦ ਕਾਜੀ ਅਬਦੁੱਲ ਵਹੀਰ ਨੇ ਜਦੋਂ ਭਾਈ ਦਿਆਲਾ ਨੂੰ ਕਲਮਾਂ ਪੜ੍ਹਨ ਲਈ ਕਿਹਾ ਤਾਂ ਕਿਹਾ ਤੋਂ ਅੱਗੋਂ ਭਾਈ ਦਿਆਲਾ ਜੀ ਨੇ ਜੁਆਬ ਦਿੱਤਾ : ਅਸੀਂ ਸਿੱਖਾਂ ਨੇ ਗੁਰੂ ਸਾਹਿਬਾਨ ਤੋਂ ਅਲ-ਕਲਮਾ (ਧੁਰ ਕੀ ਬਾਣੀ) ਪੜ੍ਹ ਲਈ ਹੈ ਜੋ ਕਿ ਗੁਰਬਾਣੀ ਰੂਪ ਵਿੱਚ ਧੁਰ ਦਰਗਾਹੋਂ, ਸਤਿਗੁਰੂ ਨਾਨਕ ਦੇ ਹਿਰਦੇ ਰਾਹੀਂ ਇਸ ਧਰਤੀ ਫ਼ਲਸਤੂਤੇ ਪ੍ਰਕਾਸ਼ਮਾਨ ਹੋਈ ਹੈ । ਸਮੂਹ ਸ੍ਰਿਸ਼ਟੀ ਤੇ ਕਾਇਨਾਤ ਦਾ ਰਚਨਹਾਰ ਇਕੋ ਇਕ ਅਕਾਲ ਪੁਰਖ ਹੈ । ਅਸੀਂ ਸਿੱਖ ਅਕਾਲ ਪੁਰਖ ਵਾਚ (ਮੂਲ ਮੰਤਰ) ਦਾ ਹੀ ਜਾਪ ਕਰਦੇ ਹਾਂ । ਇਹ ਜੁਆਬ ਸੁਣ ਕੇ ਕਾਜੀ ਅਬਦੁੱਲ ਨੇ ਗੁੱਸੇ ਵਿੱਚ ਬੁਖਲਾਏ ਹੋਏ ਨੇ ਜਲਾਦਾਂ ਨੂੰ ਹੁਕਮ ਦਿੱਤਾ ਕਿ ਇਸ ਸਿੱਖੜੇ ਨੂੰ ਉਬਲਦੀ ਦੇਗ਼ ਵਿੱਚ ਬਿਠਾਲ ਕੇ ਸ਼ਹੀਦ ਕੀਤਾ ਜਾਵੇ । ਭਾਈ ਦਿਆਲਾ ਜੀ ਨੇ ਗੁਰੂ ਦੇ ਚਰਨਾਂ ਦਾ ਧਿਆਨ ਧਰਦੇ ਹੋਏ ਆਪ ਹੀ ਉਬਲਦੀ ਦੇਗ਼ ਵਿੱਚ ਪਹਿਲਾਂ ਸੱਜਾ ਪੈਰ ਪਾਇਆ ਫਿਰ ਖੱਬਾ ਪੈਰ ਦੇਗ਼ ਵਿੱਚ ਪਾ ਕੇ ਚੌਂਕੜਾ ਮਾਰ ਕੇ ਬੈਠ ਗਏ ਅਤੇ ਗੁਰਬਾਣੀ ਦਾ ਪਾਠ ਕਰਦਿਆਂ ਕਰਦਿਆਂ ਉਹ ਸ਼ਹੀਦ ਹੋ ਗਏ । ਨਵੰਬਰ 1675 ਈ: ਨੂੰ ਚਾਂਦਨੀ ਚੌਂਕ ਦਿੱਲੀ ਵਿਖੇ ਗੁਰੂ ਤੇਗ਼ ਬਹਾਦਰ ਸਾਹਿਬ ਨਾਲ ਸ਼ਹੀਦ ਹੋਣ ਵਾਲੇ ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਨਿਰਸੰਦੇਹ ਗੁਰੂ ਕੇ ਸਿੱਖ ਸਨ । ਸਤਿਗੁਰੂ ਨਾਨਕ ਦੀ ਸਿੱਖੀ ਨੂੰ ਸਮਰਪਿਤ ਸਿੱਖ ਹੀ ਤਨ ਆਰੇ ਨਾਲ ਚਿਰਵਾ ਕੇ ਅਤੇ ਉਬਲਦੀ ਦੇਗ਼ ਵਿੱਚ ਬੈਠ ਕੇ ਸ਼ਹੀਦੀ ਪ੍ਰਾਪਤ ਕਰ ਸਕਦਾ ਹੈ ।-ਗੁਰੂ ਪੰਥ ਦਾ ਦਾਸ



ਜਥੇਦਾਰ ਮਹਿੰਦਰ ਸਿੰਘ ਯੂ.ਕੇ.

## ਅਮਰੀਕਾ ਵਿਚ 19 ਮੁਲਕਾਂ ਦੇ ਲੋਕ ਨਹੀਂ ਬਣ ਸਕਣਗੇ ਨਾਗਰਿਕ

ਵਾਸ਼ਿੰਗਟਨ:-ਅਮਰੀਕਾ ਵਿਚ 19 ਮੁਲਕਾਂ ਨਾਲ ਸਬੰਧਤ ਪ੍ਰਵਾਸੀਆਂ ਦੇ ਨਾਗਰਿਕ ਵਜੋਂ ਸਹੁੰ ਚੁੱਕਣ ‘ਤੇ ਮੁਕੰਮਲ ਰੋਕ ਲਾ ਦਿਤੀ ਗਈ ਹੈ ਅਤੇ ਰਾਸ਼ਟਰਪਤੀ ਡੌਨਲਡ ਟਰੰਪ ਦੇ ਤਾਜ਼ਾ ਹੁਕਮਾਂ ਮਗਰੋਂ 15 ਲੱਖ ਤੋਂ ਵੱਧ ਅਸਾਇਲਮ ਅਰਜ਼ੀਆਂ ਪ੍ਰਭਾਵਤ ਹੋਣ ਦਾ ਖਦਸ਼ਾ ਜ਼ਾਹਰ ਕੀਤਾ ਜਾ ਰਿਹਾ ਹੈ।ਪੌਲਿਸੀ ਮੈਮੋਰੈਂਡਮ ਮੁਤਾਬਕ ਡੌਨਲਡ ਟਰੰਪ 30 ਤੋਂ ਵੱਧ ਮੁਲਕਾਂ ਉਤੇ ਆਵਾਜਾਈ ਬੰਦਿਸ਼ਾਂ ਲਾਗੂ ਕਰਨ ਬਾਰੇ ਵੀ ਵਿਚਾਰ ਕਰ ਰਹੇ ਹਨ।‘ਦਾ ਨਿਊ ਯਾਰਕ ਟਾਈਮਜ਼ ਦੀ ਰਿਪੋਰਟ ਮੁਤਾਬਕ ਟਰੰਪ ਸਰਕਾਰ ਨੇ ਤੈਅ ਕਰ ਲਿਆ ਹੈ ਕਿ ਅਫ਼ਗਾਨਿਸਤਾਨ, ਮਿਆਂਮਾਰ, ਰਿਪਬਲਿਕ ਆਫ਼ ਕਾਂਗੋ, ਈਰਾਨ, ਹੈਤੀ, ਲੀਬੀਆ, ਸੋਮਾਲੀਆ, ਸੁਡਾਨ ਅਤੇ ਯਮਨ ਵਰਗੇ ਮੁਲਕਾਂ ਨਾਲ ਸਬੰਧਤ ਕੋਈ ਪ੍ਰਵਾਸੀ ਸਿਟੀਜ਼ਨਸ਼ਿਪ ਦੀ ਸਹੁੰ ਨਹੀਂ ਚੁੱਕ ਸਕੇਗਾ।


AKAL TRAVEL

ਅਮਰੀਕਾ ਦੇ ਕਿਸੇ ਵੀ ਸ਼ਹਿਰ ਤੋਂ ਵਧੀਆ ਫਲਾਈਟਾਂ, ਵਧੀਆ ਸੇਵਾਵਾਂ ਅਤੇ ਘੱਟ ਕਿਰਾਏ ਲਈ ਸੰਪਰਕ ਕਰੋ




We Represent All Major Airline

We Will Beat Or Match Any Price

Seattle to Delhi : $785

We Issue The Ticket From India Also

Delhi Bombay Special Ask For Detail

WE ALSO DO : * NOTARY * VISA * PASSPORT * TRANSLATION

PHONE : 253-852-1984, 253-852-1985

24 HOUR EMERGENCY SERVICE 206-370-9480

TOLL FREE : 1-800-828-8543

EMAIL : FLY@AKALTRAVEL.COM

HOURS : MON TO SAT 9AM TO 7PM AND SUN 1PMTO 6PM

## ਰਾਸ਼ਟਰਪਤੀ ਟਰੰਪ ਵੱਲੋਂ ਬਾਇਡਨ ਦੇ ‘ਆਟੋਪੈਨ’ ਨਾਲ ਜਾਰੀ ਸਾਰੇ ਆਦੇਸ਼ ਰੱਦ

ਵਾਸ਼ਿੰਗਟਨ-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ੁੱਕਰਵਾਰ ਨੂੰ ਇਕ ਹੋਰ ਵੱਡਾ ਐਲਾਨ ਕਰਦੇ ਹੋਏ ਕਿਹਾ ਕਿ ਉਹ ਸਾਬਕਾ ਰਾਸ਼ਟਰਪਤੀ ਜੋਅ ਬਾਇਡਨ ਦੁਆਰਾ ‘ਆਟੋਪੈਨ’ ਨਾਲ ਹਸਤਾਖਰ ਕੀਤੇ ਗਏ ਸਾਰੇ ਕਾਰਜਕਾਰੀ ਆਦੇਸ਼ਾਂ ਅਤੇ ਦਸਤਾਵੇਜ਼ਾਂ ਨੂੰ ਤੁਰੰਤ ਰੱਦ ਕਰ ਰਹੇ ਹਨ।ਟਰੰਪ ਨੇ ਦਾਅਵਾ ਕੀਤਾ ਕਿ ਬਾਇਡਨ ਪ੍ਰਸ਼ਾਸਨ ਦੌਰਾਨ ਲਗਭਗ 92 ਫ਼ੀਸਦੀ ਆਦੇਸ਼ ਇਸੇ ਮਸ਼ੀਨ ਨਾਲ ਸਾਈਨ ਹੋਏ ਸਨ ਅਤੇ ਇਹ ਪ੍ਰਥਾ ਗੈਰ-ਕਾਨੂੰਨੀ ਸੀ। ਟਰੰਪ ਨੇ ਦੋਸ਼ ਲਗਾਇਆ ਕਿ ਰੈਡੀਕਲ ਲੈਫਟ ਦੇ ਪਾਗਲ ਲੋਕਾਂ ਨੇ ਬਾਇਡਨ ਦੇ ਅਸਲ ਕੰਟਰੋਲ ਵਿਚ ਨਾ ਹੋਣ ਕਰਕੇ ਉਨ੍ਹਾਂ ਤੋਂ ਰਾਸ਼ਟਰਪਤੀ ਦਾ ਅਹੁਦਾ ਖੋਹ ਲਿਆ ਸੀ।ਇਸ ਦੇ ਨਾਲ ਹੀ ਟਰੰਪ ਨੇ ਇੱਕ ਹੋਰ ਵੱਡਾ ਫੈਸਲਾ ਸੁਣਾਉਂਦੇ ਹੋਏ ਐਲਾਨ ਕੀਤਾ ਕਿ ਉਹ ਤੀਜੀ ਦੁਨੀਆਂ ਦੇ ਸਾਰੇ ਦੇਸ਼ਾਂ ਤੋਂ ਅਮਰੀਕਾ ਆਉਣ ਵਾਲੀ ਇਮੀਗ੍ਰੇਸ਼ਨ ਨੂੰ ਸਥਾਈ ਤੌਰ ‘ਤੇ ਰੋਕ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਕਦਮ ਨਾਲ ਬਾਇਡਨ ਦੇ ਸਮੇਂ ਆਟੋਪੈਨ ਰਾਹੀਂ ਹੋਈ ਸਾਰੀ ਗੈਰ-ਕਾਨੂੰਨੀ ਐਂਟਰੀ ਨੂੰ ਖਤਮ ਕਰਨ ਅਤੇ ਉਨ੍ਹਾਂ ਸਭ ਨੂੰ ਬਾਹਰ ਕੱਢਣ ਦਾ ਮੌਕਾ ਮਿਲੇਗਾ, ਜੋ ਅਮਰੀਕਾ ਨੂੰ ਕੋਈ ਫਾਇਦਾ ਨਹੀਂ ਪਹੁੰਚਾਉਂਦੇ। ਉਨ੍ਹਾਂ ਨੇ ਸਾਰੇ ਗੈਰ-ਨਾਗਰਿਕਾਂ ਨੂੰ ਮਿਲਣ ਵਾਲੀਆਂ ਫੈਡਰਲ ਸਹੂਲਤਾਂ ਅਤੇ ਸਬਸਿਡੀਆਂ ਬੰਦ ਕਰਨ ਦਾ ਵੀ ਐਲਾਨ ਕੀਤਾ।ਟਰੰਪ ਦਾ ਇਹ ਐਲਾਨ ਵਾਸ਼ਿੰਗਟਨ ਡੀ.ਸੀ. ਵਿਚ ਇੱਕ ਅਫਗਾਨ ਨਾਗਰਿਕ ਦੁਆਰਾ ਨੈਸ਼ਨਲ ਗਾਰਡ ਦੇ 2 ਜਵਾਨਾਂ ‘ਤੇ ਗੋਲੀ ਚਲਾਉਣ ਦੀ ਘਟਨਾ ਦੇ 2 ਦਿਨ ਬਾਅਦ ਆਇਆ ਹੈ, ਜਿਸ ਵਿਚ ਇੱਕ ਮਹਿਲਾ ਜਵਾਨ ਦੀ ਮੌਤ ਹੋ ਗਈ ਸੀ।ਟਰੰਪ ਦੇ ਇਨ੍ਹਾਂ ਫੈਸਲਿਆਂ ਨਾਲ ਅਮਰੀਕਾ ਵਿਚ ਇਮੀਗ੍ਰੇਸ਼ਨ ਅਤੇ ਪਿਛਲੇ ਪ੍ਰਸ਼ਾਸਨ ਦੇ ਫੈਸਲਿਆਂ ਨੂੰ ਲੈ ਕੇ ਨਵਾਂ ਸਿਆਸੀ ਸੰਕਟ ਖੜ੍ਹਾ ਹੋ ਗਿਆ ਹੈ। ਕਾਨੂੰਨੀ ਮਾਹਿਰਾਂ ਦਾ ਕਹਿਣਾ ਹੈ ਕਿ ਆਟੋਪੇਨ ਦੀ ਵਰਤੋਂ ਪਿਛਲੀਆਂ ਕਈ ਸਰਕਾਰਾਂ ਵਿਚ ਆਮ ਰਹੀ ਹੈ ਅਤੇ ਫੈਡਰਲ ਦਿਸ਼ਾ-ਨਿਰਦੇਸ਼ਾਂ ਤਹਿਤ ਜਾਇਜ਼ ਮੰਨੀ ਜਾਂਦੀ ਹੈ।

## ਟਰੰਪ ਇੱਕ ਵਾਰ ਫਿਰ ਤੋਂ ਸਖ਼ਤ ਇੰਮੀਗ੍ਰੇਸ਼ਨ ਕਾਨੂੰਨਾਂ ਦੀ ਤਿਆਰੀ ‘ਚ

ਵਾਸ਼ਿੰਗਟਨ - ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਇੱਕ ਵਾਰ ਫਿਰ ਤੋਂ ਸਖ਼ਤ ਇਮੀਗ੍ਰੇਸ਼ਨ ਕਾਨੂੰਨਾਂ ਦੀ ਤਿਆਰੀ ਵਿਚ ਹਨ। ਉਨ੍ਹਾਂ ਦੇ ਤਾਜ਼ਾ ਬਿਆਨਾਂ ਤੋਂ ਸੰਕੇਤ ਮਿਲਦਾ ਹੈ ਕਿ ਉਹ ਅਮਰੀਕਾ ਵਿਚ ਵਿਦੇਸ਼ੀਆਂ ਦੀ ਐਂਟਰੀ ਨੂੰ ਲਗਭਗ ਪੂਰੀ ਤਰ੍ਹਾਂ ਰੋਕਣ ਦੀ ਦਿਸ਼ਾ ਵਿਚ ਵੱਡਾ ਫੈਸਲਾ ਕਰ ਸਕਦੇ ਹਨ।ਟਰੰਪ ਦਾ ਕਹਿਣਾ ਹੈ ਕਿ ਅਜਿਹੇ ਪ੍ਰਵਾਸੀਆਂ ਨੂੰ ਅਮਰੀਕਾ ਵਿਚ ਰਹਿਣ ਦਾ ਹੱਕ ਨਹੀਂ ਹੋਣਾ ਚਾਹੀਦਾ, ਜੋ ਅਵੈਧ ਤਰੀਕੇ ਨਾਲ ਦੇਸ਼ ਵਿਚ ਦਾਖਲ ਹੋਏ ਹੋਣ, ਅਪਰਾਧਾਂ ਵਿਚ ਸ਼ਾਮਲ ਹੋਣ ਜਾਂ ਅਮਰੀਕੀ ਸਮਾਜ ਅਤੇ ਸੁਰੱਖਿਆ ਲਈ ਖ਼ਤਰਾ ਬਣ ਰਹੇ ਹੋਣ। ਉਨ੍ਹਾਂ ਨੇ ਆਪਣੀ ਸੋਸ਼ਲ ਮੀਡੀਆ ਸਾਈਟ ‘ਟਰੁੱਥ ਸੋਸ਼ਲ’ ‘ਤੇ ਇਮੀਗ੍ਰੇਸ਼ਨ ਐਂਡ ਨੈਸ਼ਨੈਲਿਟੀ ਐਕਟ ਦੇ ਸੈਕਸ਼ਨ 212 (ਐੱਫ) ਦਾ ਜ਼ਿਕਰ ਕੀਤਾ। ਇਹ ਕਾਨੂੰਨ ਰਾਸ਼ਟਰਪਤੀ ਨੂੰ ਇਹ ਅਧਿਕਾਰ ਦਿੰਦਾ ਹੈ ਕਿ ਜੇ ਉਹ ਦੇਸ਼ ਦੇ ਹਿੱਤ ਵਿਚ ਜ਼ਰੂਰੀ ਸਮਝਣ, ਤਾਂ ਕਿਸੇ ਵੀ ਵਿਦੇਸ਼ੀ ਨਾਗਰਿਕ ਨੂੰ ਅਮਰੀਕਾ ਵਿਚ ਦਾਖਲ ਹੋਣ ਤੋਂ ਰੋਕ ਸਕਦੇ ਹਨ।ਟਰੰਪ ਨੇ ਦਾਅਵਾ ਕੀਤਾ ਕਿ ਅਮਰੀਕਾ ਵਿਚ ਇਸ ਸਮੇਂ ਵਿਦੇਸ਼ੀ ਆਬਾਦੀ ਇਤਿਹਾਸਕ ਤੌਰ ‘ਤੇ ਸਭ ਤੋਂ ਵੱਧ ਹੈ—ਲਗਭਗ ਹਰ 6 ਅਮਰੀਕੀਆਂ ਵਿਚੋਂ 1 ਪ੍ਰਵਾਸੀ ਹੈ। ਉਨ੍ਹਾਂ ਨੇ ਸੰਕੇਤ ਦਿੱਤਾ ਕਿ ਇਸ ਸਥਿਤੀ ਨੂੰ ਰੋਕਣ ਲਈ ਬਹੁਤ ਸਖ਼ਤ ਕਦਮ ਚੁੱਕੇ ਜਾਣਗੇ।

## ਅਮਰੀਕਾ ‘ਚ ਤੀਜਾ ਪੰਜਾਬੀ ਟਰੱਕ ਡਰਾਈਵਰ ਡਿਪੋਰਟ

ਨਿਊ ਯਾਰਕ : ਅਮਰੀਕਾ ਵਿਚ ਜਾਨਲੇਵਾ ਸੜਕ ਹਾਦਸੇ ਦੇ ਦੋਸ਼ੀ ਇਕ ਹੋਰ ਪੰਜਾਬੀ ਟਰੱਕ ਡਰਾਈਵਰ ਨੂੰ ਡਿਪੋਰਟ ਕੀਤਾ ਜਾ ਰਿਹਾ ਹੈ।ਵੈਸਟ ਵਰਜੀਨੀਆ ਦੇ ਚੀਟ ਲੇਕ ਇਲਾਕੇ ਵਿਚ ਜਨਵਰੀ ਦੌਰਾਨ ਵਾਪਰੇ ਹਾਦਸੇ ਮਗਰੋਂ ਅਕਤੂਬਰ ਵਿਚ ਸੁਖਜਿੰਦਰ ਸਿੰਘ ਨੂੰ ਅਣਗਹਿਲੀ ਕਾਰਨ ਮੌਤ ਦਾ ਜ਼ਿੰਮੇਵਾਰ ਠਹਿਰਾਉਂਦਿਆਂ ਇਕ ਸਾਲ ਲਈ ਜੇਲ ਭੇਜ ਦਿਤਾ ਗਿਆ ਅਤੇ ਹੁਣ ਇੰਮੀਗ੍ਰੇਸ਼ਨ ਐਂਡ ਕਸਟਮਜ਼ ਐਨਫ਼ੋਰਸਮੈਂਟ ਵਾਲੇ ਉਸ ਨੂੰ ਚੁੱਕ ਕੇ ਲੈ ਗਏ।ਸੁਖਜਿੰਦਰ ਸਿੰਘ ਨੂੰ ਕਿਹੜੇ ਡਿਟੈਨਸ਼ਨ ਸੈਂਟਰ ਵਿਚ ਲਿਜਾਇਟਾ ਗਿਆ ਹੈ, ਫ਼ਿਲਹਾਲ ਬਾਰੇ ਪਤਾ ਨਹੀਂ ਲੱਗ ਸਕਿਆ। ਦੂਜੇ ਪਾਸੇ ਇਕ ਹੋਰ ਮੀਡੀਆ ਰਿਪੋਰਟ ਵਿਚ ਸੁਖਜਿੰਦਰ ਸਿੰਘ ਨੂੰ ਸਜ਼ਾ ਮੁਕੰਮਲ ਹੋਣ ਤੋਂ ਬਾਅਦ ਡਿਪੋਰਟ ਕੀਤੇ ਜਾਣ ਦਾ ਜ਼ਿਕਰ ਕੀਤਾ ਗਿਆ ਹੈ।

## ਟਰੰਪ ਵੱਲੋਂ 19 ਦੇਸ਼ਾਂ ਦੇ ਨਾਗਰਿਕਾਂ ਦੇ ਗਰੀਨ ਕਾਰਡਾਂ ਬਾਰੇ ਮੁੜ ਨਰੀਖਣ ਕਰਨ ਦੇ ਆਦੇਸ਼

ਸੈਕਰਾਮੈਂਟੋ, ਕੈਲੀਫੋਰਨੀਆ (ਹੁਸਨ ਲੜੋਆ ਬੰਗਾ)-ਵਾਈਟ ਹਾਊਸ ਨੇੜੇ ਇੱਕ ਅਫ਼ਗਾਨਸਤਾਨੀ ਮੂਲ ਦੇ ਵਿਅਕਤੀ ਵੱਲੋਂ ਗੋਲੀਆਂ ਮਾਰ ਕੇ 2 ਨੈਸ਼ਨਲ ਗਾਰਡਾਂ ਨੂੰ ਗੰਭੀਰ ਜ਼ਖਮੀ ਕਰ ਦੇਣ ਉਪਰੰਤ ਰਾਸ਼ਟਰਪਤੀ ਡੋਨਾਲਡ ਟਰੰਪ ਨੇ 19 ਵਿਵਾਦਤ ਦੇਸ਼ਾਂ ਦੇ ਨਾਗਿਰਕਾਂ ਦੇ ਗਰੀਨ ਕਾਰਡਾਂ ਬਾਰੇ ਮੁੜ ਨਰੀਖਣ ਕਰਨ ਦੇ ਆਦੇਸ਼ ਦਿੱਤੇ ਹਨ। ਇਹ ਪ੍ਰਗਟਾਵਾ ਅਮਰੀਕਾ ਦੇ ਗ੍ਰਹਿ ਸੁਰੱਖਿਆ ਵਿਭਾਗ ਦੇ ਡਾਇਰੈਕਟਰ ਜੋਸਫ ਐਡਲੋਅ ਨੇ ਕੀਤਾ ਹੈ। ਐਡਲੋਅ ਨੇ ਐਕਸ ਉਪਰ ਲਿਖਿਆ ਹੈ ਕਿ ਰਾਸ਼ਟਰਪਤੀ ਦੇ ਆਦੇਸ਼ ‘ਤੇ ਗਰੀਨ ਕਾਰਡਾਂ ਧਾਰਕਾਂ ਦੀ ਨਵੇਂ ਸਿਰੇ ਤੋਂ ਬਹੁਤ ਬਰੀਕੀ ਨਾਲ ਜਾਂਚ ਪੜਤਾਲ ਕੀਤੀ ਜਾਵੇਗੀ। ਗੋਲੀਬਾਰੀ ਤੋਂ ਬਾਅਦ ਯੂ ਐਸ ਸਿਟੀਜਨਸ਼ਿੱਪ ਐਂਡ ਇਮੀਗ੍ਰੇਸ਼ਨ ਸਰਵਿਸਜ ਵਿਭਾਗ ਪਹਿਲਾਂ ਹੀ ਅਫਗਾਨਿਸਤਾਨ ਨਾਗਰਿਕਾਂ ਦੀਆਂ ਦਰਖਾਸਤਾਂ ਉਪਰ ਰੋਕ ਲਾ ਚੁੱਕਾ ਹੈ। ਅਫਗਾਨਿਸਤਾਨ ਉਨਾਂ ਦੇਸ਼ਾਂ ਵਿੱਚ ਸ਼ਾਮਿਲ ਹੈ ਜਿਸ ਦੇ ਨਾਗਰਿਕਾਂ ਉਪਰ ਟਰੰਪ ਇਸ ਸਾਲ ਜੂਨ ਵਿੱਚ ਅਮਰੀਕਾ ਆਉਣ ‘ਤੇ ਪਾਬੰਦੀ ਲਾ ਚੁੱਕੇ ਹਨ। ਨੈਸ਼ਨਲ ਗਾਰਡਾਂ ਉਪਰ ਹਮਲਾ ਕਰਨ ਵਾਲਾ ਰਹਿਮਾਨਉਲਾ ਲਕਨਵਾਲ ਅਫਗਾਨਿਸਤਾਨ ਵਿੱਚ ਸੀ ਆਈ ਏ ਸਮੇਤ ਅਮਰੀਕਾ ਦੀਆਂ ਅਨੇਕਾਂ ਸਰਕਾਰੀ ਏਜੰਸੀਆਂ ਨਾਲ ਕੰਮ ਕਰ ਚੁੱਕਾ ਹੈ। ਨਿਊਯਾਰਕ ਟਾਈਮਜ਼ ਤੇ ਵਾਲ ਸਟਰੀਟ ਜਨਰਲ ਦੀ ਰਿਪੋਰਟ ਅਨੁਸਾਰ 29 ਸਾਲਾ ਲਕਨਵਾਲ ਨੇ ਕੰਧਾਰ ਵਿੱਚ ਸੀ ਆਈ ਏ ਸਮਰਥਕ ਮਿਲਟਰੀ ਯੁਨਿਟ ਲਈ ਕੰਮ ਕੀਤਾ ਸੀ। ਉਹ 2021 ਵਿੱਚ ਅਫਗਾਨਿਸਤਾਨ ਵਿਚੋਂ ਅਮਰੀਕੀ ਫੌਜਾਂ ਕੱਢਣ ਉਪਰੰਤ ਅਮਰੀਕਾ ਆਇਆ ਸੀ। ਜਿਨਾਂ ਵਿਵਾਦਤ 19 ਦੇਸ਼ਾਂ ਦੇ ਨਾਗਰਿਕਾਂ ਦੇ ਗਰੀਨ ਕਾਰਡਾਂ ‘ਤੇ ਮੁੜ ਵਿਚਾਰ ਕੀਤਾ ਜਾਣਾ ਹੈ ਉਨਾਂ ਵਿੱਚ ਅਫਗਾਨਿਸਤਾਨ, ਬਰਮਾ, ਚਾਡ, ਰਿਪਬਲਿਕ ਆਫ ਕਾਗੋ, ਇਕੂਆਟੋਰੀਅਲ ਗੁਇਨੀਆ, ਈਰੀਟਰੀ, ਹੈਤੀ, ਇਰਾਨ, ਲੀਬੀਆ, ਸੋਮਾਲੀਆ, ਸੂਡਾਨ, ਯਮਨ, ਬਰੂੰਡੀ, ਕਿਊਬਾ,ਲਾਓਸ, ਸੀਏਰਾ ਲਿਓਨ, ਤੁਰਕਮੇਨਿਸਤਾਨ, ਟੋਗੋ ਤੇ ਵੈਂਜ਼ੂਏਲਾ ਸ਼ਾਮਿਲ ਹਨ।

## ਅਫ਼ਗਾਨ ਨਾਗਰਿਕਾਂ ਨੂੰ ਵੀਜ਼ਾ ਨਹੀਂ ਦੇਵੇਗਾ ਅਮਰੀਕਾ

ਵਾਸ਼ਿੰਗਟਨ- ਬੀਤੇ ਹਫਤੇ ਅਮਰੀਕਾ ਵਿਚ ਵ੍ਹਾਈਟ ਹਾਊਸ ਨੇੜੇ ਗੋਲੀਬਾਰੀ ਹੋਈ। 2 ਨੈਸ਼ਨਲ ਗਾਰਡਮੈਨਾਂ ‘ਤੇ ਹਮਲਾ ਕੀਤਾ ਗਿਆ। ਇੱਕ ਗਾਰਡ ਮਾਰਿਆ ਗਿਆ ਅਤੇ ਦੂਜਾ ਗੰਭੀਰ ਜ਼ਖਮੀ ਹੋ ਗਿਆ। ਇਸ ਗੋਲੀਬਾਰੀ ਦਾ ਸ਼ੱਕੀ ਇੱਕ ਅਫ਼ਗਾਨ ਨਾਗਰਿਕ ਹੈ। ਇਸ ਤੋਂ ਬਾਅਦ ਅਮਰੀਕਾ ਨੇ ਅਫਗਾਨ ਨਾਗਰਿਕਾਂ ਵਿਰੁੱਧ ਕਾਰਵਾਈ ਕੀਤੀ ਹੈ। ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਕਿਹਾ ਕਿ ਅਮਰੀਕੀ ਵਿਦੇਸ਼ ਵਿਭਾਗ ਨੇ ਅਫਗਾਨ ਪਾਸਪੋਰਟਾਂ ‘ਤੇ ਯਾਤਰਾ ਕਰਨ ਵਾਲੇ ਸਾਰੇ ਵਿਅਕਤੀਆਂ ਨੂੰ ਵੀਜ਼ਾ ਜਾਰੀ ਕਰਨਾ ਮੁਅੱਤਲ ਕਰ ਦਿੱਤਾ ਹੈ।ਸੋਸ਼ਲ ਮੀਡੀਆ ਪਲੇਟਫਾਰਮ ਐਕਸ ‘ਤੇ ਇੱਕ ਪੋਸਟ ਵਿਚ, ਰੂਬੀਓ ਨੇ ਲਿਖਿਆ, ”ਰਾਸ਼ਟਰਪਤੀ ਟਰੰਪ ਦੀ ਅਗਵਾਈ ਵਿਚ ਵਿਦੇਸ਼ ਵਿਭਾਗ ਨੇ ਅਫਗਾਨ ਪਾਸਪੋਰਟਾਂ ‘ਤੇ ਯਾਤਰਾ ਕਰਨ ਵਾਲੇ ਸਾਰੇ ਵਿਅਕਤੀਆਂ ਨੂੰ ਵੀਜ਼ਾ ਜਾਰੀ ਕਰਨਾ ਮੁਅੱਤਲ ਕਰ ਦਿੱਤਾ ਹੈ। ਸਾਡੇ ਲੋਕਾਂ ਦੀ ਸੁਰੱਖਿਆ ਅਮਰੀਕਾ ਦੀ ਸਭ ਤੋਂ ਵੱਡੀ ਤਰਜੀਹ ਹੈ।”ਇਸ ਦੌਰਾਨ, ਯੂ.ਐੱਸ. ਸਿਟੀਜ਼ਨਸ਼ਿਪ ਐਂਡ ਇਮੀਗ੍ਰੇਸ਼ਨ ਸਰਵਿਸਿਜ਼ (ਯੂ.ਐੱਸ.ਸੀ.ਆਈ.ਐੱਸ.) ਨੇ ਹਰ ਪ੍ਰਵਾਸੀ ਦੇ ਪਿਛੋਕੜ ਦੀ ਚੰਗੀ ਤਰ੍ਹਾਂ ਜਾਂਚ ਅਤੇ ਜਾਂਚ ਹੋਣ ਤੱਕ ਸਾਰੇ ਸ਼ਰਣ ਨਾਲ ਸਬੰਧਤ ਫੈਸਲਿਆਂ ਨੂੰ ਰੋਕ ਦਿੱਤਾ ਹੈ। ਇਹ ਜਾਣਕਾਰੀ ਯੂ.ਐੱਸ.ਸੀ.ਆਈ.ਐੱਸ. ਡਾਇਰੈਕਟਰ ਜੋਸਫ ਐਲਡੋ ਦੁਆਰਾ ਪ੍ਰਦਾਨ ਕੀਤੀ ਗਈ ਸੀ। 29 ਨਵੰਬਰ ਨੂੰ ਐਕਸ ‘ਤੇ ਇੱਕ ਪੋਸਟ ਵਿਚ, ਐਲਡੋ ਨੇ ਲਿਖਿਆ, ”ਯੂ.ਐੱਸ.ਸੀ.ਆਈ.ਐੱਸ. ਨੇ ਸਾਰੇ ਸ਼ਰਣ ਫੈਸਲਿਆਂ ਨੂੰ ਉਦੋਂ ਤੱਕ ਰੋਕ ਦਿੱਤਾ ਹੈ, ਜਦੋਂ ਤੱਕ ਅਸੀਂ ਇਹ ਯਕੀਨੀ ਨਹੀਂ ਬਣਾ ਸਕਦੇ ਕਿ ਹਰ ਵਿਦੇਸ਼ੀ ਦੀ ਵੱਧ ਤੋਂ ਵੱਧ ਸੰਭਵ ਹੱਦ ਤੱਕ ਜਾਂਚ ਕੀਤੀ ਗਈ ਹੈ। ਅਮਰੀਕੀ ਜਨਤਾ ਦੀ ਸੁਰੱਖਿਆ ਹਮੇਸ਼ਾ ਪਹਿਲਾਂ ਆਉਂਦੀ ਹੈ।”

## ਅਮਰੀਕਾ ਨੂੰ ਹੁਨਰਮੰਦ ਭਾਰਤੀਆਂ ਤੋਂ ਬਹੁਤ ਲਾਭ ਹੋਇਆ:ਮਸਕ

ਨਿਊਯਾਰਕ:-ਟੈਸਲਾ ਦੇ ਸੀਈਓ ਐਲਨ ਮਸਕ ਨੇ ਦਾਅਵਾ ਕੀਤਾ ਕਿ ਅਮਰੀਕਾ ਨੂੰ ਹੁਨਰਮੰਦ ਭਾਰਤੀਆਂ ਤੋਂ ਬਹੁਤ ਲਾਭ ਹੋਇਆ ਹੈ। ਇਮੀਗ੍ਰੇਸ਼ਨ ਨੀਤੀਆਂ ਅਤੇ ਆਲਮੀ ਪ੍ਰਤਿਭਾ ਨੂੰ ਆਕਰਸ਼ਿਤ ਕਰਨ ਦੀ ਮਹੱਤਤਾ ਬਾਰੇ ਚੱਲ ਰਹੀਆਂ ਚਰਚਾਵਾਂ ਦੌਰਾਨ, ਟੈਸਲਾ ਦੇ ਸੀਈਓ ਐਲਨ ਮਸਕ ਨੇ ਸੰਯੁਕਤ ਰਾਜ ਅਮਰੀਕਾ ਵਿੱਚ ਭਾਰਤੀ ਪ੍ਰਤਿਭਾ ਦੇ ਮਹੱਤਵਪੂਰਨ ਯੋਗਦਾਨ ਨੂੰ ਸਵੀਕਾਰ ਕੀਤਾ ਅਤੇ ਕਿਹਾ ਕਿ ਦੇਸ਼ ਨੂੰ ਹੁਨਰਮੰਦ ਭਾਰਤੀਆਂ ਤੋਂ ਬਹੁਤ ਲਾਭ ਹੋਇਆ ਹੈ।ਜ਼ੀਰੋਧਾ ਦੇ ਸਹਿ-ਸੰਸਥਾਪਕ ਨਿਖਿਲ ਕਾਮਥ ਨਾਲ ਇੱਕ ਇੰਟਰਵਿਊ ਵਿੱਚ, ਮਸਕ ਨੇ ਇਮੀਗ੍ਰੇਸ਼ਨ ਨੀਤੀਆਂ ਅਤੇ ਉੱਦਮਤਾ ਬਾਰੇ ਗੱਲ ਕੀਤੀ। ਉਨ੍ਹਾਂ ਕਿਹਾ ਤੋਂ ਮੇਰਾ ਖ਼ਿਆਲ ਹੈ ਕਿ ਅਮਰੀਕਾ ਨੂੰ ਅਮਰੀਕਾ ਆਏ ਪ੍ਰਤਿਭਾਸ਼ਾਲੀ ਭਾਰਤੀਆਂ ਤੋਂ ਬਹੁਤ ਲਾਭ ਹੋਇਆ ਹੈ। ਮੇਰਾ ਮਤਲਬ ਹੈ, ਅਮਰੀਕਾ ਨੂੰ ਭਾਰਤ ਤੋਂ ਪ੍ਰਤਿਭਾ ਦਾ ਬਹੁਤ ਵੱਡਾ ਲਾਭ ਹੋਇਆ ਹੈ।


ਗੁਰੂ ਨਾਨਕ ਗੁਰਸਿੱਖ ਗੁਰਦੁਆਰਾ

ਲਿੰਡਨ (ਬੈਲਿੰਗਹੈਮ), WA (ਯੂ.ਐਸ.ਏ) (USA)

176 E Pole Road / 6934 Meridian St — Lynden, WA. 98264 (Bellingham)



5 ਦਸੰਬਰ ਦਿਨ ਸ਼ੁੱਕਰਵਾਰ ਸ. ਦਰਸ਼ਨ ਸਿੰਘ ਧਾਲੀਵਾਲ ਪਰਿਵਾਰ ਵੱਲੋਂ ਅਖੰਡਪਾਠ ਸਾਹਿਬ ਆਰੰਭ ਹੋਣਗੇ ਅਤੇ 7 ਦਸੰਬਰ ਦਿਨ ਐਤਵਾਰ ਨੂੰ ਭੋਗ ਪਾਏ ਜਾਣਗੇ ਅਤੇ ਲੰਗਰਾਂ ਦੀ ਸੇਵਾ ਹੋਵੇਗੀ

6 ਦਸੰਬਰ ਦਿਨ ਸ਼ਨਿੱਚਰਵਾਰ ਬੀਬੀ ਹਰਜੀਤ ਕੌਰ ਧਾਲੀਵਾਲ ਪਰਿਵਾਰ ਵੱਲੋਂ ਸਵੇਰੇ 10 ਵਜੇ ਸਹਿਜਪਾਠ ਦੇ ਭੋਗ ਪਾਏ ਜਾਣਗੇ

6 ਦਸੰਬਰ ਦਿਨ ਸ਼ਨਿੱਚਰਵਾਰ ਮਾਤਾ ਬਲਵੀਰ ਕੌਰ ਸੁਪਤਨੀ ਸ. ਰੂੜ ਸਿੰਘ ਦੇ ਨਮਿਤ ਰਖਾਏ ਸਹਿਜਪਾਠ ਦੇ ਭੋਗ ਦੁਪਹਿਰ 12.30 ਵਜੇ ਪਾਏ ਜਾਣਗੇ ਅਤੇ ਅੰਤਮ ਅਰਦਾਸ ਹੋਵੇਗੀ

ਮੁੱਖ ਸੇਵਾਦਾਰ:ਪਰਮਜੀਤ ਸਿੰਘ ਕੁਲਾਰ: 360-733-6444, ਮੁੱਖ ਵਜ਼ੀਰ ਗਿਆਨੀ ਹਰੀ ਸਿੰਘ ਜੀ 360-398-1184

ਵੱਲੋਂ:ਗੁ. ਪ੍ਰਬੰਧਕ ਕਮੇਟੀ ਤੇ ਸਮੂੰਹ ਇਲਾਕਾ ਨਿਵਾਸੀ

# ਗੁਰੂ ਨਾਨਕ ਦਾ ਅਸਲੀ ਗੁਰਪੂਰਬ ਦਿਹਾੜਾ ਕਿਹੜਾ?

**ਸਾਰੇ ਸਿੱਖ ਸਮਾਜ ਨੇ, ਦਿੱਲੀ,ਪਾਕਿਸਤਾਨ ਅਤੇ ਅੰਮ੍ਰਿਤਸਰ ਕਮੇਟੀ ਨੇ, ਟੀ.ਵੀ ਅਤੇ ਰੇਡੀਓ ਵਾਲਿਆਂ ਨੇ, ਬਾਹਰਲੇ ਮੁਲਕਾਂ ਵਾਲੇ ਗੁਰਦਵਾਰਿਆਂ ਤੇ ਸੱਜਣਾਂ ਮਿਤਰਾਂ ਅਤੇ ਨਾ-ਵਾਕਫ ਲੋਕਾਂ ਨੇ ਵੀ ਇਕ ਦੂਜੇ ਨੂੰ ਗੁਰਪੁਰਬ ਦੀਆਂ ਵਧਾਈਆਂ ਦਿੱਤੀਆਂ। ਅਤਸ਼ਬਾਜ਼ੀ ਚਲਾਈ ਗਈ, ਵਾਤਾਵਰਣ ਪ੍ਰਦੂਸ਼ਤ ਕੀਤਾ ਗਿਆ।ਪਰ ਕੀ ਕਿਸੇ ਨੇ ਹੌਂਸਲੇ ਨਾਲ ਇਹ ਗੱਲ ਵੀ ਕਰਨ ਦੀ ਕੋਸ਼ਿਸ਼ ਕੀਤੀ ਕਿ ਅੱਜ ਬਾਬਾ ਜੀ ਦਾ ਜਨਮ ਦਿਨ ਨਹੀਂ? ਪਰ ਕੀ ਖੱਟਿਆ ਕੀ ਕਮਾਇਆ ਇਸ ਬਾਰੇ ਸ਼ਾਇਦ ਹੀ ਕਿਸੇ ਸਿਆਣੇ ਵਿਅਕਤੀ ਨੇ ਸੋਚਿਆ ਹੋਵੇ। ਕਿਉਂਕਿ 'ਜਸਵੰਤ ਜਫਰ' ਜੀ ਦੀ** ਕਵਿਤਾ ਮੁਤਾਬਕ ਤਾਂ ਅਸੀਂ ਅਸਲੀ ਨਾਨਕ ਦਾ ਧਿਆਨ ਧਰਨ ਤੋਂ ਵੀ ਡਰਦੇ ਹਾਂ, ਨਾਨਕ ਤੋਂ ਸਿੱਖਿਆ ਲੈਣੀ ਤਾਂ ਦੂਰ ਦੀ ਗੱਲ ਹੈ।

ਜਸਵੰਤ ਜਫਰ ਜੀ ਲਿਖਦੇ ਹਨ, " ਲੰਬੇ ਪੈਂਡੇ ਦੀ ਧੂੜ ਨਾਲ ਲੱਥ-ਪੱਥ ਪਿੰਜਣੀਆਂ, ਲੰਮੇ ਸਫਰ ਕਰਕੇ ਪਾਟੀਆਂ ਅੱਡੀਆਂ, ਹਨੇਰੀਆਂ ਨਾਲ ਉਲਝੀ ਹੋਈ ਖੁਸ਼ਕ ਦਾਹੜੀ, ਬਰਫੀਲੀਆਂ ਹਵਾਵਾਂ ਨਾਲ ਝੰਬੀ ਹੋਈ ਚਿਹਰੇ ਦੀ ਪਕਰੋੜ ਚਮੜੀ 'ਤੇ ਪਕਰੋੜ ਚਮੜੀ ਵਿਚ ਉਭਰੀਆਂ ਹੋਈਆਂ ਦੋ ਉੱਚੀਆਂ ਹੱਡੀਆਂ, ਉੱਚੀਆਂ ਹੱਡੀਆਂ ਵਿਚ ਬੇਖੌਫ ਚਮਕਦੀਆਂ ਦੋ ਅੱਖਾਂ ਜੋ ਸਮਾਜ ਨੂੰ, ਸਰਕਾਰ ਨੂੰ 'ਤੇ ਹਰ ਕਿਸਮ ਦੇ ਰੀਤੀ ਰਵਾਜ ਨੂੰ ਟਿੱਚ ਕਰਕੇ ਜਾਣਦੀਆਂ ਹਨ। ਇਨ੍ਹਾਂ ਖਤਰਨਾਕ ਅੱਖਾਂ ਦਾ ਧਿਆਨ ਧਰਨਾ ਸਾਨੂੰ ਮਾਫਕ ਨਹੀਂ। ਸਾਨੂੰ ਤਾਂ ਸੋਭਾ ਸਿੰਘੀ ਬਾਬਾ, ਜਿਸਦੇ ਲਕਸ਼ਮੀ ਦੇਵੀ ਵਾਂਗੂ ਲਾਲ ਸੁਰਖ ਟਿਪਸੀ ਹੋਂਠ, ਗੋਲ ਮਟੋਲ ਮੁਲਾਇਮ ਗੱਲ੍ਹਾਂ, ਰੇਸ਼ਮੀ ਬਸਤਰ ਤੇ ਬਖਸ਼ਿਸਾਂ ਦਿੰਦਾ ਅਰਸ਼ੀ ਹੱਥ ਹੀ ਪਸੰਦ ਹੈ। ਸਾਨੂੰ ਤਾਂ ਚਾਹੀਦੀਆਂ ਹਨ ਦਾਤਾਂ ਤੇ ਵੱਧਦੀਆਂ ਵੇਲਾਂ, ਸੁੱਖ ਸ਼ਾਂਤੀ ਤੇ ਪੈਸਾ।

ਅਸਲੀ ਨਾਨਕ ਸਾਡੇ ਵਾਸਤੇ ਖ਼ਤਰਨਾਕ ਸਿੱਧ ਹੋ ਸਕਦਾ ਹੈ। ਸਾਡੇ ਘਰ ਢੁਆ ਸਕਦਾ ਹੈ ਅਤੇ ਨਾਲੇ ਪੁੱਤ ਮਰਵਾ ਸਕਦਾ ਹੈ"। ਕੱਤਕ ਦੀ ਪੂਰਨਮਾਸ਼ੀ ਨੂੰ ਗੁਰਪੁਰਬ ਮਨਾਉਣਾ ਇਹ ਸਾਬਤ ਕਰਦਾ ਹੈ ਕਿ ਗੁਰੂ ਨਾਨਕ ਦੇ ਅਕਾਲ ਚਲਾਣਾ ਕਰਨ ਤੋਂ 120 ਸਾਲ ਬਾਅਦ ਭਾਈ ਬਾਲੇ ਵਾਲੀ ਸਾਖੀ ਲਿਖੀ ਗਈ। ਇਸ ਨੂੰ ਮਲੇਰ ਕੋਟਲੇ ਵਾਲੇ ਐਸ. ਐਸ. ਪਦਮ ਜੀ, "ਬਾਲਾ ਬਲੱਫ" ਦਾ ਨਾਮ ਦਿੰਦੇ ਹਨ। ਵਿੱਚ ਵਿਚਾਲੇ ਫਸੇ ਹੋਏ ਅਸੀਂ ਧੰਦਾ ਪੱਟ ਰਹੇ ਹਾਂ। ਗੁਰੂ ਨਾਨਕ ਵਾਕ:

"ਧੰਦਾ ਪਿਟਿਹੋ ਭਾਈਹੋ ਤੁਮ੍ ਕੂੜ ਕਮਾਵਹੁ"॥

'ਜੰਡਿਆਲਾ ਗੁਰੂ ਕਾ' ਦਾ ਮਸੰਦ ਹੰਦਾਲ, ਜਿਸ ਦਾ ਜਨਮ ਵੈਸਾਖ ਪੂਰਨਮਾਸ਼ੀ ਸੰਮਤ 1630 ਹੈ, ਦੀ ਮੌਤ ਤੋਂ ਬਾਅਦ ਉਸ ਦੀ ਔਲਾਦ ਬਾਲ ਚੰਦ ਅਤੇ ਬਿਧੀ ਚੰਦ ਹੀ ਇਸ ਕੂੜ ਦੇ ਪੋਥੇ ਦੇ ਘੜਨਹਾਰੇ ਹਨ। ਬਾਲ ਚੰਦ ਦੀ ਮੌਤ ਤੋਂ ਬਾਅਦ ਛੋਟੇ ਭਾਈ ਬਿਧੀ ਚੰਦ ਨੇ ਹੀ ਅਸਲ ਵਿੱਚ ਆਪਣੇ ਵੱਡੇ ਭਰਾ ਬਾਲ ਚੰਦ ਨੂੰ 'ਭਾਈ ਬਾਲਾ' ਬਣਾ ਕੇ ਗੁਰੂ ਨਾਨਕ ਦਾ ਸਮਕਾਲੀ ਅਤੇ ਹਮਸਫਰ ਬਣਾ ਕੇ ਸਾਰਾ ਕਾਰਾ ਕੀਤਾ। ਲਿਖਾਰੀ ਗੋਰਖ ਦਾਸ ਅਤੇ ਉਸ ਦਾ ਸਲਾਹਕਾਰ ਹੈ ਲਾਲਾ ਪੁੰਨੂੰ, ਜਿਨ੍ਹਾਂ ਨੇ ਰੜੇ ਲਹੌਰ ਵਿੱਚ ਇਹ ਜਨਮ ਸਾਖੀ ਤਿਆਰ ਕੀਤੀ ਅਤੇ ਉਸ ਵੇਲੇ ਸਾਰੇ ਮਹੱਤਵਪੂਰਨ ਸਿੱਖ ਅਸਥਾਨਾਂ ਉੱਤੇ 28 -28 ਰੰਗੀਨ ਚਿੱਤਰਾਂ ਨਾਲ ਸ਼ਿੰਗਾਰ ਕੇ, "ਜਨਮ ਸਾਖੀ ਭਾਈ ਬਾਲਾ" ਦੇ ਨਾਮ ਹੇਠ ਭੇਜੀ ਗਈ, ਅਤੇ ਜੋ ਵੀ ਪੁਰਾਣੀਆਂ ਜਨਮ ਸਾਖੀਆਂ ਉਪਲਬਧ ਹੋਈਆਂ, ਨੂੰ ਨਸ਼ਟ ਕਰਨ ਦਾ ਜ਼ਿੰਮਾ ਅਪਣੇ ਸਿਰ ਲੈ ਲਿਆ।

ਅਸਲ ਨੂੰ ਨਸ਼ਟ ਕਰਨ ਨਾਲ ਹੀ ਨਕਲ ਟਿਕ ਸਕਦਾ ਹੈ। ਬਾਲਾ-2 ਰੂਪਾਂਤਰ ਵਾਲੇ ਖਰੜੇ ਦੇ ਅਖੀਰ ਤੇ ਦਰਜ ਹੈ: ਸਮੰਤੁ॥ 1715॥ਮਾਘ ਸੁਦੀ॥6 ਪੋਥੀ ਲਿਖੀ ਗੁਰ ਪ੍ਰਸਾਦਿ ਗੋਰਖ ਦਾਸ ਸੰਗਤ ਗੁਰੂ ਕਾ ਜਾਚਕ॥ ਵਾਹਗੁਰੂ ਸਤਿਗੁਰੂ ਜੀ॥ ਜੇ ਕਿਸੇ ਨੇ ਇਸ ਗੱਲ ਦੀ ਪੁਸ਼ਟੀ ਕਰਨੀ ਹੋਵੇ ਤਾਂ ਸੈਂਟਰਲ ਸਟੇਟ ਲਾਇਬਰੇਰੀ ਪਟਿਆਲਾ ਵਿਚ, ਜਨਮ ਸਾਖੀ ਭਾਈ ਬਾਲਾ, ਪਟਿਆਲਾ 1987, ਪੰਨਾ 151॥ ਅਤੇ ਹਾਸਲ ਬਹੁਤ ਖਰਚ ਕਛੁ ਨਾਹੀ ਕਰੇ ਤਗੀਰ ਨ ਕੋਈ॥ ਨਾਨਕ ਐਸੀ ਉਮਦੀ ਖਿਜਮਤਿ ਬਿਨਾ ਭਾਗ ਕਿਉਂ ਹੋਈ॥4॥ ਓਹੀ ਪੰਨਾ 463॥ ਤੋਂ ਕਰ ਸਕਦਾ ਹੈ। ਸਭ ਤੋਂ ਪਹਿਲਾਂ ਇਹ ਦੇਖੀਏ ਕਿ ਅਵਤਾਰ ਧਾਰਣਾ ਦਾ ਕੀ ਮਤਲਬ ਹੈ। ਜੇਕਰ ਇਹ ਲਿਖ ਦਿੱਤਾ ਜਾਵੇ ਕਿ ਬਾਬਾ ਜੀ ਦਾ ਜਨਮ ਦਿਨ ਵੈਸਾਖ ਦਾ ਹੈ ਤਾਂ ਕਈ ਗਲ਼ ਨੂੰ ਆਉਂਦੇ ਹਨ। ਮਹਾਨ ਕੋਸ਼ ਦੇ ਪੰਨਾ 88 ਮੁਤਾਬਕ: ਅਵਤਾਰ ਧਾਰਣਾ ਦੇ ਕਈ ਸਾਰੇ ਮਤਲਬ ਹਨ। ਸੰਗਯਾ- ਜਨਮ, ਜਨਮ ਗ੍ਰਿਹਣ, ਜਨਮ ਧਾਰਣਾ, ਉਤਰਨਾ, ਹੇਠ ਆਉਣ ਦੀ ਕ੍ਰਿਆ, ਪੁਰਾਣਮੱਤ ਅਨੁਸਾਰ ਕਿਸੇ ਦੇਵਤਾ ਦਾ ਕਿਸੇ ਦੇਹ ਵਿਚ ਪ੍ਰਗਟ ਹੋਣਾ, ਚੌਬੀਸ ਅਵਤਾਰ ਅਤੇ ਦਸ ਅਵਤਾਰ;

ਅਵਤਾਰ ਨ ਜਾਨਹਿ ਅੰਤ॥
ਪਰਮੇਸਰ ਪਾਰਬ੍ਰਹਮ ਬੇਅੰਤ॥

ਗੁਰਬਾਣੀ ਦੇ ਕਰਤਿਆਂ ਨੇ ਆਪਣੀ ਬਾਣੀ ਵਿਚ ਦੇਵਤਾ-ਵਾਦ ਦਾ ਖੰਡਨ ਕੀਤਾ, ਪਰ ਅਸੀਂ ਤਾਂ ਗੁਰੂਆਂ ਨੂੰ ਵੀ ਦੇਵਤੇ ਬਣਾ ਕੇ ਹੀ ਛੱਡਣਾ ਹੈ। ਜੇਕਰ 'ਦੇਵਤਾ' ਦੇ ਜਨਮ ਨੂੰ ਅਵਤਾਰ ਧਾਰਣਾ ਪੁਰਾਣਾਂ ਮੁਤਾਬਕ ਠੀਕ ਹੈ ਤਾਂ ਸਾਨੂੰ ਇਹ ਬੋਲੀ ਬਦਲਣ ਦੀ ਲੋੜ ਹੈ। ਹੁਣ ਆਪਾਂ ਕਰਮ ਸਿੰਘ ਹਿਸਟੋਰੀਅਨ ਦੀ ਖੋਜ ਮੁਤਾਬਕ ਗੁਰੂ ਨਾਨਕ ਸਾਹਿਬ ਦੇ ਅਸਲੀ ਜਨਮ ਦਿਨ ਬਾਰੇ ਵਿਚਾਰ ਕਰਦੇ ਹਾਂ। ਉਹ ਗੁਰਪੁਰਬ ਨਿਰਣਯ ਦੇ ਪੰਨਾ 69 ਇਉਂ ਲਿਖਦੇ ਹਨ। (2) ਹੁਣ ਮੈਂ ਵਸਾਖ ਸੁਦੀ ਤਿੰਨ ਸੰਮਤ 1526 ਦੇ ਟਾਕਰੇ ਦੀਆਂ ਈਸਵੀ, ਪਰਵਿਸ਼ਟਾ ਅਤੇ ਹਿਜਰੀ ਤ੍ਰੀਕਾਂ ਲੱਭਦਾ ਹਾਂ: 14 ਮਾਰਚ ਮੰਗਲਵਾਰ ਨੂੰ ਚੇਤ ਸੁਦੀ ਪਹਿਲੀ ਹੈ: "ਗਿਣਤੀਆਂ ਮਿਣਤੀਆਂ ਨੂੰ ਇਸ ਕਰਕੇ ਲਿਖ ਨਹੀਂ ਰਿਹਾ ਕਿ ਲੇਖ ਕਾਫੀ ਲੰਬਾ ਹੋ ਜਾਏਗਾ ਅਤੇ ਮੇਰੇ ਵਰਗੇ ਸਧਾਰਣ ਮਨੁੱਖ ਦੀ ਸਮਝ ਤੋਂ ਵੀ ਪਰੇ ਦੀ ਗੱਲ ਹੈ"। ਅੱਗੇ ਲਿਖਦੇ ਹਨ : ਅਰਥਾਤ ਵਿਸਾਖ ਸੁਦੀ ਤਿੰਨ ਸੰਮਤ 1526 ਨੂੰ ਸ਼ਨਿਚਰਵਾਰ 15 ਅਪ੍ਰੈਲ ਸੰਨ 1469 ਈ: ਸੀ। 'ਕੱਤਕ ਕਿ ਵਿਸਾਖ' ਕਰਮ ਸਿੰਘ ਹਿਸਟੋਰੀਅਨ ਦੀ ਕਿਤਾਬ ਪਹਿਲੇ ਪਹਿਲ 1912 ਵਿਚ ਛਪੀ ਸੀ ਤੇ ਸਿਰਦਾਰ ਹੀਰਾ ਸਿੰਘ ਦਰਦ ਹੋਣਾ ਦੀ ਮਿਹਨਤ ਸਦਕਾ 1932 ਵਿੱਚ ਏਹੋ ਕਿਤਾਬ ਮੁੜ ਛਾਪੀ ਗਈ। ਭਾਈ ਵੀਰ ਸਿੰਘ ਨੇ ਸਟੇਜ ਤੋਂ ਇਹ ਐਲਾਨ ਕੀਤਾ, "ਕੱਤਕ ਕਿ ਵਿਸਾਖ ਸਿੱਖ ਕੌਮ ਲਈ ਅਤੀਅੰਤ ਕੀਮਤੀ ਸੌਗਾਤ ਹੈ" ਪਰ ਨਾਲ ਦੀ ਨਾਲ ਨਾਟਕੀ ਢੰਗ ਨਾਲ ਇਸ ਕਿਤਾਬ ਦੀ ਵਿਕਰੀ ਬੰਦ ਕਰਵਾ ਦਿੱਤੀ ਤੇ ਜੋ ਵੀ ਕਿਤਾਬ ਮਿਲੀ ਉਸ ਨੂੰ ਜ਼ਬਤ ਕਰ ਲਿਆ ਗਿਆ। ਧੰਨਵਾਦੀ ਹਾਂ ਹੀਰਾ ਸਿੰਘ ਦਰਦ ਜੀ ਦੇ ਜਿਸ ਨੇ ਸਿਰਦਾਰ ਗੁਰਬਖਸ਼ ਸਿੰਘ ਬਾਗਬਾਨਪੁਰਾ ਦੀ ਲਾਇਬਰੇਰੀ ਵਿਚੋਂ ਇਕ ਕਾਪੀ ਪ੍ਰਾਪਤ ਕਰਕੇ 1932 ਵਿਚ ਇਸੇ ਕਿਤਾਬ ਨੂੰ ਮੁੜ ਤੋਂ ਪ੍ਰਕਾਸ਼ਤ ਕਰਕੇ ਸਿੱਖ ਕੌਮ ਨੂੰ ਵੱਡਮੁੱਲੀ 'ਸੌਗਾਤ' ਪ੍ਰਾਪਤ ਕਰਵਾਈ। ਇਸ ਕਿਤਾਬ ਦੇ ਪੰਨਾ 122 ਤੇ ਕਰਮ ਸਿੰਘ ਹਿਸਟੋਰੀਅਨ ਜੀ ਲਿਖਦੇ ਹਨ ਕਿ "ਕੱਤਕ ਦਾ ਰਿਵਾਜ (ਮੈਕਾਲਿਫ ਸਾਹਿਬ ਦੇ ਕਥਨ ਅਨੁਸਾਰ) ਗਿਆਨੀ ਸੰਤ ਸਿੰਘ ਜੀ ਨੇ ਪਾਇਆ। ਮਿਸਟਰ ਮੈਕਾਲਿਫ ਕਾਰਨ ਦੱਸਦੇ ਹਨ ਕਿ ਕੱਤਕ ਪੂਰਨਮਾਸ਼ੀ ਨੂੰ ਰਾਮ ਤੀਰਥ ਦਾ ਮੇਲਾ ਹੋਣ ਕਰਕੇ ਸਾਰੇ ਸਿੱਖ ਓਧਰ ਚਲੇ ਜਾਂਦੇ ਸਨ। ਸੋ ਓਧਰੋਂ ਹਟਾਉਣ ਵਾਸਤੇ ਗਿਆਨੀ ਜੀ ਨੇ ਕੱਤਕ ਪੂਰਨਮਾਸ਼ੀ ਨੂੰ ਆਦਿ ਸਤਿਗੁਰੂ ਜੀ ਦੇ ਪ੍ਰਗਟ ਹੋਣ ਦਾ ਗੁਰਪੁਰਬ ਮਨਾਉਣਾ ਅਰੰਭ ਦਿੱਤਾ। ਬੱਸ ਫੇਰ ਕੀ ਸੀ, ਓਦੋਂ ਤਾਂ ਰਾਜ ਦੇ ਜ਼ੋਰ ਇਹ ਰਿਵਾਜ ਪਾ ਲਿਆ ਪਰ ਅੱਜ ਇਹ ਪੁਰਾਣਾ ਨਜ਼ਰ ਆ ਰਿਹਾ ਹੈ। 1925 ਦੀ ਹੀ ਗੱਲ ਹੈ ਕਿ ਸ੍ਰੀ ਨਨਕਾਣਾ ਸਾਹਿਬ ਕੱਤਕ ਪੂਰਨਮਾਸ਼ੀ ਨੂੰ ਗੁਰਪੁਰਬ ਮਨਾਉਣਾ ਅਰੰਭ ਹੋਇਆ, ਉਸ ਤੋਂ ਪਹਿਲਾਂ ਇਸ ਦਿਨ ਨੂੰ ਉਥੇ ਕੋਈ ਜਾਣਦਾ ਵੀ ਨਹੀਂ ਸੀ। ਸੱਠ ਕੁ ਵਰ੍ਹੇ ਏਸੇ ਤਰ੍ਹਾਂ ਹੋਰ ਲੰਘ ਗਏ ਤਾਂ ਲੋਕੀਂ ਆਖਣ ਲੱਗ ਪੈਣਗੇ ਜੋ ਇਹ ਗੁਰਪੁਰਬ ਮੁੱਢ ਤੋਂ ਹੀ ਕੱਤਕ ਦੀ ਪੂਰਨਮਾਸ਼ੀ ਨੂੰ ਨਨਕਾਣੇ ਸਾਹਿਬ ਮਨਾਇਆ ਜਾਂਦਾ ਰਿਹਾ ਹੈ, ਜਿਸ ਤਰ੍ਹਾਂ ਅੱਜ ਕੱਲ੍ਹ ਗਿਆਨੀ ਸੰਤ ਸਿੰਘ ਜੀ ਦੇ ਚਲਾਏ ਹੋਏ ਗੁਰਪੁਰਬ ਨੂੰ ਸਭ ਪੁਰਾਤਨ ਹੀ ਮੰਨ ਰਹੇ ਹਨ। ਮੇਰਾ ਆਪਣਾ ਵਿਚਾਰ ਹੈ ਕਿ 'ਦਰਬਾਰ ਸਾਹਿਬ' ਦਾ ਮੁੱਖ ਗ੍ਰੰਥੀ ਭਾਈ ਸੂਰਤ ਸਿੰਘ, ਜੋ 'ਸਿੱਖਾਂ ਦੀ ਭਗਤਮਾਲਾ' ਦਾ ਕਰਤਾ ਹੈ 'ਤੇ ਇਸ ਕਿਤਾਬ ਨੂੰ ਭਾਈ ਮਨੀ ਸਿੰਘ ਜੀ ਦੀ ਕ੍ਰਿਤ ਦੱਸਦਾ ਹੈ, ਦਾ ਪੁੱਤਰ ਗਿਆਨੀ ਸੰਤ ਸਿੰਘ ਹੈ ਜੋ ਨਿਰਮਲੇ ਸੰਪ੍ਰਦਾਇ ਨਾਲ ਸੰਬੰਧ ਰੱਖਦੇ ਸਨ 'ਤੇ ਵੀ ਅਸਰ 'ਬਾਲਾ ਬਲੱਫ' ਦਾ ਹੋਇਆ। ਜੰਡਿਆਲਾ ਗੁਰੂ ਕਿਆਂ ਵਾਲਿਆਂ ਨੇ 'ਬਾਲਾ ਬਲੱਫ' ਨੂੰ ਆਪਣੇ ਸਰਕਾਰੀ ਅਸਰ ਰਸੂਖ ਤੇ ਪੈਸੇ ਦੇ ਜ਼ੋਰ ਨਾਲ ਹਰ ਥਾਂ ਲਾਗੂ ਕਰਵਾਇਆ। ਜਨਮ ਸਾਖੀ ਬਾਲਾ ਨੂੰ ਛੱਡ ਕੇ ਹੋਰ ਕਿਸੇ ਵੀ ਜਨਮ ਸਾਖੀ ਵਿਚ 'ਕੱਤਕ ਦੀ ਪੂਰਨਮਾਸ਼ੀ' ਨੂੰ ਬਾਬੇ ਦਾ ਅਵਤਾਰ ਪੁਰਬ ਨਹੀਂ ਸਗੋਂ ਵਿਸਾਖ ਸੁਦੀ ਤੀਜ ਲਿਖਿਆ ਮਿਲਦਾ ਹੈ। ਬੀ-40 ਜਨਮ ਸਾਖੀ: ਦਾ ਹੱਥ ਲਿਖਤ ਖਰੜਾ ਜੋ ਪਹਿਲਾਂ ਇੰਡੀਆ ਆਫਿਸ ਲਾਇਬਰੇਰੀ, (ਹੁਣ ਫਾਰਨ ਐਂਡ ਕਾਮਨਵੈਲਥ ਆਫਿਸ) ਲੰਡਨ ਵਿਚ ਸੁਰੱਖਿਅਤ ਹੈ ਭਾਈ ਬਾਲੇ ਦਾ ਨਾਮ ਨਿਸ਼ਾਨ ਹੀ ਨਹੀਂ ਅਤੇ ਗੁਰੂ ਨਾਨਕ ਪਾਤਸ਼ਾਹ ਦਾ ਜਨਮ ਦਿਵਸ ਵਿਸਾਖ ਸੁਦੀ ਤੀਜ ਲਿਖਿਆ ਮਿਲਦਾ ਹੈ। ਇਸੇ ਦੀ ਕਾਪੀ ਜਦੋਂ ਭਾਈ ਵੀਰ ਸਿੰਘ ਨੂੰ ਪ੍ਰਾਪਤ ਹੋਈ ਤਾਂ ਉਸ ਨੇ ਇਸ ਨੂੰ 'ਪੁਰਾਤਨ ਜਨਮ ਸਾਖੀ' ਦਾ ਨਾਮ ਦਿੱਤਾ, ਹਾਫਜ਼ਾਬਾਦ ਵਾਲੀ ਜਨਮ ਸਾਖੀ, ਮਿਹਰਬਾਨ ਨੇ ਆਪਣੇ ਹੱਥੀਂ 'ਪੋਥੀ ਸੱਚੁ ਖੰਡ' 1619 ਈ: ਦੇ ਨੇੜੇ ਤੇੜੇ ਮੁਕੰਮਲ ਕਰਵਾਈ ਜੋ ਗੁਰੂ ਅਰਜਨ ਪਾਤਸ਼ਾਹ ਦਾ ਪਿਆਰਾ ਭਤੀਜਾ ਅਤੇ ਗੁਰੂ ਰਾਮਦਾਸ ਦਾ ਹੋਣਹਾਰ ਪੋਤਰਾ ਸੀ, ਨੇ ਵੀ ਜਨਮ ਅਸਥਾਨ ਦੇ ਵੇਰਵੇ ਸਮੇਤ ਜਨਮ ਦਿਵਸ ਵੈਸਾਖ ਸੁਦੀ 3 ਲਿਖਿਆ ਹੈ। ਇਕ ਹੋਰ ਮਹੱਤਵ ਪੂਰਣ 'ਜਨਮ ਪਤ੍ਰੀ ਬਾਬੇ ਜੀ ਕੀ' ਜਿਸਦਾ ਲੇਖਕ ਹੈ ਭਾਈ ਬੂਲਾ ਪਾਧਾ, ਗੁਰੂ ਅਮਰਦਾਸ ਦਾ ਸਿੱਖ ਤੇ ਭਾਈ ਗੁਰਦਾਸ ਦਾ ਨਿਕਟਵਰਤੀ, ਡੱਲੇ ਨਗਰ ਦਾ ਨਿਵਾਸੀ, ਜਿਸਨੇ 'ਸਾਖੀ ਮਹਲੁ ਪਹਿਲੇ ਕੀ' ਦੀ ਰਹਿੰਦੀ ਖੂੰਹਦੀ ਘਾਟ ਨੂੰ ਪੂਰਾ ਕੀਤਾ, ਇਸ ਲਿਖਤ ਵਿਚ ਵੀ ਜਨਮ ਦਿਵਸ ਵੈਸਾਖ ਸੁਦੀ 3 ਦਰਜ ਹੈ, ਜੋ 1598-99 ਈ: ਵਿਚ ਮੁਕੰਮਲ ਕੀਤੀ। ਮੁਜੰਗਾਂ, ਲਹੌਰ ਨਿਵਾਸੀ ਸੈਦੋ ਜੱਟ ਜੋ ਪਿਸ਼ਾਵਰ ਦੇ ਇਲਾਕੇ ਵਿਚ ਪ੍ਰਚਾਰਕ ਸੀ, ਨੇ 1657-58 ਵਿਚ ਇਕ ਜਨਮ ਸਾਖੀ ਦਾ ਨਿਰਮਾਣ ਕੀਤਾ ਜਿਸ ਨੂੰ 'ਪੁਰਾਤਨ' ਦੇ ਨਾਮ ਨਾਲ ਜਾਣਿਆ ਜਾਂਦਾ ਹੈ। ਅਸਲੀਅਤ ਤੋਂ ਵਾਕਫ ਸੈਦੋ ਨੇ ਬਾਲੇ ਵਾਲੀ ਮਿਤੀ ਰੱਦ ਕਰਕੇ ਸੀਹੋਂ ਦੀ 'ਸਾਖੀ ਮਹਲੁ ਪਹਿਲੇ ਕੀ' ਵਾਲੀ ਪਰਮਾਣਕ ਮਿਤੀ ਨੂੰ ਅਧਾਰ ਬਣਾ ਕੇ ਆਪਣੀ ਲਾਜਵਾਬ ਸਾਖੀ ਦੀ ਸਿਰਜਣਾ ਕੀਤੀ। ਗੁਰੂ ਅਮਰਦਾਸ ਦੇ ਵੰਸਜ ਸਰੂਪ ਦਾਸ ਭੱਲਾ ਨੇ 1776 ਈ: ਵਿਚ ਮਹਿਮਾ ਪ੍ਰਕਾਸ਼ ਕਵਿਤਾ ਅਤੇ ਇਸੇ ਖਾਨਦਾਨ ਦੇ ਕਿਸੇ ਅਗਿਆਤ ਵਿਅਕਤੀ ਨੇ 19ਵੀਂ ਸਦੀ ਦੇ ਦੂਜੇ ਅੱਧ ਵਿਚ ਮਹਿਮਾ ਪ੍ਰਕਾਸ਼ ਵਾਰਤਕ ਨਾਮ ਦੀਆਂ ਰਚਨਾਵਾਂ ਵਿਚ ਜਨਮ ਦਿਵਸ ਵੈਸਾਖ ਸੁਦੀ 3 ਦਾ ਹੀ ਦਿੱਤਾ ਹੈ, ਕਿਉਂਕਿ ਇਹ ਗੁਰੂ ਕੀ ਲਹਿਰ ਦਾ ਪਰੰਪ੍ਰਾਗਤ ਅਸਰ ਸੀ। ਡੀ.ਏ. ਵੀ ਕੌਲਿਜ ਦਾ ਖਰੜਾ 2000 ਮਸਲਨ ਇਹ ਸਾਰੀਆਂ ਲਿਖਤਾਂ ਗੁਰੂ ਬਾਬਾ ਜੀ ਦਾ ਜਨਮ ਦਿਵਸ ਵਿਸਾਖ ਦਾ ਹੀ ਮੰਨਦੀਆਂ ਹਨ। ਜਨਮ ਪੱਤ੍ਰੀ ਦੀ ਪਹਿਲੀ ਪਰਤ, ਜੋ ਗੁਰੂ ਕੇ ਜੰਡਿਆਲੇ ਵਾਲੇ ਹੰਦਾਲਕਿਆਂ ਨੇ 1656-57 ਈ. ਦੇ ਲਾਗੇ ਚਾਗੇ ਤਿਆਰ ਕਰਵਾਈ ਕੁੱਝ ਇਸ ਤਰ੍ਹਾਂ ਸ਼ੁਰੂ ਹੁੰਦੀ ਹੈ: "ਜਨਮ ਪਤ੍ਰੀ ਨਾਨਕ ਵੇਦੀ ਦੀ॥ ਸੰਮਤ 1626॥ ਮਿਤੀ ਕਤਕ ਸੁਦੀ ਪੂਰਨਮਾਸੀ॥ ਨਾਨਕ ਜਨਮ ਲੀਤਾ॥ ਅਧੀ ਰਾਤ ਘੜੀ ਉਪਰਿ ਕਾਲੂ ਵੇਦੀ ਦੇ ਘਰਿ॥ ਕਾਲੂ ਦਾ ਪਰੋਹਿਤ ਹਰਿਦਿਆਲ ਬ੍ਰਹਮਣੁ ਆਹਾ ਅਤੇ ਨਾਲੇ ਗੁਰਦੇਵ ਆਹਾ॥ ਵਡੀ ਵੇਲਾ ਕਾਲੂ ਹਰਿਦਿਆਲ ਦੇ ਘਰਿ ਗਇਆ॥.........॥ ਤਾ ਬਾਲੇ ਵਿਦਾ ਲੀਤੀ ਤਲਵੰਡੀ ਗਇਆ॥ ਇਸ ਤੋਂ ਅੱਗੇ ਬਾਲਾ ਰੂਪਾਂਤਰ 'ਇਕ' ਜਨਮ ਸਾਖੀ ਤਿਆਰ ਕੀਤੀ ਗਈ।ਹੋਰ ਬਹੁਤ ਕੁੱਝ ਘੜ-ਘੜਾ ਕੇ ਬਾਲਾ ਰੂਪਾਂਤਰ 2 ਤਿਆਰ ਕਰਕੇ 28- 28 ਸੁਚਿਤਰਾਂ ਨਾਲ ਸ਼ਿੰਗਾਰ ਕੇ, ਕਈ ਦਹਾਕਿਆਂ ਬੱਧੀ ਇਹ ਕੰਮ ਚੱਲਦਾ ਰਿਹਾ, ਸਾਰੇ ਪਰਮੁੱਖ ਸਿੱਖ ਧਾਰਮਿਕ ਅਸਥਾਨਾਂ ਤੇ ਪਹੁੰਚਾਈ ਗਈ। ਬਾਲਾ ਰੂਪਾਂਤਰ 2 ਦੇ ਹੱਥ ਲਿਖਤ ਖਰੜੇ ਵਿਚ ਇਹ ਲਿਖ ਦਿੱਤਾ ਕਿ ਇਹ ਜਨਮ ਸਾਖੀ 1582 ਸੰਮਤ ਵਿਚ ਗੁਰੂ ਅੰਗਦ ਦੀ ਹਜ਼ੂਰੀ ਵਿਚ ਭਾਈ ਬਾਲੇ ਨੇ ਪੈੜੇ ਮੋਖੇ ਕੋਲੋਂ ਲਿਖਵਾਈ।

ਜਦੋਂ ਕਿ ਸੱਚ ਇਹ ਹੈ ਕਿ ਸੰਮਤ 1582/1525 ਈ. ਵਿਚ ਤਾਂ ਭਾਈ ਲਹਿਣਾ ਜੀ ਗੁਰੂ ਨਾਨਕ ਪਿਤਾ ਜੀ ਨੂੰ ਮਿਲੇ ਵੀ ਨਹੀਂ ਸਨ। ਪਿਆਰੇ ਲਾਲ ਬੇਦੀ, ਐਫ-17, ਜੰਗਪੁਰਾ ਭੋਗਲ, ਨਵੀ ਦਿਲੀ, ਨੂੰ ਪੁੱਜਿਆ ਸੰਮਤ 1770 (1713ਈ.) ਵਾਲਾ ਖਰੜਾ ਆਪ ਉਚੀ ਉਚੀ ਬੋਲ ਕੇ ਖੁਲਾਸਾ ਕਰਦਾ ਹੈ: " ਜਨਮ ਪਤ੍ਰੀ ਬਾਬੇ ਨਾਨਕ ਕੀ ਸੰਪੂਰਨ ਹੋਈ॥ ਵੀਰਵਾਰ ਪਹਿਰ ਦਿਨ ਚੜੇ॥ ਸੰਮਤ 1770 ਦੇ ਬੀਤੇ ਹੋਇ ਮੁੱਕੀ। ਲਿਖਵਾਈ ਸੰਗਤ ਸਿੰਘ ਸੂਦ॥ ਲਿਖੀ ਆਤਮਾ ਸਿੰਘ ਸੂਦ॥ ਕੀਰਤਨਏ॥ ਵਿਚ ਰੜੇ ਲਹੌਰ ਦੇ ਅਗੇ ਲਾਗਤ ਪੋਥੀ ਲਿਖੀ 330 ਰੁਪਏ॥ ਜੋ ਅੱਜ ਦੀ ਕੀਮਤ ਅਨੁਸਾਰ ਤਿੰਨ ਲੱਖ ਤੀਹ ਹਜ਼ਾਰ ਰੁਪੈ ਬਣਦੀ ਹੈ। ਹੰਦਾਲਕਿਆਂ ਨੇ ਵੱਡੇ ਤਰੱਦਦ ਨਾਲ ਇਸ ਨੂੰ ਸਿੱਖ ਚਿੰਤਨ ਤੇ ਚੇਤਨਾ ਨੂੰ ਸੁੰਨ ਕਰਨਹਾਰੇ ਜ਼ਹਿਰ ਦੇ ਟੀਕੇ ਵਾਂਗ ਵਰਤਿਆ; ਸਦੀਆਂ ਲੰਘ ਗਈਆਂ; ਮੂਰਛਾ ਦੀ ਸ਼ਿਕਾਰ ਹੋਈ ਸਿੱਖ ਚੇਤਨਾ ਅਜੇ ਅੱਖ ਪੱਟ ਕੇ ਝਾਕਣ ਦਾ ਹੀਆ ਨਹੀਂ ਕਰ ਸਕੀ; ਪਰ ਇਹ ਮਰੀ ਨਹੀਂ, ਜਾਗੇਗੀ ਕਿਉਂਕਿ ਜਿਉਣ ਦਾ ਹੱਠ ਇਸ ਦਾ ਵਿਸ਼ੇਸ਼ ਖਾਸਾ ਹੈ। "ਸਾਖੀ ਪਰੰਪਰਾ ਵਿਚੋਂ ਕੇਵਲ ਜਨਮ ਸਾਖੀ ਬਾਲਾ ਹੀ ਸਾਨੂੰ ਗੁਰੂ ਨਾਨਕ ਪਿਤਾ ਦਾ ਜਨਮ ਕੱਤਕ ਦੀ ਪੂਰਨਮਾਸ਼ੀ ਦਾ ਦੱਸਦੀ ਹੈ ਅਤੇ ਸਾਨੂੰ ਇਸ ਅਣਹੋਏ ਸੱਚ ਨੂੰ ਸਵੀਕਾਰ ਕਰਨ ਨੂੰ ਮਜਬੂਰ ਕਰਦੀ ਹੈ। ਇਸ ਧਰਮ ਸੰਕਟ ਦਾ ਹੱਲ, ਪੂਰਨਮਾਸ਼ੀ ਵਾਲੀ ਮਿਤੀ ਨੂੰ ਕਿਸੇ ਇਕ, ਪਿਉ ਜਾਂ ਪੁੱਤਰ ਨਾਲ ਜੋੜ ਕੇ ਹੀ ਸੰਭਵ ਹੋ ਸਕਦਾ ਹੈ, ਦੋਵਾਂ ਨਾਲ ਨਹੀਂ। ਕੱਤਕ ਦੀ ਪੂਰਨਮਾਸ਼ੀ ਨੂੰ ਸ੍ਰੀ ਚੰਦ ਦੀ ਜਨਮ ਮਿਤੀ ਮੰਨਣ ਲਈ ਸਾਡੇ ਕੋਲ ਬਹੁਤ ਹੀ ਪਰਮਾਣਕ ਸਬੂਤ ਹਨ ਜੋ ਭਰੋਸੇਯੋਗ ਸਰੋਤ ਤੋਂ ਆਏ ਹੋਣ ਕਰਕੇ ਅਕੱਟ ਹਨ। ਗੁਰੂ ਨਾਨਕ ਦੇ ਬੰਸ, ਦਸਵੀਂ ਪੀੜ੍ਹੀ, ਬਾਬਾ ਸੁਖਬਾਸੀ ਨੇ ਆਪਣੇ ਖਾਨਦਾਨ ਸਬੰਧੀ ਇਕ ਗਰੰਥ 'ਨਾਨਕ ਬੰਸ ਪ੍ਰਕਾਸ਼' ਸੰਮਤ 1872 (1815 ਈ:) ਵਿਚ ਰਚਨਾ ਕੀਤੀ।

ਜਿਸ ਵਿਚ ਸਪੱਸ਼ਟ ਲਿਖਿਆ ਹੈ: ਸੁਭ ਨਖਯਤ੍ਰ ਸੁਭ ਲਗਨ ਬਰ ਕਾਤਕ ਮਾਸ ਪੁਨੀਤ॥ ਸ੍ਰੀ ਚੰਦ ਸਤਿਗੁਰ ਪ੍ਰਗਟੇ ਅਦਭੁਤ ਨਿਰਮਲ ਚੀਤ॥ ਮਤਲਬ ਸ੍ਰੀ ਚੰਦ ਕਤਕ ਦੇ ਮਹੀਨੇ ਪੂਰਨਮਾਸ਼ੀ ਨੂੰ ਪੈਦਾ ਹੋਇਆ। ਇਸੇ ਗਰੰਥ ਵਿਚ ਗੁਰੂ ਨਾਨਕ ਦਾ ਜਨਮ ਵਿਸਾਖ ਸੁਦੀ 3 ਦਾ ਦੱਸਿਆ ਹੈ: ਸੰਬਤ ਬਿਕ੍ਰਮ ਨ੍ਰਿਪਤ ਕੇ ਪੰਦ੍ਰਹ ਸਤਿ ਖਟਿ ਬੀਸ॥ ਅਖਯ-(ਸੁਦੀ) ਤੀਜ ਤਿਥਿ ਮਾਸ ਬਰ ਮਾਧਵਿ(ਵੈਸਾਖ) ਪ੍ਰਗਟੇ ਈਸ॥ ਬਾਬਾ ਸੁਖਬੰਸੀ ਭਾਈ ਬਾਲੇ ਵਾਲੀ ਜਨਮ ਸਾਖੀ ਦਾ ਸ਼ਿਕਾਰ ਹੋਣ ਦੇ ਬਾਵਜੂਦ ਵੀ ਕੱਤਕ ਦੀ ਪੂਰਨਮਾਸ਼ੀ ਦੀ ਤਰੀਕ ਨੂੰ ਕੱਟ ਕੇ ਅਸਲੀ ਜਨਮ ਤਰੀਖ ਦੇਣ ਵਿਚ ਗੁਰੇਜ਼ ਨਹੀਂ ਕਰਦਾ"। ਇਹ ਸਾਰੀ ਸੂਚਨਾ 'ਸਾਖੀ ਮਹਿਲ ਪਹਿਲੇ ਕੀ ਸਾਖੀਕਾਰ ਸੀਹਾਂ ਉਪਲ ਸੰਪਾਦਕ ਸ. ਸ. ਪਦਮ' ਦੀ ਕਿਤਾਬ ਦੇ ਪੰਨਾ 102-103 ਤੇ ਦਰਜ ਹੈ।ਜਦੋਂ ਇਹ ਸਾਰਾ ਕੁੱਝ ਵਾਪਰ ਰਿਹਾ ਸੀ ਤਾਂ ਵਿਸਨ ਸਿੰਘ ਨਾਂ ਦਾ ਇਕ ਪਰਬੁੱਧ ਇਨਸਾਨ ਵੀ ਕਾਰਜਸ਼ੀਲ ਸੀ, ਜਿਸ ਨੇ 1828 ਈ. ਵਿਚ 'ਗਿਆਨ ਰਤਨਾਵਲੀ' ਕ੍ਰਿਤ ਸੂਰਤ ਸਿੰਘ ਨੂੰ ਅਨਕੂਲ ਕੇ ਆਪਣੇ 'ਗਿਆਨ ਰਤਨਾਗਰ ਕਾਵਿ ਗਰੰਥ' ਦੀ ਰਚਨਾ ਕੀਤੀ। ਇਹ ਗਿਆਨੀ ਸੰਤ ਸਿੰਘ ਦਾ ਚੇਲਾ ਤੇ 'ਗੁਰਪ੍ਰਤਾਪ ਸੂਰਜ ਗ੍ਰੰਥ' ਵਾਲੇ ਰਾਜ ਕਵੀ ਸੰਤੋਖ ਸਿੰਘ ਦਾ ਗੁਰਭਾਈ ਸੀ, ਪਰ ਆਪਣੇ ਆਪ ਨੂੰ ਸੂਰਤ ਸਿੰਘ ਦਾ ਪੋਤਰਾ ਚੇਲਾ ਦੱਸਣ ਵਿਚ ਵਧੇਰੇ ਮਾਣ ਮਹਿਸੂਸ ਕਰਦਾ ਸੀ। ਉਸ ਦੀ ਵੀ ਸੁਣੋ, ਸੰਤੋਖ ਸਿੰਘ ਅਤੇ ਉਸ ਦੇ ਪੁਰਾਣੇ ਜਾਂ ਅਧੁਨਿਕ ਪਾਛੂਆਂ ਨੇ ਭਾਵੇਂ ਨਹੀਂ ਸੁਣੀ:

"ਜਬ ਹੰਦਾਲ ਸੁਰ ਲੋਕ ਪਧਾਰਾ।
ਬਿਧੀ ਚੰਦ ਸੁਤ ਸਕਤੀਵਾਰਾ।
ਲਈ ਮਹੰਤੀ ਸਿਖ ਬਣਾਏ।
ਤੁਰਕਨ ਕੀ ਗਨਕਾ ਇਕ ਗਾਇ।
ਸੋ ਆਪਣੇ ਗ੍ਰਹ ਆਨ ਵਸਾਈ।
ਤਬ ਵਰਤਨ ਤਜ ਦੀਨ ਲੁਕਾਈ।
ਬਿਧੀ ਚੰਦ ਮਵੋਤ ਪ੍ਰਸੰਗਾ।
ਲਿਖੇ ਗੁਰ ਧਾਰੀ ਹਿਤ ਸੰਗਾ।
ਆਗੇ ਗੁਰ ਕੀ ਸਾਖੀ ਨਾਹੀ।
ਰਚੀ ਨਿੰਦਾ ਬਿਧ ਬਹੁਤ ਬਨਾਈ।
ਬਾਲੇ ਅੰਗਦ ਕੋ ਧਰ ਨਾਮਾ।
ਪ੍ਰਥਮੇ ਹੀ ਝੂਠਾ ਕੀਓ ਕਾਮਾ।
ਪੰਦ੍ਰਹ ਸਹਸ ਪਚਾਸੀ ਮਾਹੀ।
ਪੰਚਮ ਥਿਤ ਬੈਸਾਖ ਕੀ ਆਹੀ।
ਪੈੜੇ ਮੋਖੇ ਲਿਖੀ ਬਨਾਈ।
ਗੁਰ ਅੰਗਦ ਗੁਰ ਮਿਲੇ ਨ ਭਾਈ"।

ਜੋ ਕੂੜ ਰਾਜ ਕਵੀ ਸੰਤੋਖ ਸਿੰਘ ਨੇ ਆਪਣੇ 'ਗੁਰ ਪ੍ਰਤਾਪ ਸੂਰਜ ਗ੍ਰੰਥ' ਵਿਚ 'ਬਾਲਾ ਬਲੱਫ' ਤੋਂ ਪ੍ਰਭਾਵਤ ਹੋ ਕੇ ਵਾੜਿਆ ਜਾਂ ਵਾੜਿਆ ਗਿਆ ਉਸ ਦਾ ਅਤੇ ਭਾਈ ਬਿਧੀ ਚੰਦ ਵਲੋਂ ਆਪਣੀ ਬੁਰਿਆਈ ਨੂੰ ਛਪਾਉਣ ਲਈ ਜੋ ਗੁਰੂ ਨਾਨਕ ਸਾਹਿਬ ਦਾ ਚ੍ਰਿਤਰ-ਘਾਤ ਕੀਤਾ ਗਿਆ ਹੈ ਉਸ ਨੂੰ ਭਾਈ ਵਿਸਨ ਸਿੰਘ ਨੇ ਆਪਣੀ ਉਪਰਲੀ ਕਵਿਤਾ ਵਿਚ ਨੰਗਾ ਕੀਤਾ ਹੈ। ਹੁਣ ਫੈਸਲਾ ਸਿੱਖ ਕੌਮ ਨੇ ਕਰਨਾ ਹੈ ਕਿ ਉਹ ਗੁਰੂ ਦਾ ਗੁਰਪੁਰਬ ਅਸਲੀ ਤਰੀਕ, ਵੈਸਾਖ ਸੁਦੀ ਤੀਜ, ਨੂੰ ਮਨਾਉਣਾ ਚਾਹੁੰਦੀ ਹੈ ਜਾਂ ਫਿਰ 'ਬਾਲਾ ਬਲੱਫ' ਦੀ ਵਰਤਾਈ ਹੋਈ ਨਕਲੀ ਤਰੀਕ, "ਕੱਤਕ ਦੀ ਪੂਰਨਮਾਸੀ" ਨੂੰ ਹੀ ਕੜ੍ਹੀ ਘੋਲਣਾ ਚਾਹੁੰਦੀ ਹੈ।

**ਗੁਰੂ ਦੇ ਪੰਥ ਦਾ ਦਾਸ,**
**ਗੁਰਚਰਨ ਸਿੰਘ ਜਿਉਣ ਵਾਲਾ**
**# + 1647 966 3132**

## ਅਮਰੀਕਾ ਵਿੱਚ 44 ਫੀਸਦ ਟਰੱਕਿੰਗ ਸਕੂਲ ਸਰਕਾਰੀ ਨਿਯਮਾਂ ਦੀ ਪਾਲਣਾ ਨਹੀਂ ਕਰਦੇ: ਟਰਾਂਸਪੋਰਟੇਸ਼ਨ ਵਿਭਾਗ

ਵਾਸ਼ਿੰਗਟਨ:-ਅਮਰੀਕੀ ਸਰਕਾਰ ਦੁਆਰਾ ਦੇਸ਼ ਭਰ ਵਿੱਚ ਸੂਚੀਬੱਧ 16,000 ਟਰੱਕ ਡਰਾਈਵਿੰਗ ਪ੍ਰੋਗਰਾਮਾਂ ਵਿੱਚੋਂ ਲਗਭਗ 44% ਨੂੰ ਬੰਦ ਕਰਨ ਲਈ ਮਜਬੂਰ ਕੀਤਾ ਜਾ ਸਕਦਾ ਹੈ ਕਿਉਂਕਿ ਫੈਡਰਲ ਟਰਾਂਸਪੋਰਟੇਸ਼ਨ ਵਿਭਾਗ ਦੁਆਰਾ ਇੱਕ ਸਮੀਖਿਆ ਦੌਰਾਨ ਇਹ ਪਾਇਆ ਗਿਆ ਕਿ ਉਹ ਨਿਯਮਾਂ ਦੀ ਪਾਲਣਾ ਨਹੀਂ ਕਰਦੇ।

ਟਰਾਂਸਪੋਰਟੇਸ਼ਨ ਵਿਭਾਗ ਨੇ ਸੋਮਵਾਰ ਨੂੰ ਕਿਹਾ ਕਿ ਉਹ ਲਗਭਗ 3,000 ਸਕੂਲਾਂ ਦੀ ਪ੍ਰਮਾਣਿਕਤਾਰੱਦ ਕਰਨ ਦੀ ਯੋਜਨਾ ਬਣਾ ਰਿਹਾ ਹੈ ਇਨ੍ਹਾਂ ਸਕੂਲਾਂ ਨੂੰ ਵਿਦਿਆਰਥੀਆਂ ਨੂੰ ਸੂਚਿਤ ਕਰਨਾ ਚਾਹੀਦਾ ਹੈ ਕਿ ਉਨ੍ਹਾਂ ਦੀ ਪ੍ਰਮਾਣਿਕਤਾ ਖ਼ਤਰੇ ਵਿੱਚ ਹੈ। ਹੋਰ 4,500 ਸਕੂਲਾਂ ਨੂੰ ਚੇਤਾਵਨੀ ਦਿੱਤੀ ਜਾ ਰਹੀ ਹੈ ਕਿ ਉਨ੍ਹਾਂ ਨੂੰ ਵੀ ਅਜਿਹੀ ਕਾਰਵਾਈ ਦਾ ਸਾਹਮਣਾ ਕਰਨਾ ਪੈ ਸਕਦਾ ਹੈ।ਦੱਸ ਦਈਏ ਕਿ ਜਿਹੜੇ ਸਕੂਲ ਪ੍ਰਮਾਣਿਕਤਾ ਗੁਆ ਦਿੰਦੇ ਹਨ, ਉਹ ਡਰਾਈਵਰ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਲੋੜੀਂਦੀ ਸਿਖਲਾਈ ਪੂਰੀ ਕਰਨ ਦਾ ਸਰਟੀਫਿਕੇਟ ਜਾਰੀ ਕਰਨ ਦੇ ਯੋਗ ਨਹੀਂ ਹੋਣਗੇ, ਇਸ ਲਈ ਵਿਦਿਆਰਥੀਆਂ ਦੇ ਉਨ੍ਹਾਂ ਸਕੂਲਾਂ ਨੂੰ ਛੱਡਣ ਦੀ ਸੰਭਾਵਨਾ ਹੈ। ਇਹ ਸਪੱਸ਼ਟ ਨਹੀਂ ਹੈ ਕਿ ਇਨ੍ਹਾਂ ਵਿੱਚੋਂ ਕਿੰਨੇ ਸਕੂਲ ਸਰਗਰਮੀ ਨਾਲ ਵਿਦਿਆਰਥੀਆਂ ਨੂੰ ਪੜ੍ਹਾ ਰਹੇ ਹਨ।

## ਹੋਮਲੈਂਡ ਸਕਿਓਰਿਟੀ ਸੈਕਟਰੀ ਵੱਲੋਂ ਅਮਰੀਕਾ 'ਚ ਵਿਆਪਕ ਯਾਤਰਾ ਪਾਬੰਦੀ ਦੀ ਸਿਫਾਰਸ਼

ਵਾਸ਼ਿੰਗਟਨ- ਹੋਮਲੈਂਡ ਸਕਿਓਰਿਟੀ ਸੈਕਟਰੀ ਕ੍ਰਿਸਟੀ ਨੋਏਮ ਨੇ ਐਲਾਨ ਕੀਤਾ ਕਿ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਮੁਲਾਕਾਤ ਤੋਂ ਬਾਅਦ, ਉਹ ਹਰ ਉਸ ਦੇਸ਼ 'ਤੇ ਵਿਆਪਕ ਯਾਤਰਾ ਪਾਬੰਦੀ ਦੀ ਸਿਫਾਰਸ਼ ਕਰ ਰਹੀ ਹੈ, ਜਿਸਦਾ ਉਹ ਦਾਅਵਾ ਕਰਦੀ ਹੈ ਕਿ ਉਹ ਖਤਰਨਾਕ ਪ੍ਰਵਾਸੀਆਂ ਨੂੰ ਸੰਯੁਕਤ ਰਾਜ ਅਮਰੀਕਾ ਭੇਜ ਰਹੇ ਹਨ। ਨੋਏਮ ਨੇ ਇਹ ਐਲਾਨ ਐਕਸ 'ਤੇ ਇੱਕ ਭੜਕੀਲੀ ਪੋਸਟ ਵਿਚ ਕੀਤਾ, ਕੁਝ ਪ੍ਰਵਾਸੀਆਂ ਨੂੰ "ਕਾਤਲ" ਅਤੇ "ਜੋਂਕ" ਵਜੋਂ ਨਿੰਦਾ ਕੀਤੀ। ਨੋਏਮ ਨੇ ਕਿਹਾ, "ਮੈਂ ਰਾਸ਼ਟਰਪਤੀ ਨਾਲ ਮੁਲਾਕਾਤ ਕੀਤੀ। ਮੈਂ ਹਰ ਉਸ ਦੇਸ਼ 'ਤੇ ਪੂਰੀ ਯਾਤਰਾ ਪਾਬੰਦੀ ਦੀ ਸਿਫਾਰਸ਼ ਕਰ ਰਹੀ ਹਾਂ, ਜੋ ਸਾਡੇ ਦੇਸ਼ ਨੂੰ ਕਾਤਲਾਂ, ਜੋਂਕਾਂ ਨਾਲ ਭਰ ਰਿਹਾ ਹੈ।" ਉਸਨੇ ਕੁਝ ਪ੍ਰਵਾਸੀਆਂ ਨੂੰ ਜਨਤਕ ਸੁਰੱਖਿਆ ਲਈ ਖ਼ਤਰਾ ਦੱਸਿਆ ਅਤੇ ਉਨ੍ਹਾਂ 'ਤੇ ਅਮਰੀਕੀਆਂ ਲਈ ਸਰੋਤਾਂ ਨੂੰ ਖਤਮ ਕਰਨ ਦਾ ਦੋਸ਼ ਲਗਾਇਆ। ਕਥਿਤ ਵਾਸ਼ਿੰਗਟਨ ਡੀ.ਸੀ. ਸ਼ੂਟਰ ਅਫਗਾਨ ਪੁਨਰਵਾਸ ਧੱਕੇ ਦੇ ਤਹਿਤ ਅਮਰੀਕਾ ਵਿਚ ਦਾਖਲ ਹੋਇਆ।ਡੀ.ਐੱਚ.ਐੱਸ. ਸਕੱਤਰ ਕ੍ਰਿਸਟੀ ਨੋਏਮ ਨੇ ਅਮਰੀਕਾ ਵਿਚ ਖਤਰਨਾਕ ਪ੍ਰਵਾਸੀਆਂ ਨੂੰ ਭੇਜਣ ਵਾਲੇ ਦੇਸ਼ਾਂ 'ਤੇ ਵਿਆਪਕ ਯਾਤਰਾ ਪਾਬੰਦੀ ਦਾ ਐਲਾਨ ਕੀਤਾ। ਉਸ ਨੇ ਕਿਹਾ, "ਸਾਡੇ ਪੁਰਖਿਆਂ ਨੇ ਇਸ ਦੇਸ਼ ਨੂੰ ਖੂਨ, ਪਸੀਨੇ ਅਤੇ ਆਜ਼ਾਦੀ ਦੇ ਅਟੱਲ ਪਿਆਰ 'ਤੇ ਬਣਾਇਆ - ਵਿਦੇਸ਼ੀ ਹਮਲਾਵਰਾਂ ਲਈ ਨਹੀਂ ਕਿ ਉਹ ਸਾਡੇ ਨਾਇਕਾਂ ਦਾ ਕਤਲ ਕਰਨ, ਸਾਡੇ ਮਿਹਨਤ ਨਾਲ ਕਮਾਏ ਟੈਕਸ ਡਾਲਰਾਂ ਨੂੰ ਜਾਂ ਅਮਰੀਕੀਆਂ ਨੂੰ ਮਿਲਣ ਵਾਲੇ ਲਾਭਾਂ ਨੂੰ ਖੋਹਣ।

## Over 30 Years of Industry Experience

# MULTANI LAW GROUP

ਆਪਣੀ ਪ੍ਰੇਸ਼ਾਨੀ ਨੂੰ ਘਟਾਉਣ, ਆਪਣਾ ਹੱਕ ਲੈਣ ਅਤੇ ਆਪਣੀ ਜ਼ਿੰਦਗੀ ਨੂੰ ਸਹੀ ਰਸਤੇ ਤੇ ਲਿਆਉਣ ਲਈ ਸਾਡੇ ਨਾਲ ਸੰਪਰਕ ਕਰੋ



Gerald F. Robison
Senior Attorney

MULTANI LAW GROUP

**Jashan Multani**

**206-243-4219**



Jashan Multani
Associate Partner

## ਅਸੀਂ ਭਰੋਸੇਯੋਗ ਕਾਨੂੰਨੀ ਸਲਾਹ ਪ੍ਰਦਾਨ ਕਰਦੇ ਹਾਂ

**Services we provide:**

- Immigration/Political Asylum
  U-Visa, Vawa,
- SIJ Guardianship Cases
- Car Accidents/Personal Injury
- Evictions

ਅਸੀਂ ਇਹ ਸੇਵਾਵਾਂ ਪ੍ਰਦਾਨ ਕਰਦੇ ਹਾਂ

-ਇੰਮੀਗਰੇਸ਼ਨ/ਪੁਲਿਟੀਕਲ ਅਸਾਈਲਮ,
ਯੂ-ਵੀਜਾ, ਵਾਅਵਾ,
-SIJ ਗਾਰਡੀਅਨਸ਼ਿਪ ਕੇਸ
-ਕਾਰ ਐਕਸੀਡੈਂਟ/ਪ੍ਰਸਨਲ ਇਨਜਰੀ
-ਕਿਰਾਏਦਾਰ ਕੱਢਣਾ

**Website:multanilawgroup.com**

**Email:Jashan@multanilawgroup.com**

***Add: 512 West Meeker St, Kent, WA 98032***

ਸਿਆਟਲ ਨਿਵਾਸੀਆਂ ਦਾ ਜਾਨਿਆਂ ਪਹਿਚਾਨਿਆਂ ਤੇ ਭਰੋਸੇਮੰਦ

# USA TRAVEL

## FLY from Seattle to India

**We Represent All Major Airlines**

TURKISH AIRLINES

QATAR AIRWAYS القطرية

DELTA

Emirates

Lufthansa



Lowest Fare Guaranteed

**We will beat any fare given in Kent/Seattle Area by Any Travel Agency**

24 Hr Emergency
Call Amit Juneja: 206-992-2724



*Now 2 Locations To Serve You*

23609 104th Ave SE #101, Kent WA 98031
Ph: 253-867-0450 | 253-867-0451
1729 208th St Suite #202, Bothell WA 98012
Ph: 425-420-1888 | 425-420-1889
Email: info@usatravelguru.com
Website: www.usatravelguru.com

## *India Special FARES*

**USA Travel Services is your one-stop shop for all of your travel needs.**

- Power of Attorney,
- Affidavits, Passports,
- Renunciations
- OCI • Notary Public •
- Translation - Hindi / Punjabi
- Uk & India Online Visa Available

- ਮੁਖਤਿਆਰਨਾਮਾ,
- ਐਫੀਡੇਵਿਟ, ਪਾਸਪੋਰਟ,
- ਓ.ਸੀ.ਆਈ.
- ਨੋਟਰੀ ਪਬਲਿਕ
- ਪੰਜਾਬੀ ਇੰਗਲਿਸ਼ ਦੀ ਟ੍ਰਾਂਸਲੇਸ਼ਨ
- ਇੰਡੀਆ ਦਾ ਵੀਜ਼ਾ ਅਤੇ ਪਾਸਪੋਰਟ ਬਣਵਾਉ



OPEN 6 DAYS A WEEK,
TUESDAY CLOSED


OPENING HOURS
Lunch hours from 11am -2:30pm
Dinner Hours from 5pm-9pm, Last Seating is 8:30pm

The Only True Punjabi (Indian) Vegetarian In Renton

New Pabla Ready To Eat Frozen Cuisine Available

Renton Location has Full Grocery Store & Sweet Shop
East Indian Spices, Dairy Products,

ਤੁਸੀਂ ਇਥੋਂ ਤਾਜਾ ਸਵਾਦਲੀਆਂ ਮਠਿਆਈਆਂ ਖਰੀਦ ਸਕਦੇ ਹੋ



ਪਾਬਲਾ ਇੰਡੀਅਨ ਕੁਜ਼ੀਨ ਦੀ ਰੈਂਟਨ ਵਾਲੀ ਲੋਕੇਸ਼ਨ ਤੋਂ ਤੁਸੀਂ ਹਰ ਤਰ੍ਹਾਂ ਦੀ ਭਾਰਤੀ ਗਰੋਸਰੀ, ਮਿਠਾਈ, ਇੰਡੀਅਨ ਮਸਾਲੇ ਡੇਅਰੀ ਲੈ ਸਕਦੇ ਹੋ।

# Pabla Indian Cuisine

Phone: 425-228-4625 Fax: 425-228-4629
Serving Washington for 27 years.
www.pablacuisine.com
pablacuisine@gmail.com

# Space Available for your Ad

ਪੰਜਾਬ ਗਾਰਡੀਅਨ ਨਾਲ
ਐਡ ਪਾਉ ਅਤੇ ਆਪਣਾ
ਬਿਜ਼ਨਸ ਵਧਾਓ



ਪੰਜਾਬ ਗਾਰਡੀਅਨ
PUNJAB GUARDIAN
www.punjabguardian.com


Call to Advertise 604-590-5200

# PABLA PUNJABI PALACE

2nd Location Now Open in Federal Way, WA
2020 S 314th St, Federal Way, WA 98003 (Hillside Plaza)
• Marriage Parties • Birthday Parties • Mehndi Parties • Business Meetings • Any Kind Of Functions

Specials: Take out 7 Days a week
DJ, Dance Floor, Catering for
All Occasions, Big TV Screens & Family Atmosphere

Seating for 1200 people



ਹੁਣ ਤੁਸੀਂ ਇਸ ਲੋਕੇਸ਼ਨ ਤੋਂ ਇੰਡੀਅਨ ਗਰੌਸਰੀ ਅਤੇ ਮਠਿਆਈਆਂ ਵੀ ਲੈ ਸਕਦੇ ਹੋ

For booking your event Please call Jas pabla At
Ph: 206-769-5559
Email: pablajas@yahoo.com

# PIZZA STATION

15300 33rd Ave S. Suite130, Seatac WA

10% Off All Orders

ਇਥੋਂ ਤੁਸੀਂ ਤਾਜੇ ਅਦਰਕ ਧਨੀਏ ਵਾਲੇ ਪੀਜੇ ਦੇ ਨਾਲ-ਨਾਲ ਭਾਰਤੀ ਗਰੌਸਰੀ ਵੀ ਬਹੁਤ ਘੱਟ ਕੀਮਤਾਂ ਤੇ ਖਰੀਦ ਸਕਦੇ ਹੋ।



PH:206-644-4133

Sun to Thurs: 10 am-10 pm
Fri/Sat: 10 am to 11pm
Email:info@pizzastationwa.com

# Boulevard Market



ਇੰਡੀਅਨ ਗਰੌਸਰੀ ਅਤੇ ਤਾਜੀਆਂ ਸਬਜੀਆਂ/ਫਲਾਂ ਦਾ ਸਟੋਰ ਜਿੱਥੋਂ ਤੁਸੀਂ ਸਭ ਤੋਂ ਘੱਟ ਕੀਮਤਾਂ ਤੇ ਬਹੁਤ ਹੀ ਸਾਫ ਸੁਥਰੀਆਂ ਦਾਲਾਂ ਅਤੇ ਤਾਜੀਆਂ ਸਬਜੀਆਂ, ਹਰ ਪ੍ਰਕਾਰ ਦੀ ਗਰੌਸਰੀ ਖਰੀਦ ਸਕਦੇ ਹੋ, ਸਬਜੀਆਂ ਤੇ ਫਲ ਫਰੂਟ ਹਰ ਰੋਜ ਤਾਜੇ ਮੰਗਵਾਏ ਜਾਂਦੇ ਹਨ।

Opening Hours: 9 am to 9 pm (7Days Week)

PH:206-644-4010

# TEAM ARMY

## REAL ESTATE

Specialties:Buyers's Agent
Listing Agent-Short Sale
*RESIDENTIAL *COMMERCIAL

ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ ਹਮੇਸ਼ਾਂ ਯਾਦ ਰੱਖੋ।

Maj Parminder (Pari) Mann
Ex Indian Army

SKYLINE PROPERTIES, INC



Cell:425-499-9704
email:parimann@gmail.com

## MORTGAGE

Specialties:Loan Specialist
Many Financing Options Available
*RESIDENTIAL *COMMERCIAL

ਕਿਸੇ ਵੀ ਤਰ੍ਹਾਂ ਦੀ ਕਮਰਸ਼ੀਅਲ ਜਾਂ ਰੈਜੀਡੈਂਸ਼ੀਅਲ ਪ੍ਰਾਪਰਟੀ ਖਰੀਦਣ ਜਾਂ ਰੀਫਾਇਨੈਂਸਿੰਗ ਲਈ ਕਿਸੇ ਵੀ ਤਰ੍ਹਾਂ ਦੀ ਮੌਰਗੇਜ ਲੈਣ ਲਈ ਯਾਦ ਰੱਖੋ



Col Navtej Nijjar
NMLS 1484258
LA Financial Services
Cell:206-334-4035
email:nijjar.n@gmail.com

JAG'S PIZZA

ਇੰਡੀਅਨ ਸਟਾਈਲ ਪੀਜ਼ਾ
ਮੈਰਿਸਵੈੱਲ ਵਿਚ
ਜਿੱਥੇ ਤੁਹਾਡੇ ਸਵਾਦ ਅਨੁਸਾਰ ਵਧੀਆ
ਅਦਰਕ ਧਨੀਆ ਵਾਲੇ ਮਸਾਲੇਦਾਰ ਤੰਦੂਰੀ ਚਿਕਨ,
ਬਟਰ ਚਿਕਨ, ਕੜਾਹੀ ਚਿਕਨ, ਸ਼ਾਹੀ ਪਨੀਰ,
ਤੰਦੂਰੀ ਪਨੀਰ, ਕੜਾਹੀ ਪਨੀਰ ਅਤੇ ਹਰ ਤਰ੍ਹਾਂ ਦੇ ਵੈਜੀਟੇਰੀਅਨ ਪੀਜ਼ੇ ਬਣਾਏ ਜਾਂਦੇ ਹਨ

PH:360-386-9508
5830 B, Grove St, Marysville, WA
(Inside Shell Gas Station Plaza)
www.jagspizza.com
OPEN 7 DAYS A WEEK SUNDAY TO THURSDAY:11AM TO 10PM
FRIDAY & SATURDAY:11AM TO 11.30PM

NEW CENTURY TRANSPORT LLC

WE ARE URGENTLY HIRING TEAMS TO RUN FROM WASHINTON TO CALIFORNIA

- Dedicated, steady, year-round work
- Drop and hooks lanes
- 100% no-touch freight
- Mostly light loads
- Payment 15th & 31st directly into your bank
- Up to dollar off per gallon fuel discounts
- Monthly safety bonuses & training



Apply online or call us now at :
www.nctrans.net/owner-operator.php
Call: 206-858-8490

AUBURN'S MAIN SUPERMARKET
INDIAN GROCERIES-LIQUOR-WINE
1119E Main St. Auburn, WA 98002
Store hours: Mon-Sat: 8:00 AM - 10:00 PM Sun: 8:00 AM - 9:00 PM
Lowest Prices in Town WIDE VARIETY OF FROZEN FOOD
When you spend $50 or more,get 5% discount
When you spend $100 or more,get 10% discount Discount only apply to Indian Grocery
Apple Farm Paneer $3.99/Lb
Fresh Sugarcane Juice
Natural Energy Drink Refresh Your Power
PANI PURI
Fresh Smoothies
FREE PANI-PURI FRI-SUN (12PM 5PM) ONLY 4 Pani Puri/CUSTOMER
ALL KINDS OF HOUSEHOLD UTENSILS (BARTAN) AVAILABLE
BLANKETS ARE ALSO AVAILABILE IN KING, QUEEN, TWIN SIZES
Fresh SugarCane Juice Everyday
Ph:253-249-7430, Cell:253-205-9981
www.auburnsmainsupermarket.com *All prices are marked down

Ready to grow your business?
Count on us for solutions.
BANNER BANK
Gifty Singh
Bellevue
400 112th Ave NE
206–909–5226
bannerbank.com Member FDIC

HG TAX AND ACCOUNTING
25228 104th AVE SE Suite 103 Kent, WA 98030
IT'S TIME TO SAVE ON YOUR TAXES
OPEN M-F: 10 AM to 6 PM
SAT: 11 AM to 4 PM
SUN: By Appointment
Harpreet Singh, J.D. (253) 202-4516

WEST CAPITAL LENDING
YOUR PREFFERRED LOCAL LENDER
- ਪੰਜਾਬੀ ਕਮਿਊਨਿਟੀ ਲਈ ਬੇਹਤਰ ਸੇਵਾਵਾਂ
- ਪਹਿਲੀ ਵਾਰ ਘਰ ਖਰੀਦਣ ਵਾਲਿਆਂ ਲਈ ਮੱਦਦ
- ਗੈਸ ਸਟੇਸ਼ਨ, ਹੋਟਲ, ਮੋਟਲ, ਰੈਸਟੋਰੈਂਟਾਂ ਤੇ ਹੋਰ ਛੋਟੇ ਬਿਜ਼ਨਸਾਂ ਲਈ ਵੀ ਅਸੀਂ ਮੌਰਗੇਜ ਦਾ ਪ੍ਰਬੰਧ ਕਰਦੇ ਹਾਂ

-CONVENTIONAL -FHA -VA Loans -30YR/15YR/10YR FIXED -DSCR -P&L -30 DAY SOFR ARM -1099 PROGRAM -7/6 SOFR ARMS -LOT/CUSTOM CONSTRUCTION LOAN AVAILABLE -24/12 BANK STATEMENT LOANS
ਮੌਰਗੇਜ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਮੱਦਦ ਜਾਂ ਜਾਣਕਾਰੀ ਲੈਣ ਲਈ ਮੇਰੇ ਨਾਲ ਸੰਪਰਕ ਕਰੋ
ਘੱਟ ਰੇਟਾਂ ਦੀ ਗਰੰਟੀ
KESSHAV SHARMA
BRANCH MANAGER
WEST CAPITAL LENDING
Call/text (425) 239-4517
ksharma@westcapitallending.com
westcapitallending.com
NMLS# 2468293 I NMLS# 1566096 I DRE# 02022356
24 Executive Park, Ste 250 Irvine, CA 92614

LANCER TRUCKING LLC
21307-116TH AVE SE, KENT, WA 98031-2206
Running all across United States



Privately owned transportation company that specialized in truckload, less than truckload (LTL) and expedited service with the most competitive rates, quality service. Let us handle your load.
Ph:206-849-1313

ਵਾਸ਼ਿੰਗਟਨ ਦਾ ਸਭ ਤੋਂ ਵੱਡਾ ਇੰਡੀਅਨ ਗਰੌਸਰੀ ਸਟੋਰ
ਇਥੋਂ ਤੁਸੀਂ ਹਰ ਤਰ੍ਹਾਂ ਦੀ ਇੰਡੀਅਨ, ਨੇਪਾਲੀ, ਫਿਜੀ, ਮਿਡਲ ਈਸਟਰਨ, ਏਸ਼ੀਅਨ ਗਰੌਸਰੀ ਲੈ ਸਕਦੇ ਹੋ
GROCERY SINGH
SAT SRI AKAL
LIQUOR - WINE BEER AVAILABLE
ਇੱਥੇ ਫਰੈੱਸ਼ ਪ੍ਰੋਡਿਊਸ, ਮੀਟ, ਮਠਿਆਈਆਂ ਤੇ ਹੋਰ ਬਹੁਤ ਕੁਝ ਉਪਲਬਧ ਹੈ
We Accept EBT Benefits SNAP
Now HIRING
ਸਾਨੂੰ ਕੰਮ ਕਰਨ ਲਈ ਵਰਕਰਾਂ ਦੀ ਲੋੜ ਹੈ
1825 BROADWAY, EVERETT WA 98201
425-374-7550 / 206-786-0870